ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

https://youtu.be/LQwolgxDu7I

awazeqaumtvpunjab@gmail.com

ਸ਼ਨੀਵਾਰ, 4 ਜੁਲਾਈ 2026 (ਨਾਨਕਸ਼ਾਹੀ ਸੰਮਤ : ੫੫੮, ੨੦ ਹਾੜ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਹਿੰਦੂ, ਮੁਸਲਿਮ, ਸਿੱਖ, ਈਸਾਈ...ਭਾਰਤ ਤੋਂ ਪਹੁੰਚੇ ਧਰਮ ਗੁਰੂਆਂ ਨੇ ਈਰਾਨੀ ਸੁਪਰੀਮ ਲੀਡਰ ਖਮੇਨੀ ਨੂੰ ਦਿੱਤੀ ਸ਼ਰਧਾਂਜਲੀ

**ਤਹਿਰਾਨ, 3 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਈਰਾਨ ਦੇ ਸੁਪਰੀਮ ਲੀਡਰ ਅਯਾਤੁੱਲਾ ਅਲੀ ਖਮੇਨੀ ਦੇ ਅੰਤਿਮ ਸੰਸਕਾਰ ਪ੍ਰੋਗਰਾਮਾਂ ਦੀ ਸ਼ੁਰੂਆਤ ਹੋ ਚੁੱਕੀ ਹੈ ਅਤੇ ਦੁਨੀਆ ਭਰ ਦੇ ਪ੍ਰਤੀਨਿਧੀ ਉਨ੍ਹਾਂ ਨੂੰ ਸ਼ਰਧਾਂਜਲੀ ਦੇਣ ਲਈ ਈਰਾਨ ਪਹੁੰਚ ਰਹੇ ਹਨ। ਭਾਰਤ ਤੋਂ ਇੱਕ ਵਿਸ਼ੇਸ਼ ਵਫ਼ਦ ਤੇਹਰਾਨ ਪਹੁੰਚਿਆ ਹੈ, ਜਿਸ ਵਿੱਚ ਹਿੰਦੂ, ਮੁਸਲਿਮ, ਸਿੱਖ ਅਤੇ ਈਸਾਈ ਧਰਮਾਂ ਦੇ ਆਗੂ ਸ਼ਾਮਲ ਹਨ। ਈਰਾਨੀ ਦੂਤਾਵਾਸ ਵੱਲੋਂ ਜਾਰੀ ਤਸਵੀਰਾਂ ਵਿੱਚ ਪਗੜੀਧਾਰੀ ਸਿੱਖ ਧਰਮ ਗੁਰੂ ਅਤੇ ਕੇਸਰੀ ਪਹਿਰਾਵੇ ਵਾਲੇ ਹਿੰਦੂ ਗੁਰੂ ਖਮੇਨੀ ਨੂੰ ਖ਼ਿਰਾਜ-ਏ-ਅਕੀਦਤ ਮਤਲਬ ਸ਼ਰਧਾਂਜਲੀ ਦਿੰਦੇ ਨਜ਼ਰ ਆਏ ਹਨ। ਇਸ ਮੌਕੇ ਭਗਵਾ ਕੱਪੜੇ ਪਹਿਨੇ ਇਕ ਭਾਰਤੀ ਸੰਤ ਵੀ ਨਜ਼ਰ ਆਏ। ਇਹ ਸੰਤ ਸਵਾਮੀ ਸਾਰੰਗ ਮੋਹਿਲੇ ਹਨ ਅਤੇ ਲੋਕ ਉਨ੍ਹਾਂ ਨੂੰ ਸਵਾਮੀ ਸਾਰੰਗ ਵੀ ਕਹਿੰਦੇ ਹਨ। ਧਾਰਮਿਕ ਆਗੂਆਂ ਦੇ ਨਾਲ-ਨਾਲ ਭਾਰਤੀ ਰਾਜਨੀਤਿਕ ਹਲਕਿਆਂ ਤੋਂ ਵੀ ਵੱਡੀਆਂ ਸ਼ਖਸੀਅਤਾਂ ਤੇਹਰਾਨ ਪਹੁੰਚੀਆਂ ਹਨ। ਜੰਮੂ-ਕਸ਼ਮੀਰ ਦੀ ਸਾਬਕਾ ਮੁੱਖ ਮੰਤਰੀ ਮਹਿਬੂਬਾ ਮੁਫਤੀ ਅਤੇ ਕਾਂਗਰਸੀ ਆਗੂ ਸਲਮਾਨ ਖੁਰਸ਼ੀਦ ਨੇ ਵੀ ਸੁਪਰੀਮ ਲੀਡਰ ਨੂੰ ਸ਼ਰਧਾਂਜਲੀ ਦਿੱਤੀ। ਮਹਿਬੂਬਾ ਮੁਫਤੀ ਇਸ ਮੌਕੇ ਕਾਫ਼ੀ ਭਾਵੁਕ ਨਜ਼ਰ ਆਈ ਅਤੇ ਉਨ੍ਹਾਂ ਨੇ ਖਮੇਨੀ ਨੂੰ ਲਹਿਰਾਂ ਦੇ ਖਿਲਾਫ ਲੜਨ ਵਾਲਾ ਮਸੀਹਾ ਕਰਾਰ ਦਿੱਤਾ। ਈਰਾਨ ਨੇ ਅੰਤਿਮ ਸੰਸਕਾਰ ਪ੍ਰੋਗਰਾਮ ਦੀ ਸ਼ੁਰੂਆਤ ਲਈ 4 ਜੁਲਾਈ ਦਾ ਦਿਨ ਚੁਣਿਆ ਹੈ, ਜੋ ਕਿ ਅਮਰੀਕਾ ਦਾ ਆਜ਼ਾਦੀ ਦਿਹਾੜਾ ਹੈ। ਮਾਹਿਰ ਇਸ ਨੂੰ ਅਮਰੀਕਾ ਲਈ ਇੱਕ ਸਖ਼ਤ ਸੰਕੇਤ ਵਜੋਂ ਦੇਖ ਰਹੇ ਹਨ।

## ਖੱਡ 'ਚ ਡਿੱਗੀ ਯਾਤਰੀਆਂ ਨਾਲ ਭਰੀ ਬੱਸ

# 40 ਲੋਕਾਂ ਦੀ ਮੌਤ, ਕਈ ਜ਼ਖ਼ਮੀ

**ਪਿਸ਼ਾਵਰ, 3 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਪਾਕਿਸਤਾਨ ਤੋਂ ਇਕ ਵੱਡੀ ਖ਼ਬਰ ਸਾਹਮਣੇ ਆਈ ਹੈ। ਉੱਤਰ-ਪੱਛਮੀ ਪਾਕਿਸਤਾਨ ਦੇ ਖੈਬਰ ਪਖਤੂਨਖਵਾ ਵਿੱਚ ਯਾਤਰੀਆਂ ਨਾਲ ਭਰੀ ਬੱਸ ਦੇ ਖੱਡ ਵਿੱਚ ਡਿੱਗ ਪਈ ਹੈ। ਇਸ ਹਾਦਸੇ ਵਿਚ ਔਰਤਾਂ ਅਤੇ ਬੱਚਿਆਂ ਸਮੇਤ ਘੱਟੋ-ਘੱਟ 40 ਲੋਕਾਂ ਦੀ ਮੌਤ ਹੋ ਗਈ। ਅਧਿਕਾਰੀਆਂ ਨੇ ਇਸ ਸਬੰਧੀ ਜਾਣਕਾਰੀ ਦਿੱਤੀ।



ਇਹ ਘਟਨਾ ਉਦੋਂ ਵਾਪਰੀ, ਜਦੋਂ ਪੇਸ਼ਾਵਰ ਜਾਣ ਵਾਲੀ ਬੱਸ ਬਲੋਚਿਸਤਾਨ ਦੇ ਸ਼ੇਰਾਨੀ ਜ਼ਿਲ੍ਹੇ ਨੂੰ ਪਾਰ ਕਰਨ ਤੋਂ ਬਾਅਦ ਖੈਬਰ ਪਖਤੂਨਖਵਾ ਸੂਬੇ ਦੇ ਡੇਰਾ ਇਸਮਾਈਲ ਖਾਨ ਜ਼ਿਲ੍ਹੇ ਵਿੱਚ ਦਾਖਲ ਹੋਈ। ਸ਼ੇਰਾਨੀ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਹਜ਼ਰਤ ਵਲੀ ਕੱਕਰ ਨੇ ਸ਼ੁੱਕਰਵਾਰ ਨੂੰ ਦੱਸਿਆ ਕਿ ਇਹ ਹਾਦਸਾ ਸ਼ੇਰਾਨੀ ਦੇ ਧਾਨਾ ਸਰ ਖੇਤਰ ਵਿੱਚ ਵਾਪਰਿਆ, ਜੋ ਕਿ ਬਲੋਚਿਸਤਾਨ ਦੇ ਸ਼ੇਰਾਨੀ ਜ਼ਿਲ੍ਹੇ ਅਤੇ ਉੱਤਰ-ਪੱਛਮੀ ਖੈਬਰ ਪਖਤੂਨਖਵਾ ਸੂਬੇ ਦੇ ਡੇਰਾ ਇਸਮਾਈਲ ਖਾਨ ਜ਼ਿਲ੍ਹੇ ਦੀ ਸਰਹੱਦ ਦੇ ਨੇੜੇ ਹੈ। ਦੋਵਾਂ ਜ਼ਿਲ੍ਹਿਆਂ ਦੀਆਂ ਪੁਲਿਸ ਅਤੇ ਬਚਾਅ ਟੀਮਾਂ ਤੁਰੰਤ ਮੌਕੇ 'ਤੇ ਪਹੁੰਚੀਆਂ ਅਤੇ ਲਾਸ਼ਾਂ ਅਤੇ ਜ਼ਖਮੀਆਂ ਨੂੰ ਖੱਡ ਤੋਂ ਬਾਹਰ ਕੱਢਿਆ ਅਤੇ ਨੇੜਲੇ ਹਸਪਤਾਲਾਂ ਵਿੱਚ ਪਹੁੰਚਾਇਆ। ਅਧਿਕਾਰੀਆਂ ਨੇ ਕਿਹਾ ਕਿ ਅੱਠ ਲੋਕਾਂ ਨੂੰ ਬਚਾ ਲਿਆ ਗਿਆ ਹੈ ਅਤੇ ਉਨ੍ਹਾਂ ਨੂੰ ਹਸਪਤਾਲ ਭੇਜਿਆ ਗਿਆ ਹੈ। ਇਹ ਸ਼ੱਕ ਹੈ ਕਿ ਬੱਸ ਦੇ ਬ੍ਰੇਕ ਫੇਲ੍ਹ ਹੋ ਗਏ ਸਨ ਅਤੇ ਇਹ ਪਹਾੜੀ ਖੇਤਰ ਵਿੱਚ ਇੱਕ ਮੁਸ਼ਕਲ ਮੋੜ 'ਤੇ ਨੈਵੀਗੇਟ ਕਰਦੇ ਸਮੇਂ ਸੜਕ ਤੋਂ ਫਿਸਲ ਗਈ। ਹਾਲਾਂਕਿ ਅਧਿਕਾਰੀਆਂ ਨੇ ਕਿਹਾ ਕਿ ਕਾਰਨ ਦੀ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ। 1122 ਬਚਾਅ ਟੀਮ ਦੇ ਅਨੁਸਾਰ, ਜਦੋਂ ਇਹ ਘਟਨਾ ਵਾਪਰੀ ਤਾਂ ਬੱਸ ਵਿੱਚ 48 ਲੋਕ ਸਵਾਰ ਸਨ। ਬਲੋਚਿਸਤਾਨ ਸੂਬਾਈ ਸਰਕਾਰ ਨੇ ਯਾਤਰੀਆਂ ਦੀ ਮੌਤ 'ਤੇ ਦੁੱਖ ਪ੍ਰਗਟ ਕੀਤਾ ਅਤੇ ਪੀੜਤ ਪਰਿਵਾਰਾਂ ਨਾਲ ਹਮਦਰਦੀ ਪ੍ਰਗਟ ਕੀਤੀ ਹੈ, ਜਦੋਂ ਕਿ ਮੁੱਖ ਮੰਤਰੀ ਸਰਫਰਾਜ਼ ਬੁਗਤੀ ਨੇ ਸਬੰਧਤ ਵਿਭਾਗਾਂ ਨੂੰ ਜ਼ਖਮੀਆਂ ਨੂੰ ਸਭ ਤੋਂ ਵਧੀਆ ਡਾਕਟਰੀ ਦੇਖਭਾਲ ਪ੍ਰਦਾਨ ਕਰਨ ਦੇ ਨਿਰਦੇਸ਼ ਦਿੱਤੇ। ਰਾਸ਼ਟਰਪਤੀ ਆਸਿਫ਼ ਅਲੀ ਜ਼ਰਦਾਰੀ ਨੇ ਵੀ ਸਬੰਧਤ ਅਧਿਕਾਰੀਆਂ ਨੂੰ "ਜ਼ਖਮੀਆਂ ਨੂੰ ਹਰ ਸੰਭਵ ਅਤੇ ਵਧੀਆ ਡਾਕਟਰੀ ਸਹੂਲਤਾਂ ਦੀ ਵਿਵਸਥਾ ਨੂੰ ਯਕੀਨੀ ਬਣਾਉਣ" ਦੇ ਨਿਰਦੇਸ਼ ਦਿੱਤੇ ਹਨ। ਉਨ੍ਹਾਂ ਦੇ ਦਫ਼ਤਰ ਨੇ ਇੱਕ ਬਿਆਨ ਵਿੱਚ ਕਿਹਾ, "ਪੂਰਾ ਦੇਸ਼ ਇਸ ਦੁਖਦਾਈ ਘਟਨਾ ਵਿੱਚ ਪ੍ਰਭਾਵਿਤ ਪਰਿਵਾਰਾਂ ਦੇ ਦੁੱਖ ਵਿੱਚ ਬਰਾਬਰ ਸਾਂਝਾ ਹੈ।" ਖੈਬਰ ਪਖਤੂਨਖਵਾ ਦੇ ਪਹਾੜੀ ਖੇਤਰਾਂ ਵਿੱਚ ਸੜਕ ਹਾਦਸੇ ਆਮ ਹਨ ਅਤੇ ਅਕਸਰ ਘਾਤਕ ਹੁੰਦੇ ਹਨ ਕਿਉਂਕਿ ਖਤਰਨਾਕ ਭੂਮੀ, ਅਤਿਅੰਤ ਮੌਸਮ ਅਤੇ ਅਕਸਰ ਟ੍ਰੈਫਿਕ ਉਲੰਘਣਾਵਾਂ ਵਰਗੇ ਕਾਰਕਾਂ ਦੇ ਸੁਮੇਲ ਕਾਰਨ ਹੁੰਦੇ ਹਨ।

## ÷ਲੱਭਾਂਗੇ ਵੀ ਅਤੇ ਕੱਢਾਂਗੇ ਵੀ" ! ਅਮਰੀਕਾ 'ਚ 5 ਦਿਨਾਂ 'ਚ 10,000 ਗੈਰ ਕਾਨੂੰਨੀ ਪ੍ਰਵਾਸੀ ਗ੍ਰਿਫ਼ਤਾਰ

**ਵਾਸ਼ਿੰਗਟਨ, 3 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਅਮਰੀਕਾ ਵਿੱਚ ਰਾਸ਼ਟਰਪਤੀ ਡੋਨਾਲਡ ਟਰੰਪ ਦੇ ਨਿਰਦੇਸ਼ਾਂ 'ਤੇ ਗੈਰ-ਕਾਨੂੰਨੀ ਪ੍ਰਵਾਸੀਆਂ ਖਿਲਾਫ਼ ਵੱਡੀ ਮੁਹਿੰਮ ਵਿੱਢੀ ਗਈ ਹੈ।



ਇਮੀਗ੍ਰੇਸ਼ਨ ਐਂਡ ਕਸਟਮਜ਼ ਇਨਫੋਰਸਮੈਂਟ (935) ਨੇ ਜੂਨ ਦੇ ਅਖੀਰ ਵਿੱਚ ਸਿਰਫ਼ 5 ਦਿਨਾਂ ਦੇ ਅੰਦਰ 10,000 ਲੋਕਾਂ ਨੂੰ ਗ੍ਰਿਫ਼ਤਾਰ ਕਰਕੇ ਸਨਸਨੀ ਫੈਲਾ ਦਿੱਤੀ ਹੈ। ਇਹ ਕਾਰਵਾਈ ਟਰੰਪ ਪ੍ਰਸ਼ਾਸਨ ਦੇ ਉਸ ਏਜੰਡੇ ਦਾ ਹਿੱਸਾ ਹੈ, ਜਿਸ ਤਹਿਤ ਵੱਡੇ ਪੱਧਰ 'ਤੇ ਲੋਕਾਂ ਨੂੰ ਦੇਸ਼ ਵਿੱਚੋਂ ਕੱਢਣ ਦੀ ਤਿਆਰੀ ਕੀਤੀ ਜਾ ਰਹੀ ਹੈ। ਰਿਪੋਰਟਾਂ ਅਨੁਸਾਰ ਇਸ ਵਾਰ ਏਜੰਸੀ ਨੇ ਆਪਣੀ ਰਣਨੀਤੀ ਵਿੱਚ ਬਦਲਾਅ ਕੀਤਾ ਹੈ। ਪਹਿਲਾਂ ਵੱਡੇ ਸ਼ਹਿਰਾਂ ਵਿੱਚ ਜ਼ੋਰ-ਸ਼ੋਰ ਨਾਲ ਛਾਪੇਮਾਰੀ ਕੀਤੀ ਜਾਂਦੀ ਸੀ ਪਰ ਹੁਣ ਰਾਸ਼ਟਰਪਤੀ ਟਰੰਪ ਦੇ 'ਡਿਪੋਰਟੇਸ਼ਨ' ਦੇ ਟੀਚਿਆਂ ਨੂੰ ਪੂਰਾ ਕਰਨ ਲਈ ਬੜੇ ਗੁਪਤ ਅਤੇ ਸ਼ਾਂਤ ਤਰੀਕੇ ਨਾਲ ਗ੍ਰਿਫ਼ਤਾਰੀਆਂ ਕੀਤੀਆਂ ਜਾ ਰਹੀਆਂ ਹਨ। ਅੰਕੜਿਆਂ ਮੁਤਾਬਕ ਸ਼ੁੱਕਰਵਾਰ ਤੋਂ ਮੰਗਲਵਾਰ ਦੇ ਵਿਚਕਾਰ ਰੋਜ਼ਾਨਾ ਲਗਭਗ 2,000 ਲੋਕਾਂ ਨੂੰ ਹਿਰਾਸਤ ਵਿੱਚ ਲਿਆ ਗਿਆ। ਇਹ ਪਿਛਲੇ ਸਮੇਂ ਦੇ ਮੁਕਾਬਲੇ ਬਹੁਤ ਵੱਡਾ ਉਛਾਲ ਹੈ। ਇਸ ਤੋਂ ਪਹਿਲਾਂ ਦਸੰਬਰ ਮਹੀਨੇ ਵਿੱਚ ਸਭ ਤੋਂ ਵੱਧ ਗ੍ਰਿਫ਼ਤਾਰੀਆਂ ਹੋਈਆਂ ਸਨ, ਪਰ ਉਦੋਂ ਵੀ ਰੋਜ਼ਾਨਾ ਦੀ ਔਸਤ ਸਿਰਫ਼ 1,283 ਸੀ। ਜਨਵਰੀ ਵਿੱਚ ਇਹ ਅੰਕੜਾ 1,212 ਅਤੇ ਫਰਵਰੀ ਵਿੱਚ 1,057 ਰਹਿ ਗਿਆ ਸੀ। ਡਿਪਾਰਟਮੈਂਟ ਆਫ ਹੋਮਲੈਂਡ ਸਿਕਿਓਰਿਟੀ ਨੇ ਇੱਕ ਬਿਆਨ ਜਾਰੀ ਕਰਦਿਆਂ ਕਿਹਾ ਕਿ ਉਹ ਰਾਸ਼ਟਰਪਤੀ ਦੇ ਵਾਅਦੇ ਨੂੰ ਪੂਰਾ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਕਾਤਲਾਂ, ਬਲਾਤਕਾਰੀਆਂ, ਗੈਂਗਸਟਰਾਂ ਅਤੇ ਅੱਤਵਾਦੀਆਂ ਸਮੇਤ ਕਿਸੇ ਵੀ ਗੈਰ-ਕਾਨੂੰਨੀ ਵਿਅਕਤੀ ਨੂੰ ਬਖ਼ਸ਼ਿਆ ਨਹੀਂ ਜਾਵੇਗਾ। ਵਿਭਾਗ ਦਾ ਸੁਨੇਹਾ ਸਾਫ਼ ਹੈ: "ਜੇਕਰ ਤੁਸੀਂ ਗੈਰ-ਕਾਨੂੰਨੀ ਤਰੀਕੇ ਨਾਲ ਸਾਡੇ ਦੇਸ਼ ਆਏ ਹੋ, ਤਾਂ ਅਸੀਂ ਤੁਹਾਨੂੰ ਲੱਭਾਂਗੇ, ਗ੍ਰਿਫ਼ਤਾਰ ਕਰਾਂਗੇ ਅਤੇ ਦੇਸ਼ ਵਿੱਚੋਂ ਕੱਢ ਦੇਵਾਂਗੇ।" ਇੰਨ੍ਹੇ ਵੱਡੇ ਪੱਧਰ 'ਤੇ ਹੋ ਰਹੀਆਂ ਗ੍ਰਿਫ਼ਤਾਰੀਆਂ ਕਾਰਨ ICE ਦੀਆਂ ਹਿਰਾਸਤ ਸਹੂਲਤਾਂ ਵਿੱਚ ਲੋਕਾਂ ਦੀ ਗਿਣਤੀ ਤੇਜ਼ੀ ਨਾਲ ਵਧੀ ਹੈ।

## ਪੰਜਾਬ ਕਾਂਗਰਸ 'ਚ ਸਿਆਸੀ ਭੂਚਾਲ, ਚੰਨੀ ਧੜੇ ਦੇ ਬਗ਼ਾਵਤੀ ਸੁਰ, ਰੰਧਾਵਾ ਦੀ ਸ਼ਾਹ ਨਾਲ ਮੁਲਾਕਾਤ







**ਚੰਡੀਗੜ੍ਹ, 3 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਵਿਧਾਨ ਸਭਾ ਚੋਣਾਂ ਤੋਂ ਕੁਝ ਮਹੀਨੇ ਪਹਿਲਾਂ, ਕਾਂਗਰਸ ਆਪਣੇ ਰਾਜਨੀਤਿਕ ਵਿਰੋਧੀਆਂ ਨਾਲ ਮੁਕਾਬਲਾ ਕਰਨ ਦੀ ਤਿਆਰੀ ਕਰਨ ਦੀ ਬਜਾਏ ਅੰਦਰੂਨੀ ਲੜਾਈ ਲੜਦੀ ਜਾਪਦੀ ਹੈ। ਅਮਰਿੰਦਰ ਸਿੰਘ ਰਾਜਾ ਵੜਿੰਗ ਨੂੰ ਪੰਜਾਬ ਕਾਂਗਰਸ ਪ੍ਰਧਾਨ ਵਜੋਂ ਜਾਰੀ ਰੱਖਣ ਦੇ ਪਾਰਟੀ ਦੇ ਫੈਸਲੇ ਨੇ ਸੂਬਾ ਇਕਾਈ ਵਿੱਚ ਫੁੱਟ ਨੂੰ ਉਜਾਗਰ ਕਰ ਦਿੱਤਾ ਹੈ, ਸੀਨੀਅਰ ਆਗੂ ਹੁਣ ਆਪਣੀ ਅਸੰਤੁਸ਼ਟੀ ਨੂੰ ਨਹੀਂ ਲੁਕਾ ਰਹੇ ਹਨ। ਪੰਜਾਬ ਇਕਾਈ 'ਚ ਜਿਥੇ ਆਮ ਸੰਗਠਨਾਤਮਕ ਫੇਰਬਦਲ ਹੋਣ ਦੀ ਉਮੀਦ ਸੀ, ਉਹ ਕਾਂਗਰਸ ਹਾਈ ਕਮਾਂਡ ਦੇ ਅਧਿਕਾਰ ਦੀ ਪ੍ਰੀਖਿਆ ਵਿੱਚ ਬਦਲ ਗਈ ਹੈ। ਸਭ ਤੋਂ ਤਿੱਖੇ ਬਗ਼ਾਵਤੀ ਤੇਵਰ ਪੰਜਾਬ ਦੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਤੋਂ ਵਿਖਾਈ ਦਿੱਤੇ ਹਨ। ਪਾਰਟੀ ਦੀ ਪ੍ਰਚਾਰ ਕਮੇਟੀ ਦੇ ਚੇਅਰਮੈਨ ਵਜੋਂ ਆਪਣੀ ਨਿਯੁਕਤੀ ਨੂੰ ਚੁੱਪ-ਚਾਪ ਸਵੀਕਾਰ ਕਰਨ ਦੀ ਬਜਾਏ, ਚੰਨੀ ਨੇ ਮੋਰਿੰਡਾ ਵਿਖੇ ਆਪਣੇ ਨਿਵਾਸ ਸਥਾਨ 'ਤੇ ਆਪਣੇ ਸਮਰਥਕ ਆਗੂਆਂ ਦੀ ਇੱਕ ਐਮਰਜੈਂਸੀ ਮੀਟਿੰਗ ਬੁਲਾ ਕੇ ਆਪਣੀ ਰਾਜਨੀਤਿਕ ਤਾਕਤ ਦਾ ਪ੍ਰਦਰਸ਼ਨ ਕਰਕੇ ਵਿਖਾਇਆ ਹੈ। ਸਿਆਸੀ ਮਾਹਰਾਂ ਦਾ ਮੰਨਣਾ ਹੈ ਕਿ ਇਹ ਇਕੱਠ ਸਿਰਫ਼ ਇੱਕ ਸ਼ਿਸ਼ਟਾਚਾਰ ਮੀਟਿੰਗ ਨਹੀਂ ਹੈ। ਮੌਜੂਦਾ ਸੰਸਦ ਮੈਂਬਰਾਂ, ਵਿਧਾਇਕਾਂ, ਸਾਬਕਾ ਵਿਧਾਇਕਾਂ ਅਤੇ ਪ੍ਰਭਾਵਸ਼ਾਲੀ ਪਾਰਟੀ ਨੇਤਾਵਾਂ ਦੀ ਹਾਜ਼ਰੀ ਦੇ ਨਾਲ, ਇਹ ਸਪੱਸ਼ਟ ਸੰਦੇਸ਼ ਦਿੰਦਾ ਹੈ ਕਿ ਚੰਨੀ ਦਾ ਮੰਨਣਾ ਹੈ ਕਿ ਉਨ੍ਹਾਂ ਕੋਲ ਪਾਰਟੀ ਦੇ ਲੀਡਰਸ਼ਿਪ ਫੈਸਲਿਆਂ ਨੂੰ ਚੁਣੌਤੀ ਦੇਣ ਲਈ ਕਾਫ਼ੀ ਸਮਰਥਨ ਅਧਾਰ ਹੈ। ਚੰਨੀ ਦੇ ਨਜ਼ਦੀਕੀ ਆਗੂਆਂ ਨੇ ਖੁੱਲ੍ਹ ਕੇ ਦਲੀਲ ਦਿੱਤੀ ਹੈ ਕਿ ਉਨ੍ਹਾਂ ਨੂੰ ਸੂਬਾਈ ਪ੍ਰਧਾਨਗੀ ਤੋਂ ਪਾਸੇ ਕਰਨ ਨਾਲ ਕਾਂਗਰਸ ਦੀਆਂ ਚੋਣ ਸੰਭਾਵਨਾਵਾਂ ਨੂੰ ਨੁਕਸਾਨ ਪਹੁੰਚ ਸਕਦਾ ਹੈ, ਇਹ ਸੁਝਾਅ ਦਿੰਦੇ ਹੋਏ ਕਿ ਜੇਕਰ ਪਾਰਟੀ ਸੱਤਾ ਵਿੱਚ ਵਾਪਸ ਆਉਣ ਦੀ ਉਮੀਦ ਰੱਖਦੀ ਹੈ ਤਾਂ ਉਨ੍ਹਾਂ ਦੀ ਲੀਡਰਸ਼ਿਪ ਜ਼ਰੂਰੀ ਹੈ। ਇਸ ਦੇ ਨਾਲ ਹੀ, ਇੱਕ ਹੋਰ ਘਟਨਾਕ੍ਰਮ ਨੇ ਕਾਂਗਰਸ ਦੇ ਅੰਦਰ ਬੇਚੈਨੀ ਨੂੰ ਵਧਾ ਦਿੱਤਾ ਹੈ। ਸੀਨੀਅਰ ਨੇਤਾ ਅਤੇ ਗੁਰਦਾਸਪੁਰ ਦੇ ਸੰਸਦ ਮੈਂਬਰ ਸੁਖਜਿੰਦਰ ਸਿੰਘ ਰੰਧਾਵਾ, ਜਿਨ੍ਹਾਂ ਨੂੰ ਸੂਬਾਈ ਲੀਡਰਸ਼ਿਪ ਸੌਂਪਣ ਦੀ ਬਜਾਏ ਪਾਰਟੀ ਦੀ ਕੋਰ ਕਮੇਟੀ ਦਾ ਚੇਅਰਮੈਨ ਬਣਾਇਆ ਗਿਆ ਸੀ, ਕਥਿਤ ਤੌਰ 'ਤੇ ਦਿੱਲੀ ਗਏ ਹਨ ਅਤੇ ਉਨ੍ਹਾਂ ਦੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨਾਲ ਮੁਲਾਕਾਤ ਕਰਨ ਦੀ ਉਮੀਦ ਹੈ।

## ਸ਼੍ਰੋਮਣੀ ਕਮੇਟੀ ਨੇ ਡੀਜੀਪੀ ਨਾਲ ਮੁਲਾਕਾਤ ਕਰ ਮੁੱਖ ਮੰਤਰੀ ਮਾਨ ਖ਼ਿਲਾਫ਼ ਕੇਸ ਦਰਜ ਕਰਨ ਦੀ ਕੀਤੀ ਮੰਗ ,ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਦਾ ਲਗਾਇਆ ਦੋਸ਼

**ਚੰਡੀਗੜ੍ਹ, 3 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਗੁਰੂ ਸਾਹਿਬਾਨ ਦੇ ਸਤਿਕਾਰ ਵਿਰੁੱਧ ਕੀਤੀ ਹਰਕਤ ਦੀ ਵਾਇਰਲ ਵੀਡੀਓ ਦੇ ਮਾਮਲੇ ਸਬੰਧੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਭਗਵੰਤ ਸਿੰਘ ਮਾਨ ਵਿਰੁੱਧ ਸਿੱਖ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਲਈ ਪਰਚਾ ਦਰਜ਼ ਕਰਨ ਵਾਸਤੇ ਡੀਜੀਪੀ ਪੰਜਾਬ ਨੂੰ ਲਿਖਤੀ ਸ਼ਿਕਾਇਤ ਸੌਂਪ ਕੇ ਤੁਰੰਤ ਕਾਨੂੰਨੀ ਕਾਰਵਾਈ ਦੀ ਮੰਗ ਕੀਤੀ ਹੈ। ਇਹ ਸ਼ਿਕਾਇਤ ਅੱਜ ਸ਼੍ਰੋਮਣੀ ਕਮੇਟੀ ਦੇ ਉੱਚ ਪੱਧਰੀ ਵਫ਼ਦ ਨੇ ਸ. ਅਮਰਬੀਰ ਸਿੰਘ ਰਾਏ (ਆਈ.ਪੀ.ਐਸ.) ਸਪੈਸ਼ਲ ਡਾਇਰੈਕਟਰ ਜਨਰਲ ਆਫ ਪੰਜਾਬ ਪੁਲਿਸ ਨੂੰ ਉਨ੍ਹਾਂ ਦੇ ਦਫ਼ਤਰ ਵਿਖੇ ਸੌਂਪੀ। ਇਸ ਵਫ਼ਦ ਵਿਚ ਸ਼੍ਰੋਮਣੀ ਕਮੇਟੀ ਦੇ ਜੂਨੀਅਰ ਮੀਤ ਪ੍ਰਧਾਨ ਬਲਦੇਵ ਸਿੰਘ ਕਲਿਆਣ, ਜਨਰਲ ਸਕੱਤਰ ਸ. ਸ਼ੇਰ ਸਿੰਘ ਮੰਡਵਾਲਾ, ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਅੰਤ੍ਰਿੰਗ ਮੈਂਬਰ ਸ. ਸੁਰਜੀਤ ਸਿੰਘ ਗੜ੍ਹੀ, ਸ. ਸੁਰਜੀਤ ਸਿੰਘ ਤੁਗਲਵਾਲ, ਸ. ਸੁਰਜੀਤ ਸਿੰਘ ਕੰਗ, ਸ. ਦਲਜੀਤ ਸਿੰਘ ਭਿੰਡਰ, ਸ. ਬਲਦੇਵ ਸਿੰਘ ਕਾਇਮਪੁਰ, ਸ. ਮੰਗਵਿੰਦਰ ਸਿੰਘ ਖਾਪੜਖੇੜੀ, ਵਧੀਕ ਸਕੱਤਰ ਸ. ਲਖਬੀਰ ਸਿੰਘ, ਕਾਨੂੰਨੀ ਸਲਾਹਕਾਰ ਐਡਵੋਕੇਟ ਅਮਨਬੀਰ ਸਿੰਘ ਸਿਆਲੀ ਸ਼ਾਮਲ ਸਨ। ਸ਼੍ਰੋਮਣੀ ਕਮੇਟੀ ਵੱਲੋਂ ਸੌਂਪੀ ਗਈ ਸ਼ਿਕਾਇਤ ਵਿਚ ਕਿਹਾ ਗਿਆ ਹੈ ਕਿ ਇਸ ਵਿਵਾਦਤ ਵੀਡੀਓ ਵਿਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਦਸ ਗੁਰੂ ਸਾਹਿਬਾਨ ਦੀਆਂ ਪ੍ਰਚਲਿਤ ਤਸਵੀਰਾਂ ਉੱਪਰ ਸ਼ਰਾਬ ਛਿੜਕਣ ਅਤੇ ਸੰਤ ਜਰਨੈਲ ਸਿੰਘ ਖ਼ਾਲਸਾ ਭਿੰਡਰਾਂਵਾਲਿਆਂ ਦੇ ਸਰੂਪ ਨਾਲ ਕੀਤੀ ਘਿਨਾਉਣੀ ਹਰਕਤ ਕਾਰਨ ਸੰਸਾਰ ਭਰ ਵਿਚ ਵੱਸਦੇ ਸਿੱਖਾਂ ਦੀਆਂ ਧਾਰਮਿਕ ਭਾਵਨਾਵਾਂ ਨੂੰ ਠੇਸ ਪੁੱਜੀ ਹੈ। ਸ਼ਿਕਾਇਤ ਵਿਚ ਇਹ ਵੀ ਕਿਹਾ ਗਿਆ ਕਿ ਸਿੱਖ ਭਾਵਨਾਵਾਂ ਨਾਲ ਜੁੜੇ ਇਸ ਗੰਭੀਰ ਮਾਮਲੇ ਨੂੰ ਦਬਾਉਣ ਲਈ ਮੁੱਖ ਮੰਤਰੀ ਨੇ ਹੋਰ ਅਧਿਕਾਰੀਆਂ ਨਾਲ ਮਿਲ ਕੇ ਕਥਿਤ ਤੌਰ 'ਤੇ ਜਾਅਲੀ ਫੋਰੈਂਸਿਕ ਰਿਪੋਰਟ ਤਿਆਰ ਕਰਵਾਉਣ ਦੀ ਵੀ ਸਾਜ਼ਿਸ਼ ਰਚੀ, ਜਿਸ ਸਬੰਧੀ ਹਰਿਆਣਾ 'ਚ ਗੁਰੂਗ੍ਰਾਮ ਦੇ ਡੀ.ਐੱਲ.ਐੱਫ. ਥਾਣੇ ਵਿਚ ਸਬੰਧਤ ਵਿਅਕਤੀਆਂ ਵਿਰੁੱਧ ਐੱਫ.ਆਈ.ਆਰ. ਵੀ ਦਰਜ ਹੋ ਚੁੱਕੀ ਹੈ। ਇਹ ਬੇਹੱਦ ਸੰਜੀਦਾ ਤੇ ਗੰਭੀਰ ਮਾਮਲਾ ਹੈ, ਜਿਸ ਲਈ ਭਾਰਤੀ ਕਾਨੂੰਨ ਤਹਿਤ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਖਿਲਾਫ ਤੁਰੰਤ ਐੱਫ.ਆਈ.ਆਰ. ਦਰਜ ਕਰਕੇ ਨਿਰਪੱਖ ਜਾਂਚ ਕੀਤੀ ਜਾਵੇ ਅਤੇ ਸਖ਼ਤ ਕਾਨੂੰਨੀ ਕਾਰਵਾਈ ਅਮਲ ਵਿਚ ਲਿਆਂਦੀ ਜਾਵੇ, ਤਾਂ ਜੋ ਸਿੱਖ ਕੌਮ ਦੀਆਂ ਧਾਰਮਿਕ ਭਾਵਨਾਵਾਂ ਦਾ ਸਤਿਕਾਰ ਅਤੇ ਕਾਨੂੰਨ ਦੀ ਮਰਯਾਦਾ ਬਰਕਰਾਰ ਰਹੇ। ਡੀ.ਜੀ.ਪੀ. ਦਫ਼ਤਰ 'ਚ ਸ਼ਿਕਾਇਤ ਦੇਣ ਮਗਰੋਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ ਨੇ ਦੱਸਿਆ ਕਿ ਸ਼੍ਰੋਮਣੀ ਕਮੇਟੀ ਦੀ 27 ਜੂਨ 2026 ਨੂੰ ਹੋਈ ਜਰਨਲ ਇਕੱਤਰਤਾ ਵਿਚ ਸਰਬਸੰਮਤੀ ਨਾਲ ਮਤਾ ਪਾਸ ਕਰਕੇ ਅੰਤ੍ਰਿੰਗ ਕਮੇਟੀ ਨੂੰ ਇਸ ਮਾਮਲੇ ਵਿਚ ਕਾਨੂੰਨੀ ਕਾਰਵਾਈ ਕਰਨ ਦਾ ਅਧਿਕਾਰ ਦਿੱਤਾ ਗਿਆ ਸੀ। ਉਸੇ ਮਤੇ ਦੀ ਰੌਸ਼ਨੀ ਅੱਜ ਡੀ.ਜੀ.ਪੀ. ਪੰਜਾਬ ਦੇ ਨਾਂ ਇਹ ਸ਼ਿਕਾਇਤ ਸੌਂਪੀ ਗਈ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਅਤੇ ਇਨ੍ਹਾਂ ਦੀ ਸਰਕਾਰ ਵੱਲੋਂ ਜਾਅਲੀ ਰਿਪੋਰਟ ਤਿਆਰ ਕਰਵਾ ਕੇ ਇਸ ਮਾਮਲੇ ਨੂੰ ਪ੍ਰਭਾਵਿਤ ਕਰਨ ਦੀ ਘਿਨਾਉਣੀ ਹਰਕਤ ਕੀਤੀ ਗਈ, ਜਿਸ ਸਬੰਧੀ ਹਰਿਆਣਾ ਪੁਲਿਸ ਵੱਲੋਂ ਪਰਚਾ ਵੀ ਦਰਜ ਸਿੱਖ ਹੋ ਚੁੱਕਾ ਹੈ। ਮੁੱਖ ਸਕੱਤਰ ਨੇ ਕਿਹਾ ਕਿ ਇਹ ਸੰਸਾਰ ਭਰ ਦੇ ਸਿੱਖਾਂ ਦੀਆਂ ਧਾਰਮਿਕ ਭਾਵਨਾਵਾਂ ਨਾਲ ਜੁੜਿਆ ਹੋਇਆ ਮਾਮਲਾ ਹੈ ਅਤੇ ਇਸ ਸਬੰਧੀ ਕਾਨੂੰਨ ਅਨੁਸਾਰ ਕਾਰਵਾਈ ਯਕੀਨੀ ਬਣਾਈ ਜਾਣੀ ਚਾਹੀਦੀ ਹੈ।





ਦੇਗ ਤੇਗ ਫ਼ਤਹਿ
ਪੰਥ ਕੀ ਜੀਤ
ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਸਾਊਥਾਲ ਪਾਰਕ ਐਵਨਿਊ ਵਿਖੇ
ਮਹਾਨ ਸ਼ਹੀਦੀ ਸਮਾਗਮ
24 ਤੋਂ 26 ਜੁਲਾਈ 2026
ਅਰੰਭ
ਸ੍ਰੀ ਅਖੰਡਪਾਠ ਸਾਹਿਬ
24 ਜੁਲਾਈ 2026
ਭੋਗ
ਸ੍ਰੀ ਅਖੰਡਪਾਠ ਸਾਹਿਬ
26 ਜੁਲਾਈ 2026
ਸ਼ਹੀਦ ਸਿੰਘਾਂ ਦੀ ਯਾਦ ਵਿੱਚ
ਸ਼ਹੀਦ ਜਨਰਲ ਲਾਭ ਸਿੰਘ — ਮੁਖੀ ਖਾਲਿਸਤਾਨ ਕਮਾਂਡੋ ਫੋਰਸ
ਸ਼ਹੀਦ ਜਨਰਲ ਅਵਤਾਰ ਸਿੰਘ ਬ੍ਰਹਮਾ — ਮੁਖੀ ਖਾਲਿਸਤਾਨ ਲਿਬਰੇਸ਼ਨ ਫੋਰਸ
ਸ਼ਹੀਦ ਜਨਰਲ ਗੁਰਜੰਟ ਸਿੰਘ ਬੁੱਧਸਿੰਘ ਵਾਲਾ — ਮੁਖੀ ਖਾਲਿਸਤਾਨ ਲਿਬਰੇਸ਼ਨ ਫੋਰਸ
ਸ਼ਹੀਦ ਭਾਈ ਮਹਿੰਦਰ ਸਿੰਘ ਟੋਰਾਂਟੋ (ਕਨੇਡਾ)
ਸ਼ਹੀਦ ਭਾਈ ਸੁਖਦੇਵ ਸਿੰਘ ਬੱਬਰ — ਜਥੇਦਾਰ ਬੱਬਰ ਖਾਲਸਾ
ਸ਼ਹੀਦ ਭਾਈ ਰਸ਼ਪਾਲ ਸਿੰਘ ਛੰਦੜਾ — ਜਨਰਲ ਭਿੰਡਰਾਂ ਵਾਲਾ ਟਾਈਗਰ ਫੋਰਸ
ਸ਼ਹੀਦੀ ਸਮਾਗਮ
ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਸਵੇਰੇ 11 ਵਜੇ ਤੋਂ 1 ਵਜੇ ਤੱਕ ਦੀਵਾਨ ਸਜਾਏ ਜਾਣਗੇ।
ਪੰਥਕ ਬੁਲਾਰੇ ਸ਼ਹੀਦ ਸਿੰਘਾਂ ਦੀਆਂ ਜੀਵਨੀਆਂ ਬਾਰੇ ਆਪਣੇ ਵਿਚਾਰ ਦੇਣਗੇ।
ਸਮੂਹ ਪੰਥਕ ਆਗੂਆਂ ਨੂੰ ਸੱਦਾ ਦਿੱਤਾ ਜਾਂਦਾ ਹੈ।
ਸੰਗਤਾਂ ਨੂੰ ਵਧ-ਚੜ੍ਹ ਕੇ ਪਹੁੰਚਣ ਦੀ ਬੇਨਤੀ ਕੀਤੀ ਜਾਂਦੀ ਹੈ।
ਸਿੱਖ ਫੈਡਰੇਸ਼ਨ, ਯੂ . ਕੇ .
ਪਰਮਿੰਦਰ ਸਿੰਘ ਬੱਲ — ਪ੍ਰਧਾਨ
ਅਜੀਤਪਾਲ ਸਿੰਘ ਸਹੋਤਾ — ਜਨਰਲ ਸਕੱਤਰ
ਹਰਮੇਲ ਸਿੰਘ ਖਾਲਸਾ — ਆਰਗੇਨਾਈਜ਼ਰ
ਟੈਲੀਫ਼ੋਨ: 07771608 363 | ਈ-ਮੇਲ: PSBAL46@gmail.com

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net



ਪੰਥਕ ਸ਼ਬਦ ਸਚੀ ਟਕਸਾਲ ॥ ਦਮਦਮੀ ਟਕਸਾਲ
ਨਾਮ ਜਪੋ / ਕਿਰਤ ਕਰੋ / ਵੰਡ ਛਕੋ — Naam Japo / Kirat Karo / Vand Shako
ਜਥਾ ਭਿੰਡਰਾਂ (ਮਹਿਤਾ)
www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥ — WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
Raghbir Singh Walsal
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243


ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ


ਧੰਨ-ਧੰਨ ਮਾਤਾ ਸਾਹਿਬ ਕੌਰ ਜੀ

# ਗੁਰਮਤਿ ਸਮਾਗਮ

1 ਨਵੰਬਰ 2026, ਦਿਨ ਐਤਵਾਰ ਨੂੰ
ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।


ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ | ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ



ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

ਨੋਟ : ਇਹ ਸਮਾਗਮ 13 ਦਿਨ ਚੱਲੇਗਾ

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।

ਬੇਨਤੀ ਕਰਤਾ: ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470
ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137
ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ
ਜਾਰੀ ਕਰਤਾ : ਭਾਈ ਜਰਨੈਲ ਸਿੰਘ ਵਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਵਿੱਲੋਂ, ਜ: ਮਹਿਤਾਬ ਸਿੰਘ ਵਿੱਲੋਂ
ਸੰਪਰਕ ਨੰਬਰ 84278-66404


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV


ਸਿੱਖ ਪੰਥ ਦੇ ਮਹਾਨ ਵਿਦਵਾਨ
ਸਿੰਘ ਸਾਹਿਬ ਗਿਆਨੀ ਪਰਵਿੰਦਰਪਾਲ ਸਿੰਘ ਜੀ
ਗ੍ਰੰਥੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ
ਪ੍ਰਚਾਰ ਦੌਰੇ ਤੇ ਅਮਰੀਕਾ ਵਿਖੇ ਪਹੁੰਚ ਰਹੇ ਹਨ।
24 ਜੂਨ – 21 ਜੁਲਾਈ 2026
ਨਿਊ ਯਾਰਕ
ਨਿਊ ਜਰਸੀ
ਫਿਲਾਡੈਲਫੀਆ
ਇੰਡੀਆਨਾ
ਰਿਵਰਸਾਈਡ
ਬੇਕਰਸਫੀਲਡ
ਫਰਿਜ਼ਨੋ
ਟਰੇਸੀ
ਆਵਾਜ਼ਿ ਕੌਮ
AWAZE QAUM
International Newspaper & WEB TV
ਵਧੇਰੇ ਜ਼ਾਣਕਾਰੀ ਲਈ ਸੰਪਰਕ ਕਰੋ:
+1 209 740 1731
+1 209 624 6549
+1 209 624 91

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਅਵਤਾਰ ਪੁਰਬ

☛ ਸਿਰਜਨਾ ਦਿਵਸ ਸ੍ਰੀ ਅਕਾਲ ਤਖ਼ਤ ਸਾਹਿਬ ਜੀ

☛ ਅਵਤਾਰ ਪੁਰਬ ਧੰਨ ਧੰਨ ਸ਼੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਨੂੰ ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ ਹਨ।

**ਸ਼ਨਿੱਚਰਵਾਰ 4 ਜੁਲਾਈ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ।**

ਐਤਵਾਰ 5 ਜੁਲਾਈ 2026 ਨੂੰ 6:30 ਵਜੇ ਸਵੇਰੇ ਚੌਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:00 ਵਜੇ ਭੋਗ ਪੈਣ ਉਪਰੰਤ 12:30 ਵਜੇ ਤੱਕ ਦੀਵਾਨ ਸਜਣਗੇ।

ਕੀਰਤਨੀ ਜਥਾ ਰਾਗੀ ਭਾਈ ਗੁਰਵਿੰਦਰ ਸਿੰਘ ਰੇਸ਼ੋ ਵਾਲੇ ਇਟਲੀ ਕੀਰਤਨ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਛਬੀਲ ਲਗਾਈ ਜਾਵੇਗੀ ਗੁਰੂ ਕਾ ਲੰਗਰ ਅਤੁੱਟ ਵਰਤੇਗਾ।

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ। ☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap
26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778

ਪਾਕਿਸਤਾਨ 'ਚ

# ਇਤਿਹਾਸਕ ਗੁਰਦੁਆਰਿਆਂ ਦੀ ਸਥਿਤੀ: ਤੱਥ ਤੇ ਸੱਚ



**ਪਾਕਿਸਤਾਨੀ** ਪੰਜਾਬ 'ਚ ਫਾਰੂਕਾਬਾਦ ਦੇ 125 ਸਾਲ ਪੁਰਾਣੇ ਇਤਿਹਾਸਕ ਗੁਰਦੁਆਰੇ ਨੂੰ ਭੂ-ਮਾਫ਼ੀਆ ਵੱਲੋਂ ਸਥਾਨਕ ਪ੍ਰਸ਼ਾਸਨ ਦੀ ਮਿਲੀਭੁਗਤ ਨਾਲ ਢਾਹੇ ਜਾਣ ਦੀ ਘਟਨਾ ਨੇ ਵਿਸ਼ਵ ਭਰ ਦੇ ਸਿੱਖ ਭਾਈਚਾਰੇ ਨੂੰ ਗਹਿਰੀ ਠੇਸ ਪਹੁੰਚਾਈ ਹੈ। ਗੁਰਦੁਆਰੇ ਕੇਵਲ ਪੂਜਾ ਅਸਥਾਨ ਨਹੀਂ, ਸਗੋਂ ਸਿੱਖ ਇਤਿਹਾਸ ਤੇ ਵਿਰਾਸਤੀ ਧ੍ਰੋਹਰ ਹਨ। ਅੱਜ ਕਈ ਇਤਿਹਾਸਕ ਗੁਰਦੁਆਰਿਆਂ ਦੀ ਹੋਂਦ ਖ਼ਤਰੇ 'ਚ ਹਨ, ਹਿੰਦੂ ਮੰਦਰਾਂ ਦੀ ਸਥਿਤੀ ਵੀ ਇਸ ਤੋਂ ਵੱਖਰੀ ਨਹੀਂ , ਇਸੇ ਕਰਕੇ ਸਿੱਖ ਤੇ ਹਿੰਦੂ ਭਾਈਚਾਰੇ ਦੀ ਚਿੰਤਾ ਸੁਭਾਵਿਕ ਹੈ।

ਪਾਕਿਸਤਾਨ ਦੀ ਧਰਤੀ ਸਿੱਖ ਧਰਮ ਦੀ ਉਤਪਤੀ ਅਤੇ ਸ਼ਾਨਦਾਰ ਇਤਿਹਾਸਕ ਵਿਰਾਸਤ ਦਾ ਕੇਂਦਰ ਹੈ। ਵੰਡ ਤੋਂ ਪਹਿਲਾਂ ਇੱਥੇ ਸਿੱਖਾਂ ਦੀ ਸਮਾਜਿਕ, ਧਾਰਮਿਕ ਅਤੇ ਆਰਥਿਕ ਸਥਿਤੀ ਮਜ਼ਬੂਤ ਸੀ, ਪਰ 1947 ਤੋਂ ਬਾਅਦ ਹਾਲਾਤ ਬੁਰੀ ਤਰ੍ਹਾਂ ਬਦਲ ਗਏ। ਤਬਦੀਲੀ ਆਬਾਦੀ 'ਤੇ ਵੀ ਗਹਿਰਾ ਅਸਰ ਪਿਆ। 1941 ਵਿੱਚ ਮੌਜੂਦਾ ਪਾਕਿਸਤਾਨ ਦੇ ਖੇਤਰ ਵਿੱਚ ਸਿੱਖ ਆਬਾਦੀ ਲਗਭਗ 16 ਫ਼ੀਸਦੀ ਸੀ, ਜਦਕਿ 2023 ਦੀ ਮਰਦਮਸ਼ੁਮਾਰੀ ਅਨੁਸਾਰ ਇਹ ਘੱਟ ਕੇ ਕਰੀਬ 16 ਹਜ਼ਾਰ (ਲਗਭਗ 0.01 ਫ਼ੀਸਦੀ) ਰਹਿ ਗਈ ਹੈ।

**ਇਵੈਕੂਈ ਟਰੱਸਟ ਪ੍ਰਾਪਰਟੀ ਬੋਰਡ: ਉਦੇਸ਼ ਅਤੇ ਹਕੀਕਤ**-ਦੇਸ਼ ਵੰਡ ਤੋਂ ਬਾਅਦ ਪਾਕਿਸਤਾਨ ਵਿੱਚ ਰਹਿ ਗਏ ਹਿੰਦੂ ਮੰਦਰਾਂ ਅਤੇ ਸਿੱਖ ਗੁਰਦੁਆਰਿਆਂ ਦੀ ਦੇਖਭਾਲ ਲਈ ਇਵੈਕੂਈ ਟਰੱਸਟ ਪ੍ਰਾਪਰਟੀ ਬੋਰਡ ਦੀ ਸਥਾਪਨਾ 1960 ਵਿੱਚ ਨਹਿਰੂ-ਲਿਆਕਤ (1950) ਅਤੇ ਪੰਤ-ਮਿਰਜ਼ਾ (1955) ਸਮਝੌਤਿਆਂ ਦੀ ਭਾਵਨਾ ਅਨੁਸਾਰ ਕੀਤੀ ਗਈ ਸੀ, ਜਿਸ ਨੂੰ 1975 ਵਿੱਚ ਸੰਵਿਧਾਨਕ ਸੰਸਥਾ ਦਾ ਦਰਜਾ ਮਿਲਿਆ। ਸਮਝੌਤਿਆਂ ਦੀ ਰੂਹ ਮੁਤਾਬਕ ਇਸ ਦਾ ਚੇਅਰਮੈਨ ਗੈਰ-ਮੁਸਲਿਮ ਹੋਣਾ ਚਾਹੀਦਾ ਸੀ, ਪਰ ਪਾਕਿਸਤਾਨ ਦੀ ਸੁਪਰੀਮ ਕੋਰਟ ਦੇ ਨਿਰਦੇਸ਼ਾਂ ਦੇ ਬਾਵਜੂਦ ਇਹ ਪ੍ਰਬੰਧ ਕਦੇ ਲਾਗੂ ਨਹੀਂ ਹੋਇਆ। ਕੁਝ ਸਾਲ ਪਹਿਲਾਂ ਨਾਮਜ਼ਦ ਗੈਰ-ਮੁਸਲਿਮ ਮੈਂਬਰਾਂ ਨੂੰ ਵੀ ਕੋਈ ਖਾਸ ਭੂਮਿਕਾ ਨਹੀਂ ਮਿਲੀ। ਬੋਰਡ ਪਾਕਿਸਤਾਨ ਦੀ ਖ਼ੁਫ਼ੀਆ ਏਜੰਸੀ ਆਈ ਐਸ ਆਈ ਦੇ ਪ੍ਰਭਾਵ ਅਧੀਨ ਕੰਮ ਕਰਦਾ ਆ ਰਿਹਾ ਹੈ। ਗੁਰਦੁਆਰਿਆਂ ਨਾਲ ਸੰਬੰਧਿਤ ਜ਼ਿਆਦਾਤਰ ਪ੍ਰਸ਼ਾਸਕੀ ਅਤੇ ਸੰਪਤੀ ਸਬੰਧੀ ਅਧਿਕਾਰ ਇਵੈਕੂਈ ਟਰੱਸਟ ਪ੍ਰਾਪਰਟੀ ਬੋਰਡ ਕੋਲ ਹਨ। ਬੋਰਡ ਦੀ ਸਾਲਾਨਾ ਆਮਦਨ 2023-24 ਵਿੱਚ 472 ਕਰੋੜ ਰਹੀ। 2024-25 ਵਿੱਚ 565 ਕਰੋੜ ਰੁਪਏ ਦੀ ਆਮਦਨ ਵਿੱਚੋਂ ਕੇਵਲ ਲਗਭਗ 113 ਕਰੋੜ ਰੁਪਏ ਕਾਰਜਸ਼ੀਲ 14 ਮੰਦਰਾਂ ਤੇ 21 ਗੁਰਦੁਆਰਿਆਂ 'ਤੇ ਖ਼ਰਚ ਕੀਤੇ ਗਏ, ਜਦਕਿ ਬਾਕੀ ਰਕਮ ਤਨਖ਼ਾਹਾਂ, ਪੈਨਸ਼ਨਾਂ, ਪ੍ਰਬੰਧਕੀ ਖ਼ਰਚਿਆਂ ਅਤੇ ਹੋਰ ਪ੍ਰਸ਼ਾਸਕੀ ਮੱਦਾਂ 'ਤੇ ਖ਼ਰਚ ਕੀਤੇ ਗਏ। ਹੋਣ ਦੀ ਜਾਣਕਾਰੀ ਸਾਹਮਣੇ ਆਉਂਦੀ ਹੈ। ਅਧਿਕਾਰਕ ਅੰਕੜਿਆਂ ਅਨੁਸਾਰ ਪਾਕਿਸਤਾਨ ਵਿੱਚ 517 ਗੁਰਦੁਆਰੇ ਅਤੇ 1,130 ਹਿੰਦੂ ਮੰਦਰ ਹਨ। ਬੋਰਡ ਦੀ ਇਹ ਆਮਦਨ ਵੰਡ ਸਮੇਂ ਛੱਡੀ ਗਈ ਧਾਰਮਿਕ ਅਦਾਰਿਆਂ ਦੇ 1,09,404 ਏਕੜ ਵਾਹੀਯੋਗ ਜ਼ਮੀਨ ਅਤੇ 46,499 ਸ਼ਹਿਰੀ ਸੰਪਤੀਆਂ ਵਿਚੋਂ 75,055 ਏਕੜ ਜ਼ਮੀਨ ਅਤੇ 15,849 ਸ਼ਹਿਰੀ ਯੂਨਿਟਾਂ ਨੂੰ ਲੀਜ਼ 'ਤੇ ਦੇਣ ਨਾਲ ਹੋਈ । ਇਸ ਸਥਿਤੀ 'ਚ ਬਾਕੀ 34,349 ਏਕੜ ਜ਼ਮੀਨ ਅਤੇ 30,650 ਸ਼ਹਿਰੀ ਯੂਨਿਟਾਂ ਨੂੰ ਲੀਜ਼ 'ਤੇ ਨਹੀਂ ਦਿੱਤੀ ਗਈ ਤਾਂ ਕੀ ਇਹ ਸੰਪਤੀ ਨਜਾਇਜ਼ ਕਬਜ਼ਿਆਂ ਹੇਠ ਹਨ ?

## ਵਿਚਾਰ ਆਪੋ-ਆਪਣਾ



**ਪਾਕਿਸਤਾਨ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ: ਸੀਮਤ ਅਧਿਕਾਰਾਂ ਵਾਲੀ ਸੰਸਥਾ**-ਪਾਕਿਸਤਾਨ 'ਚ ਗੁਰਦੁਆਰਿਆਂ ਦੇ ਪ੍ਰਬੰਧ ਸੰਬੰਧੀ ਪਾਕਿਸਤਾਨ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੀ ਮੌਜੂਦ ਹੈ। ਜਿਸ ਦੀ ਸਥਾਪਨਾ 1999 ਵਿੱਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਅੰਮ੍ਰਿਤਸਰ ਦੇ ਸਮਾਨਾਂਤਰ ਇੱਕ ਪ੍ਰਬੰਧਕੀ ਢਾਂਚੇ ਵਜੋਂ ਕੀਤੀ ਗਈ। ਪਰ ਇਸ ਦੇ ਪ੍ਰਧਾਨ ਸਮੇਤ 13 ਮੈਂਬਰ ਪਾਕਿਸਤਾਨ ਸਰਕਾਰ ਵੱਲੋਂ ਹੀ ਨਾਮਜ਼ਦ ਕੀਤੇ ਜਾਂਦੇ ਹਨ। ਕਮੇਟੀ ਦੀ ਭੂਮਿਕਾ ਮੁੱਖ ਤੌਰ 'ਤੇ ਕਾਰਜਸ਼ੀਲ ਗੁਰਦੁਆਰਿਆਂ ਦੀਆਂ ਗੋਲਕਾਂ ਵਿੱਚ ਪ੍ਰਾਪਤ ਭੇਟਾਵਾਂ ਦਾ ਪ੍ਰਬੰਧ, ਗੁਰੂ ਕਾ ਲੰਗਰ, ਕੜਾਹ ਪ੍ਰਸ਼ਾਦ, ਯਾਤਰੀਆਂ ਲਈ ਰਿਹਾਇਸ਼ ਅਤੇ ਹੋਰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣ ਦੇ ਨਾਲ ਗ੍ਰੰਥੀ ਸਿੰਘਾਂ, ਰਾਗੀ ਜਥਿਆਂ ਅਤੇ ਹੋਰ ਸੇਵਾਦਾਰਾਂ ਦੇ ਮਾਣ-ਭੱਤਿਆਂ ਦਾ ਪ੍ਰਬੰਧ ਕਰਨ ਤੱਕ ਸੀਮਤ ਹੈ। ਜਿਸ ਨੇ ਪਿਛਲੇ 26 ਸਾਲਾਂ ਦੌਰਾਨ ਇਕ ਵਾਰ ਵੀ ਆਪਣੇ ਸਾਲਾਨਾ ਬਜਟ ਜਾਂ ਆਮਦਨ-ਖ਼ਰਚ ਦੇ ਵੇਰਵੇ ਜਨਤਕ ਨਹੀਂ ਕੀਤਾ ਹੈ। ਤਾਂ ਹੀ ਇਸ ਦੀ ਵਿੱਤੀ ਪਾਰਦਰਸ਼ਤਾ ਅਤੇ ਜਵਾਬਦੇਹੀ ਬਾਰੇ ਸਵਾਲ ਉੱਠਦੇ ਰਹੇ ਹਨ। ਇਸ ਤੋਂ ਇਲਾਵਾ 'ਪੰਜਾਬੀ ਸੰਗਤ' ਨਾਮ ਦੀ ਇੱਕ ਸੰਸਥਾ ਵੀ ਸਰਗਰਮ ਹੈ, ਜੋ ਅਖੰਡ ਪਾਠ ਅਤੇ ਵਿਦੇਸ਼ਾਂ ਤੋਂ ਆਉਣ ਵਾਲੀਆਂ ਸੰਗਤਾਂ ਨਾਲ ਤਾਲਮੇਲ ਦਾ ਕੰਮ ਕਰਦੀ ਹੈ। ਪਰ ਇਹ ਆਪਣੇ ਆਕਾਵਾਂ ਦੇ ਇਸ਼ਾਰੇ 'ਤੇ ਧਾਰਮਿਕ ਸੇਵਾ ਤੋਂ ਵੱਧ ਗੁਰਪੁਰਬਾਂ ਅਤੇ ਯਾਤਰਾਵਾਂ ਦੌਰਾਨ ਖਾਲਿਸਤਾਨ-ਸਮਰਥਕ ਰਾਜਨੀਤਿਕ ਪ੍ਰਚਾਰ ਨੂੰ ਉਤਸ਼ਾਹਿਤ ਕਰਦੀ ਹੈ।

**ਧਾਰਮਿਕ ਵਿਰਾਸਤ 'ਤੇ ਕਥਿਤ ਹਮਲੇ ਅਤੇ ਵਧਦੇ ਵਿਵਾਦ**-ਭਾਵੇਂ ਪਾਕਿਸਤਾਨ ਦੇ ਸੰਵਿਧਾਨ ਦੀ ਧਾਰਾ 20 ਗੈਰ-ਮੁਸਲਮਾਨਾਂ ਨੂੰ ਧਾਰਮਿਕ ਆਜ਼ਾਦੀ ਦੀ ਗਾਰੰਟੀ ਦਿੰਦੀ ਹੈ, ਪਰ ਵਿਹਾਰਕ ਤੌਰ 'ਤੇ ਉਨ੍ਹਾਂ ਨੂੰ ਇਹ ਹੱਕ ਹਾਸਲ ਨਹੀਂ ਹਨ। ਦੋ ਸਾਲ ਪਹਿਲਾਂ ਬਰਤਾਨਵੀ ਫ਼ੀਲਡ ਆਰਮੀ ਦੇ ਸਿੱਖ ਫ਼ੌਜੀਆਂ ਦੇ ਇੱਕ ਵਫ਼ਦ ਨਾਲ ਮੁਲਾਕਾਤ ਦੌਰਾਨ ਤਤਕਾਲੀ ਪਾਕਿਸਤਾਨੀ ਸੈਨਾ ਮੁਖੀ ਜਨਰਲ ਕਮਰ ਜਾਵੇਦ ਬਾਜਵਾ ਨੇ ਕਰਤਾਰਪੁਰ ਲਾਂਘੇ ਦਾ ਹਵਾਲਾ ਦਿੰਦਿਆਂ ਧਾਰਮਿਕ ਆਜ਼ਾਦੀ ਅਤੇ ਸਦਭਾਵਨਾ ਪ੍ਰਤੀ ਪਾਕਿਸਤਾਨ ਦੀ 'ਵਚਨਬੱਧਤਾ' ਦਾ ਦਾਅਵਾ ਕੀਤਾ ਸੀ। ਪਰ ਦੂਜੇ ਪਾਸੇ ਸਰਹੱਦੀ ਖੇਤਰਾਂ ਦੇ ਕਈ ਗੁਰਧਾਮਾਂ ਤੱਕ ਪਾਕਿਸਤਾਨੀ ਸਿੱਖਾਂ ਦੀ ਪਹੁੰਚ ਤਾਂ ਦੂਰ ਉਨ੍ਹਾਂ ਨੂੰ 'ਦੁਸ਼ਮਣ ਦੀ ਜਾਇਦਾਦ' ਤਕ ਕਰਾਰ ਦਿਤਾ ਗਿਆ ਹੋਵੇ ਤਾਂ ਇਨਾਂ ਦਾਅਵਿਆਂ ਦੇ ਕੀ ਅਰਥ ਰਹਿ ਜਾਂਦੇ ਹਨ ? ਇਤਿਹਾਸਕ ਗੁਰਦੁਆਰਿਆਂ, ਮੰਦਰਾਂ ਅਤੇ ਉਨ੍ਹਾਂ ਨਾਲ ਸੰਬੰਧਿਤ ਸੰਪਤੀਆਂ 'ਤੇ ਕਬਜ਼ਿਆਂ, ਦੁਰਵਰਤੋਂ ਅਤੇ ਅਣਗਹਿਲੀ ਲਗਾਤਾਰ ਸਾਹਮਣੇ ਆਉਂਦੀ ਰਹੀ। ਕਈ ਮਾਮਲਿਆਂ ਵਿੱਚ ਇਵੈਕੂਈ ਟਰੱਸਟ ਪ੍ਰਾਪਰਟੀ ਬੋਰਡ ਦੇ ਸਾਬਕਾ ਚੇਅਰਮੈਨ ਸਦੀਕ-ਉਲ-ਫ਼ਾਰੂਕ ਸਮੇਤ ਹੋਰਨਾਂ 'ਤੇ ਭੂ-ਮਾਫ਼ੀਆ ਦੀ ਮਦਦ ਕਰਨ ਕਾਰਨ ਬੋਰਡ ਦੀ ਭੂਮਿਕਾ ਵੀ ਕਈ ਵਾਰ ਸਵਾਲਾਂ ਦੇ ਘੇਰੇ ਵਿੱਚ ਰਹੀ। ਕਈ ਵਾਰ ਮਾਮਲੇ ਪਾਕਿਸਤਾਨ ਦੀ ਸੰਸਦ ਅਤੇ ਸੁਪਰੀਮ ਕੋਰਟ ਤੱਕ ਪਹੁੰਚੇ ਹਨ।

ਅਪ੍ਰੈਲ 2024 ਵਿੱਚ ਸੰਸਦ ਮੈਂਬਰ ਸੇਜਰਾ ਅਲੀ ਖ਼ਾਨ ਨੇ ਸ੍ਰੀ ਨਨਕਾਣਾ ਸਾਹਿਬ ਨਾਲ ਸੰਬੰਧਿਤ ਲਗਭਗ 20 ਏਕੜ ਜ਼ਮੀਨ ਦੇ ਮਾਮਲੇ ਵਿੱਚ ਇਵੈਕੂਈ ਟਰੱਸਟ ਪ੍ਰਾਪਰਟੀ ਬੋਰਡ ਦੀ ਜਾਂਚ ਦੀ ਮੰਗ ਕੀਤੀ। ਇਸ ਤੋਂ ਬਾਅਦ ਫ਼ਰਵਰੀ 2025 ਵਿੱਚ ਸੁਪਰੀਮ ਕੋਰਟ ਦੇ ਨਿਰਦੇਸ਼ਾਂ 'ਤੇ ਧਾਰਮਿਕ ਮੰਤਰਾਲੇ ਨੇ ਬੋਰਡ ਦਾ ਰਿਕਾਰਡ ਆਪਣੇ ਕਬਜ਼ੇ ਵਿੱਚ ਲੈ ਕੇ ਜਾਂਚ ਸ਼ੁਰੂ ਕੀਤੀ।

ਤਾਜ਼ਾ ਮਾਮਲਿਆਂ ਵਿੱਚ ਮੰਡੀ ਚੂੜਕਾਣਾ ਦੇ 125 ਸਾਲ ਪੁਰਾਣੇ ਗੁਰਦੁਆਰਾ ਸਿੰਘ ਸਭਾ ਨੂੰ ਜਬਰੀ ਢਾਹੇ ਜਾਣ ਅਤੇ ਕੁਝ ਵਕਤ ਪਹਿਲਾਂ ਸਿੱਖ ਰਾਜ ਸਮੇਂ ਦੇ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ (ਐਬਟਾਬਾਦ) ਨੂੰ ਬੋਰਡ ਦੇ ਅਧਿਕਾਰੀ ਵੱਲੋਂ ਵੇਚੇ ਜਾਣਾ ਸ਼ਾਮਲ ਹੈ। ਇਸ ਤੋਂ ਪਹਿਲਾਂ 2017 ਵਿੱਚ ਕਟਾਸ ਰਾਜ ਦੇ ਲਗਭਗ 1,500 ਸਾਲ ਪੁਰਾਣੇ ਸ਼੍ਰੀ ਰਾਮ ਅਤੇ ਹਨੂਮਾਨ ਮੰਦਰਾਂ ਦੀਆਂ ਕੀਮਤੀ ਮੂਰਤੀਆਂ ਗ.ਾਇਬ ਹੋਣ ਦਾ ਮਾਮਲਾ ਸੁਪਰੀਮ ਕੋਰਟ ਤੱਕ ਪਹੁੰਚਿਆ। 2014 ਵਿੱਚ ਡੇਰਾ ਇਸਮਾਈਲ ਖ਼ਾਨ ਦਾ ਇਤਿਹਾਸਕ ਕਾਲੀ ਬਾਰੀ ਮੰਦਰ ਤਾਜ ਹੋਟਲ ਵਿੱਚ ਤਬਦੀਲ ਕਰ ਦਿੱਤਾ ਗਿਆ।

ਲਾਹੌਰ ਦੇ ਡੇਰਾ ਸਾਹਿਬ ਕੰਪਲੈਕਸ ਸਥਿਤ ਗੁਰਦੁਆਰਾ ਬੇਬੇ ਨਾਨਕੀ ਨਾਲ ਸੰਬੰਧਿਤ ਲਗਭਗ 800 ਕਰੋੜ ਰੁਪਏ ਮੁੱਲ ਦੀ ਜ਼ਮੀਨ ਨੂੰ ਰਿਹਾਇਸ਼ੀ ਕਾਲੋਨੀ ਕੱਟਣ ਦੇ ਨਾਂ 'ਤੇ ਖ਼ੁਰਦ-ਬੁਰਦ ਕਰ ਦਿੱਤਾ ਗਿਆ, ਜਦਕਿ 2019 ਵਿੱਚ ਨੈਰੋਵਾਲ ਦੇ ਸਦੀਆਂ ਪੁਰਾਣੇ ਨਾਨਕ ਮਹਿਲ ਦਾ ਇੱਕ ਹਿੱਸਾ ਢਾਹ ਕੇ ਉਸ ਦੇ ਕੀਮਤੀ ਦਰਵਾਜ਼ੇ ਅਤੇ ਖਿੜਕੀਆਂ ਵੇਚੇ ਜਾਣ ਦੇ ਮਾਮਲੇ ਸਾਹਮਣੇ ਆਏ। ਸਾਲ 2011 ਵਿੱਚ ਚੂਨਾ ਮੰਡੀ, ਲਾਹੌਰ ਸਥਿਤ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਅਸਥਾਨ ਨੇੜੇ ਗੁਰਦੁਆਰਾ ਦੀਵਾਨਖਾਨਾ ਸੁੰਦਰ ਦੀ ਜ਼ਮੀਨ ਵੇਚੇ ਜਾਣ ਤੋਂ ਬਾਅਦ ਉਸ ਦੀ ਹੋਂਦ ਹੀ ਮਿਟ ਗਈ। ਰਾਵਲਪਿੰਡੀ ਦੇ ਰਾਜਾ ਬਜ਼ਾਰ ਸਥਿਤ ਗੁਰਦੁਆਰਾ ਸ੍ਰੀ ਦਮਦਮਾ ਸਾਹਿਬ ਕੰਪਲੈਕਸ ਬੁੱਚੜਖ਼ਾਨੇ, ਮੀਟ ਦੀਆਂ ਦੁਕਾਨਾਂ ਅਤੇ ਹੋਰ ਵਪਾਰਕ ਵਰਤੋਂ ਦਾ ਸ਼ਿਕਾਰ ਹੋਣਾ ਸਿੱਖ ਹਿਰਦਿਆਂ ਨੂੰ ਵਲੂੰਧਰਨ ਦਾ ਕਾਰਨ ਕਿਵੇਂ ਨਾ ਬਣਦਾ ?

ਮਹਾਰਾਜਾ ਰਣਜੀਤ ਸਿੰਘ ਵੱਲੋਂ ਬਣਵਾਇਆ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ, ਮਾਹਲਾ ਮੰਡੀ (ਸਾਹੀਵਾਲ) ਨੂੰ ਪੁਲੀਸ ਥਾਣੇ ਵਿੱਚ ਤਬਦੀਲ ਕੀਤਾ ਜਾ ਚੁੱਕਾ ਹੈ। ਗੁਰਦੁਆਰਾ ਬਾਬੇ ਦੀ ਬੇਰ (ਸਿਆਲਕੋਟ), ਗੁਰਦੁਆਰਾ ਭਾਈ ਲਾਲੋ ਜੀ (ਤਤਲੇਆਂਨੀ), ਗੁਰਦੁਆਰਾ ਬਾਬਾ ਜਮੀਅਤ ਸਿੰਘ (ਲਾਹੌਰ), ਸ਼ਹੀਦ ਭਾਈ ਤਾਰੂ ਸਿੰਘ ਦੀ ਸਮਾਧ ਕੋਲ ( ਲਾਹੌਰ) ਅਤੇ ਗੁਰਦੁਆਰਾ ਪਾਤਸ਼ਾਹੀ ਛੇਵੀਂ (ਅਮਰ ਸਿੱਧੂ) ਵਿਖੇ ਨਜਾਇਜ਼ ਕਬਜ਼ਿਆਂ ਦੇ ਮਕਸਦ ਨਾਲ ਪੀਰਾਂ ਦੀਆਂ ਥਾਵਾਂ ਬਣਾ ਦਿੱਤੀਆਂ ਗਈਆਂ ਹਨ। ਗੁਰਦੁਆਰਾ ਕਰਮ ਸਿੰਘ ਆਹਲੂਵਾਲੀਆ ਪਹਿਲਾਂ ਪੁਲੀਸ ਥਾਣੇ ਵਜੋਂ ਵਰਤਿਆ ਜਾਂਦਾ ਰਿਹਾ ਅਤੇ ਮੌਜੂਦਾ ਮੁਰੰਮਤ ਦੌਰਾਨ ਇਸ ਦੇ ਇਤਿਹਾਸ ਨਾਲ ਛੇੜਛਾੜ ਕੀਤੀ ਗਈ। ਜ਼ਿਲ੍ਹਾ ਕਸੂਰ ਦੇ ਪਿੰਡ ਦਫ਼ਤੂਹ ਦਾ ਇਤਿਹਾਸਕ ਗੁਰਦੁਆਰਾ, ਲਾਹੌਰ ਦੇ ਪਿੰਡ ਮਾਣਕ ਦਾ ਗੁਰਦੁਆਰਾ, ਇਸਲਾਮਾਬਾਦ ਨੇੜੇ ਕਨੇਹਾ ਦਾ ਗੁਰਦੁਆਰਾ ਅਤੇ ਪਿੰਡ ਕੁਰੀ ਦੀ ਇਤਿਹਾਸਕ ਸਿੱਖ ਬਾਰਾਂਦਰੀ ਪੂਰੀ ਤਰਾਂ ਢਹਿ-ਢੇਰੀ ਹੋਣ ਜਾ ਰਹੀ ਹੈ। ਕਸੂਰ ਦੇ ਫੂਲਨਗਰ ਸਥਿਤ ਗੁਰਦੁਆਰਾ ਭਾਈ ਫੇਰੂ, ਮੰਡੀ ਬਹਾਉਦੀਨ ਦੇ ਪਿੰਡ ਮੰਗਟ ਦਾ ਗੁਰਦੁਆਰਾ ਭਾਈ ਬੰਨੂ, ਜੈਸੁਖ ਦਾ ਗੁਰਦੁਆਰਾ ਕੇਹਰ ਸਿੰਘ, ਗੁਰਦੁਆਰਾ ਅਜੀਤਸਰ, ਉਕਾੜਾ ਦਾ ਦਰਬਾਰ ਬਾਬਾ ਸ੍ਰੀ ਚੰਦ, ਗੁਰਦੁਆਰਾ ਮਾਮੇਸਰ, ਛੋਟਾ ਨਣਕਿਆਣਾ, ਗੁਰਦੁਆਰਾ ਥੰਮ੍ਹ ਸਾਹਿਬ (ਕਸੂਰ), ਗੁਰਦੁਆਰਾ ਬਾਬਾ ਗੁਰਬਖ਼ਸ਼ ਸਿੰਘ (ਨੈਨਾਕੋਟ), ਗੁਰਦੁਆਰਾ ਟਾਹਲੀ ਸਾਹਿਬ ਅਤੇ ਗੁਰਦੁਆਰਾ ਰਾਮਪੁਰ ਖ਼ੁਰਦ 'ਤੇ ਕਥਿਤ ਕਬਜ਼ੇ ਕਰਕੇ ਪਸ਼ੂ ਬੰਨ੍ਹੇ ਜਾਣ ਦੀਆਂ ਸ਼ਿਕਾਇਤਾਂ ਸਾਹਮਣੇ ਆਈਆਂ ਹਨ।

ਇਸੇ ਤਰ੍ਹਾਂ ਗੁਰਦੁਆਰਾ ਸ਼ਹੀਦ ਗੰਜ ਭਾਈ ਮਨੀ ਸਿੰਘ (ਲਾਹੌਰ), ਗੁਰਦੁਆਰਾ ਸਿੰਘ ਸਭਾ (ਚਕਵਾਲ), ਗੁਰਦੁਆਰਾ ਸਮਾਧ ਭਾਈ ਥਾਨ ਸਿੰਘ (ਅਟਕ), ਗੁਰਦੁਆਰਾ ਬਲਾਕ ਨੰਬਰ-2 (ਸਰਗੋਧਾ), ਗੁਰਦੁਆਰਾ ਖੂਹ ਭਾਈ ਲਾਲੋ ਜੀ (ਐਮਨਾਬਾਦ), ਗੁਰਦੁਆਰਾ ਕਿਲ੍ਹਾ ਸ਼ੇਖ਼ੂਪੁਰਾ, ਗੁਰਦੁਆਰਾ ਚੁਬੱਚਾ ਸਾਹਿਬ, ਗੁਰਦੁਆਰਾ ਲਹੂ ਦਾ ਸਾਹਿਬ, ਗੁਰਦੁਆਰਾ ਕਿਲ੍ਹਾ ਸਾਹਿਬ (ਹਾਫ਼ਿਜ਼ਾਬਾਦ), ਗੁਰਦੁਆਰਾ ਸ੍ਰੀ ਟਿੱਬਾ ਨਾਨਕਸਰ ਸਾਹਿਬ (ਪਾਕਪਟਨ) ਅਤੇ ਹਰੀ ਸਿੰਘ ਨਲਵਾ ਵੱਲੋਂ ਉਸਾਰਿਆ ਮਾਨਸਹੇਰਾ ਸਥਿਤ ਗੁਰਦੁਆਰਾ ਸਾਹਿਬ ਵੀ ਅਣਗਹਿਲੀ, ਨਾਜਾਇਜ਼ ਕਬਜ਼ਿਆਂ ਜਾਂ ਮੁਰੰਮਤ ਦੀ ਉਡੀਕ 'ਚ ਹੈ। ਗੁੱਜਰਾਂਵਾਲਾ ਦੀ ਮੱਛੀ ਮੰਡੀ ਵਿੱਚ ਸਥਿਤ ਮਹਾਰਾਜਾ ਰਣਜੀਤ ਸਿੰਘ ਦੀ ਜੱਦੀ ਹਵੇਲੀ, ਸੁਰੱਖਿਅਤ ਸਮਾਰਕ ਐਲਾਨੇ ਜਾਣ ਦੇ ਬਾਵਜੂਦ, ਖੰਡਰ ਬਣ ਰਹੀ ਹੈ।

**ਬਾਰਡਰ ਨੇੜੇ ਖੰਡਿਤ ਹੋ ਰਹੇ ਗੁਰਦੁਆਰੇ**-ਭਾਰਤ-ਪਾਕਿਸਤਾਨ ਸਰਹੱਦ ਨਾਲ ਲੱਗਦੇ ਅਨੇਕ ਇਤਿਹਾਸਕ ਗੁਰਦੁਆਰੇ ਵੀ ਅਣਗਹਿਲੀ ਕਾਰਨ ਖੰਡਰ ਬਣਦੇ ਜਾ ਰਹੇ ਹਨ। ਲਾਹੌਰ ਦੇ ਪਿੰਡ ਜਾਹਮਣ ਵਿੱਚ ਗੁਰੂ ਨਾਨਕ ਦੇਵ ਜੀ ਦੀ ਯਾਦ ਵਿੱਚ ਬਣਿਆ ਗੁਰਦੁਆਰਾ ਰੋੜੀ ਸਾਹਿਬ ਮੀਂਹ ਕਾਰਨ ਪਿਛਲੇ ਸਾਲ ਢਹਿ ਚੁੱਕਾ ਹੈ। ਸਰਹੱਦ ਨੇੜੇ ਕਰਤਾਰਪੁਰ ਸਾਹਿਬ ਕੋਲ ਹੁਦੀਆਰਾ ਦਾ ਗੁਰਦੁਆਰਾ ਪਾਤਸ਼ਾਹੀ ਛੇਵੀਂ, ਪਿੰਡ ਖੜਕ ਦਾ ਗੁਰਦੁਆਰਾ ਬੇਰ ਸਾਹਿਬ ਪਾਤਸ਼ਾਹੀ ਛੇਵੀਂ, ਪਢਾਣਾ ਦਾ ਗੁਰਦੁਆਰਾ ਛੇਵੀਂ ਪਾਤਸ਼ਾਹੀ, ਢਿਲਵਾਂ ਦਾ ਗੁਰਦੁਆਰਾ ਮੰਜੀ ਸਾਹਿਬ ਪਾਤਸ਼ਾਹੀ ਛੇਵੀਂ, ਬਰਕੀ ਰੋਡ ਦਾ ਗੁਰਦੁਆਰਾ ਲਹੁੜਾ ਸਾਹਿਬ (ਪਹਿਲੀ ਪਾਤਸ਼ਾਹੀ), ਮਨਿਹਾਲਾ (ਸਾਧਾਂਵਾਲੀ) ਦਾ ਗੁਰਦੁਆਰਾ ਪਾਤਸ਼ਾਹੀ ਛੇਵੀਂ, ਰਾਮਪੁਰ ਖ਼ੁਰਦ ਦਾ ਗੁਰਦੁਆਰਾ ਪਾਤਸ਼ਾਹੀ ਛੇਵੀਂ, ਪਿੰਡ ਝੱਲੀਆਂ ਦਾ ਗੁਰਦੁਆਰਾ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ, ਕੰਗਣਪੁਰ ਦਾ ਗੁਰਦੁਆਰਾ ਮਾਲ ਜੀ ਸਾਹਿਬ, ਕਾਦੀਵਿੰਡ ਵਿਖੇ ਗੁਰੂ ਅਮਰਦਾਸ ਜੀ ਨਾਲ ਸੰਬੰਧਿਤ ਗੁਰਦੁਆਰਾ, ਤਰਗੇ ਦੀਆਂ ਇਤਿਹਾਸਕ ਯਾਦਗਾਰਾਂ, ਵਜ਼ੀਰਾਬਾਦ ਦਾ ਗੁਰਦੁਆਰਾ ਸ੍ਰੀ ਗੁਰੂ ਕੋਠਾ ਸਾਹਿਬ, ਤਰਗੀ ਨੇੜੇ ਗੁਰੂ ਰਾਮਦਾਸ ਜੀ ਨਾਲ ਸੰਬੰਧਿਤ ਗੁਰਦੁਆਰਾ ਝਾੜੀ ਸਾਹਿਬ ਖੰਡਿਤ ਹੋ ਕੇ ਅਲੋਪ ਹੋਣ ਕਿਨਾਰੇ ਹਨ। ਮਕਬੂਜ਼ਾ ਕਸ਼ਮੀਰ (ਪੀਓਕੇ) ਦੀਆਂ ਤਹਿਸੀਲਾਂ ਨਲੂਛੀ ਅਤੇ ਭਿੰਬਰ ਦੇ ਪਿੰਡ ਅਲੀਬੇਗ ਵਿੱਚ ਸਥਿਤ ਛੇਵੀਂ ਪਾਤਸ਼ਾਹੀ ਨਾਲ ਸੰਬੰਧਿਤ ਗੁਰਦੁਆਰੇ ਸੇਵਾ-ਸੰਭਾਲ ਦੀ ਘਾਟ ਕਾਰਨ ਤਰਸਯੋਗ ਹਾਲਤ ਵਿੱਚ ਹਨ। ਪਾਕਿਸਤਾਨ ਵਾਲੇ ਪਾਸੇ ਸਰਹੱਦ ਨਾਲ ਲੱਗਦੇ ਲਗਭਗ 100 ਇਤਿਹਾਸਕ ਗੁਰਦੁਆਰੇ ਅਜਿਹੀ ਹੀ ਅਣਗਹਿਲੀ ਦਾ ਸ਼ਿਕਾਰ ਹਨ। ਕਈ ਥਾਵਾਂ 'ਤੇ ਸਥਾਨਕ ਲੋਕਾਂ ਨੇ ਉਨ੍ਹਾਂ ਵਿੱਚ ਮਾਲ-ਡੰਗਰ ਬੰਨ੍ਹੇ ਹੋਏ ਹਨ, ਪਰ ਇਨ੍ਹਾਂ ਗੁਰਧਾਮਾਂ ਨੂੰ ਨਾਜਾਇਜ਼ ਕਬਜ਼ਿਆਂ ਤੋਂ ਮੁਕਤ ਕਰਵਾਉਣ ਲਈ ਪ੍ਰਭਾਵਸ਼ਾਲੀ ਯਤਨ ਨਹੀਂ ਕੀਤੇ ਗਏ। ਮੰਦਰ ਤੇ ਗੁਰਦੁਆਰੇ ਧਾਰਮਿਕ ਆਸਥਾ ਦਾ ਹੀ ਨਹੀਂ, ਸਗੋਂ ਵਿਸ਼ਵ ਸਭਿਆਚਾਰਕ ਵਿਰਾਸਤ, ਧਾਰਮਿਕ ਆਜ਼ਾਦੀ ਅਤੇ ਮਨੁੱਖੀ ਅਧਿਕਾਰਾਂ ਨਾਲ ਜੁੜਿਆ ਸਵਾਲ ਵੀ ਹੈ। ਇਸ ਲਈ ਪਾਕਿਸਤਾਨ ਸਰਕਾਰ ਨੂੰ ਚਾਹੀਦਾ ਹੈ ਕਿ ਇਨਾਂ ਅਸਥਾਨਾਂ ਦੀ ਸੰਭਾਲ, ਨਾਜਾਇਜ਼ ਕਬਜ਼ਿਆਂ ਅਤੇ ਬੇਨਿਯਮੀਆਂ ਦੀ ਨਿਰਪੱਖ ਜਾਂਚ, ਧਾਰਮਿਕ ਸੰਪਤੀਆਂ ਦੇ ਪਾਰਦਰਸ਼ੀ ਪ੍ਰਬੰਧ ਅਤੇ ਘੱਟ-ਗਿਣਤੀ ਭਾਈਚਾਰਿਆਂ ਦੇ ਸੰਵਿਧਾਨਕ ਅਧਿਕਾਰਾਂ ਦੀ ਪ੍ਰਭਾਵਸ਼ਾਲੀ ਸੁਰੱਖਿਆ ਯਕੀਨੀ ਬਣਾਏ, ਤਾਂ ਜੋ ਇਹ ਅਨਮੋਲ ਵਿਰਾਸਤ ਆਉਣ ਵਾਲੀਆਂ ਪੀੜ੍ਹੀਆਂ ਲਈ ਵੀ ਸੁਰੱਖਿਅਤ ਰਹਿ ਸਕੇ।

**— ਪ੍ਰੋ. ਸਰਚਾਂਦ ਸਿੰਘ ਖਿਆਲਾ , ਬੁਲਾਰਾ, ਭਾਜਪਾ ਪੰਜਾਬ )**
**ਮੋਬਾਈਲ: 9781355522**

## ਪੰਥ ਦਰਦੀਓ ਅਤੇ ਇਨਸਾਫ਼ ਪਸੰਦ ਵੀਰੋ ਬੰਦੀ ਸਿੰਘਾ ਦੀ ਰਿਹਾਈ ਅਤੇ ਕਾਲੀ ਸੁੱਚੀ ਖਤਮ ਕਰਾਉਣ ਲਈ 4 ਜੁਲਾਈ 2026 ਨੂੰ ਮਾਧੋਪੁਰ (ਸਰਹਿੰਦ) ਵਿਖੇ 11 ਤੋ 2 ਵਜੇ ਤੱਕ ਰੇਲਾਂ ਰੋਕੀਏ : ਕਰਨੈਲ ਸਿੰਘ ਪੰਜੋਲੀ



**ਫ਼ਤਹਿਗੜ੍ਹ ਸਾਹਿਬ, 3 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਜਥੇਦਾਰ ਕਰਨੈਲ ਸਿੰਘ ਪੰਜੋਲੀ ਮੈਂਬਰ ਸ਼੍ਰੋਮਣੀ ਗੁਰਦੂਆਰਾ ਪ੍ਰਬੰਧਕ ਕਮੇਟੀ ਨੇ ਕਿਹਾ ਕਿ ਬੰਦੀ ਸਿੰਘ ਸਾਡੇ ਜੰਗੀ ਕੈਦੀ ਹੈ । ਭਾਰਤ ਸਰਕਾਰ ਦੇ ਹੁਕਮਾਂ ਤਹਿਤ ਸੱਚ ਖੰਡ ਸ੍ਰੀ ਦਰਬਾਰ ਸਾਹਿਬ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਉੱਤੇ ਭਾਰਤੀ ਫੌਜ ਨੇ ਟੈਂਕਾਂ ਤੋਪਾਂ ਨਾਲ ਹਮਲਾ ਕੀਤਾ ਸੀ ਅਤੇ ਦਰਬਾਰ ਸਾਹਿਬ ਦੀਆਂ ਪਰਕਰਮਾ ਵਿੱਚ ਸਿੱਖੀ ਸ਼ਹੀਦ ਕੀਤੀ ਸੀ । ਇਹ ਹਮਲਾ ਸਿੱਖ ਕੌਮ ਦੀ ਨਸ਼ਲਕੁ ਸੀ ਕਰਨ ਲਈ ਕੀਤਾ ਗਿਆ ਸੀ । ਇਸੇ ਤਰਾ ਝੁੱਠੇ ਪੁਲੀਸ ਮੁਕਾਬਲਿਆਂ ਵਿੱਚ ਵੀ ਸਰਕਾਰ ਨੇ ਸਿੱਖਾਂ ਦੀ ਨਸਲਕੁਸ਼ੀ ਕਰਨ ਦਾ ਪੂਰਾ ਜ਼ੋਰ ਲਾਇਆ ਸੀ । ਸਿੱਖ ਪੰਥ ਉੱਤੇ ਜੁਲਮ ਕਰਨ ਵਾਲਿਆਂ ਦੁਸਟਾ ਨੂੰ ਜਿਹਨਾ ਯੋਧਿਆ ਨੇ ਸੋਧਾ ਲਾਇਆ ਸੀ , ਉਹਨਾ ਸੁਰਮਿਆਂ ਨੂੰ ਅਦਾਲਤਾਂ ਨੇ ਜੋ ਸਜ਼ਾਵਾਂ ਦਿੱਤੀਆਂ ਸਨ । ਉਹ ਸਜ਼ਾਵਾਂ ਉਹਨਾਂ ਨੇ ਪੂਰੇ ਸਿਦਕ ਨਾਲ ਕੱਟ ਲਈਆਂ ਹਨ । ਅਦਾਲਤਾਂ ਅਤੇ ਸਰਕਾਰਾਂ ਘੱਟ ਗਿਣਤੀ ਕੌਮਾਂ ਦੀ ਹੋਂਦ ਖਤਮ ਕਰਨ ਦੀ ਸਾਜ਼ਿਸ਼ ਤਹਿਤ ਇਹਨਾ ਯੋਧਿਆ ਨੂੰ ਰਿਹਾ ਨਹੀ ਕਰ ਰਹੀ । ਦੂਸਰੇ ਪਾਸੇ ਸਿੱਖ ਪੰਥ , ਆਗੂ ਵਿਹੂਣੀ ਹੋ ਗਈ ਹੈ । ਸਿੱਖ ਆਗੂ ਨਿੱਕੇ ਨਿੱਕੇ ਧੜੇ ਬਣਾਕੇ ਖੁਦਗਰਜੀ ਦੀ ਰਾਜਨੀਤੀ ਕਰ ਰਹੇ ਹਨ । ਇਹ ਹੀ ਕਾਰਨ ਹੈ ਸਿੱਖ ਪੰਥ ਖੇਰੂ ਖੇਰੂ ਹੋਇਆ ਪਿਆ ਹੈ ਅਤੇ ਸਿੱਖ ਸ਼ਕਤੀ ਕਮਜ਼ੋਰ ਪੈ ਗਈ ਹੈ । ਸਿੱਖ ਪੰਥ ਦੀਆਂ ਮਹਾਨ ਸੰਸਥਾਵਾਂ ਸ੍ਰੀ ਅਕਾਲ ਤਖਤ ਸਾਹਿਬ ਅਤੇ ਸ਼੍ਰੋਮਣੀ ਗੁਰਦੂਆਰਾ ਪ੍ਰਬੰਧਕ ਕਮੇਟੀ ਜਿਹਨਾ ਨੇ ਪੰਥਕ ਹਿੱਤਾ ਦੀ ਰਾਖੀ ਲਈ ਸਿੱਖ ਕੌਮ ਨੂੰ ਸਹੀ ਅਗਵਾਈ ਦੇਣੀ ਸੀ ਉਹ ਬਹੁਤ ਹੀ ਸੌੜੀ ਰਾਜਨੀਤੀ ਵਿੱਚ ਉਲਝ ਕੇ ਰਹਿ ਗਈਆਂ ਹਨ । ਪੰਥ ਦੀ ਰਾਜਸ਼ੀ ਧਿਰ ਸ਼੍ਰੋਮਣੀ ਅਕਾਲੀ ਦੱਲ ਦੇ ਆਗੂ ਤਾ ਇਹਨਾ ਯੋਧਿਆ ਨੂੰ ਕਾਤਲ ਦੱਸ ਕੇ ਇੱਕ ਤਰਾ ਨਾਲ ਸਰਕਾਰ ਨੂੰ ਸੁਨੇਹਾ ਹੀ ਦੇ ਰਹੇ ਹਨ ਕਿ ਇਹਨਾ ਨੂੰ ਰਿਹਾ ਨਾ ਕੀਤਾ ਜਾਵੇ । ਮੈਨੂੰ ਲੱਗਦਾ ਹੈ ਕਿ ਬੰਦੀ ਸਿੰਘਾ ਦੀ ਰਿਹਾਈ ਅਤੇ ਕਾਲੀ ਸੁੱਚੀ ਖਤਮ ਕਰਾਉਣ ਲਈ ਸਿੱਖ ਕੌਮ ਨੂੰ ਆਪ ਹੀ ਜੁਝਣਾ ਚਾਹੀਦਾ ਹੈ । ਸੋ ਮੇਰੀ ਬੇਨਤੀ ਹੈ ਕਿ ਕੌਮੀ ਇਨਸਾਫ਼ ਮੋਰਚੇ ਵੱਲੋਂ ਬੰਦੀ ਸਿੰਘਾ ਦੀ ਰਿਹਾਈ ਅਤੇ ਕਾਲੀ ਸੁੱਚੀ ਖਤਮ ਕਰਾਉਣ ਲਈ 4 ਜੁਲਾਈ 2026 ਨੂੰ ਮਾਧੋਪੁਰ ਸਰਹਿੰਦ ਵਿੱਖੇ 11 ਤੋ 2 ਵਜੇ ਤੱਕ ਰੇਲ ਰੋਕੂ ਪ੍ਰੋਗਰਾਮ ਦਿੱਤਾ ਗਿਆ ਹੈ । ਹਰ ਪੰਥ ਦਰਦੀ ਅਤੇ ਹਰ ਇਨਸਾਫ ਪਸੰਦ ਵੀਰਾਂ ਨੂੰ ਬੇਨਤੀ ਹੈ ਕਿ 4 ਜੁਲਾਈ ਨੂੰ ਰੇਲ ਰੋਕੂ ਪ੍ਰੋਗਰਾਮ ਵਿੱਚ ਸ਼ਾਮਲ ਹੋ ਕੇ ਅਪਣਾ ਕੌਮੀ ਫਰਜ ਨਿਭਾਈਏ — ਕਰਨੈਲ ਸਿੰਘ ਪੰਜੋਲੀ ਮੈਂਬਰ ਸ਼੍ਰੋਮਣੀ ਗੁਰਦੂਆਰਾ ਪ੍ਰਬੰਧਕ ਕਮੇਟੀ -

## ਮਾਸਟਰ ਸਤਨਾਮ ਸਿੰਘ ਮਨਾਵਾਂ, ਮੁੱਖੀ ਐਂਟੀ ਡਰੱਗ ਐਸੋਸੀਏਸ਼ਨ, ਆਪਣੇ ਨਾਲ ਸੈਂਕੜੇ ਸਾਥੀਆਂ ਸਮੇਤ ਅਕਾਲੀ ਦਲ ਵਾਰਿਸ ਪੰਜਾਬ ਦੇ ਵਿੱਚ ਸ਼ਾਮਲ





**ਜਲੂਪੁਰ ਖੇੜਾ, 3 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਅੱਜ ਭਾਈ ਅਮ੍ਰਿਤਪਾਲ ਸਿੰਘ ਦੇ ਗ੍ਰਹਿ ਜਲੂਪੁਰ ਖੇੜਾ ਵਿਖੇ ਮਾਸਟਰ ਸਤਨਾਮ ਸਿੰਘ ਮਨਾਵਾਂ, ਮੁੱਖੀ ਐਂਟੀ ਡਰੱਗ ਐਸੋਸੀਏਸ਼ਨ, ਆਪਣੇ ਨਾਲ ਸੈਕੜੇ ਸਾਥੀਆਂ ਸਮੇਤ ਅਕਾਲੀ ਦਲ ਵਾਰਿਸ ਪੰਜਾਬ ਦੇ ਵਿੱਚ ਸ਼ਾਮਲ ਹੋਏ। ਇਸ ਮੌਕੇ ਸਾਬਕਾ ਸਰਪੰਚ ਤੇ ਐਂਟੀ ਡਰੱਗ ਐਸੋਸੀਏਸ਼ਨ ਦੇ ਜਨਰਲ ਸਕੱਤਰ ਭੁਪਿੰਦਰ ਸਿੰਘ ਵਲਟੋਹਾ, ਜ਼ਿਲ੍ਹਾ ਫਿਰੋਜ਼ਪੁਰ ਦੇ ਪ੍ਰਧਾਨ ਨਛੱਤਰ ਸਿੰਘ, ਬਲਾਕ ਪ੍ਰਧਾਨ ਕਾਰਜ ਸਿੰਘ ਪੂਨੀਆਂ, ਜਗਜੀਤ ਸਿੰਘ ਤਲਵੰਡੀ, ਸਤਨਾਮ ਸਿੰਘ ਘੜਿਆਲਾ, ਰਣਜੀਤ ਸਿੰਘ ਪੂਨੀਆਂ, ਜਥੇਦਾਰ ਦਿਦਾਰ ਸਿੰਘ ਪੂਨੀਆਂ, ਸੁਖਰਾਜ ਸਿੰਘ ਦਾਮੂਵਾਲ, ਜੋਬਨਪ੍ਰੀਤ ਸਿੰਘ, ਗੁਰਤਾਜਬੀਰ ਸਿੰਘ ਦਾਮੂਵਾਲ, ਨਿਰਮਲ ਸਿੰਘ, ਪ੍ਰਤਾਪ ਸਿੰਘ ਮਨਾਵਾਂ, ਰਸ਼ਪਾਲ ਸਿੰਘ ਮਨਾਵਾਂ, ਹਰਿੰਦਰ ਸਿੰਘ ਵਲਟੋਹਾ, ਪ੍ਰਭਜੀਤ ਸਿੰਘ, ਗੁਰਦੇਵ ਸਿੰਘ ਕੋਟਲੀ, ਕੁਲਦੀਪ ਸਿੰਘ ਅਤੇ ਮਨਦੀਪ ਸਿੰਘ ਨੇ ਪਾਰਟੀ ਦੀ ਮੈਂਬਰਸ਼ਿਪ ਗ੍ਰਹਿਣ ਕੀਤੀ। ਇਸ ਮੌਕੇ ਕਸ਼ਮੀਰ ਸਿੰਘ ਨਵਾਂਦਾ , ਭਾਈ ਜਸਕਰਨ ਸਿੰਘ ਕਾਹਨ ਸਿੰਘ ਵਾਲਾ ਅਤੇ ਪਰਮਜੀਤ ਸਿੰਘ ਜੌਹਲ ਕੋਆਰਡੀਨੇਟਰ, ਬਾਪੂ ਤਰਸੇਮ ਸਿੰਘ ਹੋਣਾ ਸਾਥੀਆਂ ਦਾ ਪਾਰਟੀ ਵਿੱਚ ਸਵਾਗਤ ਕੀਤਾ। ਇਸ ਸਮਾ ਦੌਰਾਨ ਪ੍ਰਗਟ ਸਿੰਘ ਮੱਖੂ ਜ, ਦਲਜੀਤ ਸਿੰਘ ਢਿੱਲੋਂ ਅਤੇ ਪ੍ਰੀਤਪਾਲ ਸਿੰਘ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ। ਅਸੀਂ ਪਾਰਟੀ ਦੀ ਵਿਚਾਰਧਾਰਾ ਅਨੁਸਾਰ ਪੰਜਾਬ, ਪੰਜਾਬੀਅਤ ਅਤੇ ਲੋਕਾਂ ਦੇ ਹੱਕਾਂ ਦੀ ਰੱਖਿਆ ਲਈ ਪੂਰੀ ਇਮਾਨਦਾਰੀ, ਸਮਰਪਣ ਅਤੇ ਤਨਦੇਹੀ ਨਾਲ ਕੰਮ ਕਰਨ ਦਾ ਸੰਕਲਪ ਦੁਹਰਾਉਂਦੇ ਹਾਂ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਵਿਆਹ ਪੁਰਬ 'ਤੇ ਵਿਸ਼ੇਸ਼

# ਜਦੋਂ ਪਿੰਡ ਬਿਲਗਾ ਵਿਖੇ ਪੰਚਮ ਪਾਤਸ਼ਾਹ ਬਰਾਤ ਸਮੇਤ ਠਹਿਰੇ



**ਦੁਆਬੇ** ਦੀ ਧਰਤੀ ਦਾ ਇਤਿਹਾਸਕ ਪਿੰਡ ਬਿਲਗਾ (ਜਲੰਧਰ) ਸ਼ਹੀਦਾਂ ਦੇ ਸਿਰਤਾਜ, ਬਾਣੀ ਦੇ ਬੋਹਿਥ ਸ੍ਰੀ ਗੁਰੂ ਅਰਜਨ ਦੇਵ ਜੀ ਦਾ ਚਰਨ ਛੋਹ ਪ੍ਰਾਪਤ ਇਤਿਹਾਸਕ ਪਿੰਡ ਹੈ । ਇਹ ਪਿੰਡ ਪੰਜਾਬ ਦੇ ਵੱਡੇ ਪਿੰਡਾਂ ਵਿੱਚੋਂ ਪ੍ਰਸਿੱਧੀ ਪ੍ਰਾਪਤ ਨਗਰ ਹੈ । ਇਸ ਧਰਤੀ ਨੇ ਸਮੇਂ-ਸਮੇਂ ਅਨੇਕਾਂ ਧਾਰਮਿਕ, ਰਾਜਨੀਤਿਕ ਅਤੇ ਉੱਘੀਆਂ ਸਮਾਜ ਸੇਵਕ ਸ਼ਖ਼ਸੀਅਤਾਂ ਨੂੰ ਜਨਮ ਦਿੱਤਾ । ਇਹ ਪਿੰਡ ਜ਼ਿਲ੍ਹਾ ਜਲੰਧਰ ਦੀ ਤਹਿਸੀਲ ਫਿਲੌਰ ਵਿਖੇ ਸਥਿਤ ਹੈ । ਇਤਿਹਾਸਕ ਤੱਥਾਂ ਮੁਤਾਬਕ ਇਹ ਪਿੰਡ ਗੁਰੂ-ਕਾਲ ਸਮੇਂ ਝੌਂਪੜੀਆਂ ਵਿੱਚ ਵੱਸਦਾ ਸੀ । ਇਹ ਝੌਂਪੜੀਆਂ ਹਰ ਸਾਲ ਕੁਦਰਤ ਦੀ ਕਰੋਪੀ ਦਾ ਸ਼ਿਕਾਰ ਹੋ ਜਾਂਦੀਆਂ ਸਨ । ਗੁਰੂ ਨਾਨਕ ਸਾਹਿਬ ਦੇ ਪੰਜਵੇਂ ਸਰੂਪ ਸ੍ਰੀ ਗੁਰੂ ਅਰਜਨ ਦੇਵ ਜੀ ਜਦੋਂ ਮਾਤਾ ਗੰਗਾ ਜੀ ਨੂੰ ਵਿਆਹੁਣ ਲਈ ਇਥੋਂ ਨੇੜੇ ਵੱਸੇ ਪਿੰਡ ਮੌ-ਸਾਹਿਬ ਬਰਾਤ ਸਮੇਤ ਪਿੰਡ ਬਿਲਗਾ ਤੋਂ ਗੁਜ਼ਰ ਰਹੇ ਸਨ । ਇਸ ਸਮੇਂ ਪਿੰਡ ਬਿਲਗਾ ਵਿੱਚ ਵੱਸਣ ਵਾਲੇ ਸ਼ਰਧਾਵਾਨ ਗੁਰੂ ਨਾਨਕ ਨਾਮ ਲੇਵਾ ਗੁਰਸਿੱਖਾਂ ਦੇ ਬੇਨਤੀ ਕਰਨ 'ਤੇ ਕੁਝ ਅਰਸੇ ਲਈ ਗੁਰੂ ਸਾਹਿਬ ਨੇ ਪੜਾਅ ਕੀਤਾ ਸੀ । ਸਮੁੱਚੇ ਪਿੰਡ ਵਾਸੀਆਂ ਨੇ ਗੁਰੂ ਸਾਹਿਬ ਅਤੇ ਬਰਾਤ ਦੀ ਆਉ ਭਗਤ ਅਤੇ ਸੇਵਾ ਬੜੀ ਸ਼ਰਧਾ ਤੇ ਪ੍ਰੇਮ ਨਾਲ ਕੀਤੀ । ਇਤਿਹਾਸਕ ਹਵਾਲਿਆਂ ਮੁਤਾਬਕ ਸ੍ਰੀ ਗੁਰੂ ਅਰਜਨ ਦੇਵ ਜੀ ਨੇ ਇਸ ਪੜਾਅ ਦੌਰਾਨ ਇਸ਼ਨਾਨ ਤੋਂ ਬਾਅਦ ਪਹਿਨਣ ਵਾਲੇ ਬਸਤਰ ਬਦਲੇ ਸਨ । ਇਸ ਸਮੇਂ ਗੁਰੂ ਸਾਹਿਬ ਦੇ ਨਾਲ ਆਏ ਸੰਗੀ ਬਰਾਤੀਆਂ ਵਿੱਚ ਆਏ ਭਾਈ ਸੱਤਾ ਜੀ ਅਤੇ ਭਾਈ ਬਲਵੰਤ ਜੀ ਨੇ ਧੁਰ ਕੀ ਬਾਣੀ ਦਾ ਕੀਰਤਨ ਵੀ ਕੀਤਾ ।


-ਭਗਵਾਨ ਸਿੰਘ ਜੌਹਲ

bhagwansinghjohal@gmail.com

ਮੋਬਾਈਲ : 98143-24040




ਪਿੰਡ ਵਾਸੀਆਂ ਨੇ ਗੁਰੂ ਸਾਹਿਬ ਅੱਗੇ ਫਰਿਆਦ ਕੀਤੀ ਕਿ ਸਾਡੀਆਂ ਕੱਚੀਆਂ ਕੱਖਾਂ ਕਾਨਿਆਂ ਦੀਆਂ ਕੁੱਲੀਆਂ ਹਰ ਸਾਲ ਅੱਗ ਨਾਲ ਸੜ ਕੇ ਤਬਾਹ ਹੋ ਜਾਂਦੀਆਂ ਹਨ । ਕਈ ਵਾਰ ਕੁਦਰਤ ਦੇ ਕਹਿਰ ਦਾ ਸ਼ਿਕਾਰ ਹੋ ਜਾਂਦੀਆਂ ਹਨ । ਤੁਸੀਂ ਗੁਰੂ ਨਾਨਕ ਸਾਹਿਬ ਦੇ ਪੰਜਵੇਂ ਸਰੂਪ ਹੋ ਸਾਡੇ 'ਤੇ ਕ੍ਰਿਪਾ ਕਰੋ । ਸ੍ਰੀ ਗੁਰੂ ਅਰਜਨ ਦੇਵ ਜੀ ਨੇ ਆਪਣੇ ਜੀਵਨ ਕਾਲ ਵਿੱਚ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਉਸਾਰੀ, ਸ੍ਰੀ ਤਰਨਤਾਰਨ ਸਾਹਿਬ ਦੇ ਸਰੋਵਰ ਤੇ ਸ਼ਹਿਰ ਤੋਂ ਇਲਾਵਾ, ਛੇਹਰਟਾ ਸਾਹਿਬ, ਸ੍ਰੀ ਕਰਤਾਰਪੁਰ ਸਾਹਿਬ (ਜਲੰਧਰ), ਸ੍ਰੀ ਹਰਗੋਬਿੰਦਪੁਰ ਆਦਿ ਸ਼ਹਿਰਾਂ ਤੇ ਨਗਰਾਂ ਦੀ ਉਸਾਰੀ ਕਰਵਾਈ, ਨੇ ਬਚਨ ਕੀਤਾ ਸਮਾਂ ਆਉਣ 'ਤੇ ਸ੍ਰੀ ਅਕਾਲ ਪੁਰਖ ਦੇ ਹੁਕਮ ਮੁਤਾਬਕ ਵੱਡਾ ਪਿੰਡ/ਨਗਰ ਵੱਸੇਗਾ । ਅੱਜ ਪਿੰਡ ਬਿਲਗਾ ਦੀਆਂ ਸਤ ਪੱਤੀਆਂ ਹਨ । ਪੰਜਾਬ ਦਾ ਵੱਡਾ ਪਿੰਡ ਹੋਣ ਕਰਕੇ ਹਜ਼ਾਰਾਂ ਲੋਕ ਦੇਸ਼-ਵਿਦੇਸ਼ ਵਿੱਚ ਚੰਗਾ ਕਾਰੋਬਾਰ ਕਰ ਰਹੇ ਹਨ ।

ਗੁਰੂ ਸਾਹਿਬ ਦਾ ਵਿਆਹ ਮਾਤਾ ਗੰਗਾ ਜੀ ਨਾਲ 1589 ਈ: ਵਿੱਚ ਹੋਇਆ, ਪਿੰਡ ਬਿਲਗਾ ਜਿਥੇ ਗੁਰੂ ਸਾਹਿਬ ਬਰਾਤ ਸਮੇਤ ਠਹਿਰੇ, ਉਸੇ ਪਵਿੱਤਰ ਅਸਥਾਨ 'ਤੇ ਸਿੱਖ ਸੰਗਤ ਨੇ ਸ਼ਰਧਾ ਸਹਿਤ ਗੁਰਦੁਆਰਾ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਉਸਾਰੀ ਕੀਤੀ । ਜਿਥੇ ਗੁਰੂ ਅਰਜਨ ਦੇਵ ਜੀ ਦੇ ਵਿਆਹ ਦੀਆਂ ਰਸਮਾਂ ਮਾਤਾ ਗੰਗਾ ਜੀ ਨਾਲ ਸੰਪੂਰਨ ਹੋਈਆਂ, ਉਥੇ ਵੀ ਗੁਰਦੁਆਰਾ ਸਾਹਿਬ ਦੀ ਸ਼ਾਨਦਾਰ ਇਮਾਰਤ ਤੇ ਪਿੰਡ ਮੌ-ਸਾਹਿਬ ਵਿੱਚ ਵੀ ਸੁਸ਼ੋਭਿਤ ਹੈ । ਬਿਲਗਾ ਪਿੰਡ ਦੇ ਵਿੱਚਕਾਰ ਗੁਰਦੁਆਰਾ ਸਾਹਿਬ ਦੀ ਇਮਾਰਤ ਸੁਭਾਇਮਾਨ ਹੈ । ਦੱਸਿਆ ਜਾਂਦਾ ਹੈ ਕਿ ਸ਼ੇਰ-ਏ-ਪੰਜਾਬ ਮਹਾਰਾਜਾ ਰਣਜੀਤ ਸਿੰਘ ਨੇ ਆਪਣੇ ਰਾਜ-ਕਾਲ ਦੌਰਾਨ ਇਸ ਪਵਿੱਤਰ ਅਸਥਾਨ ਦੇ ਨਾਂਅ ਜਗੀਰ ਵੀ ਲੱਗਵਾਈ । ਅੱਜ ਕੱਲ੍ਹ ਇਸ ਬਿਲਗਾ ਦੇ ਇਸ ਗੁਰਦੁਆਰਾ ਸਾਹਿਬ ਅਤੇ ਮੌ-ਸਾਹਿਬ (ਮਾਉ-ਸਾਹਿਬ) ਦਾ ਸਿੱਧਾ ਪ੍ਰਬੰਧ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਅਧੀਨ ਹੈ । ਗੁ: ਸ੍ਰੀ ਗੁਰੂ ਅਰਜਨ ਦੇਵ ਜੀ ਬਿਲਗਾ ਵਿਖੇ ਗੁਰੂ ਸਾਹਿਬ ਜੀ ਦੀਆਂ ਸਰੀਰਕ ਛੋਹ ਪ੍ਰਾਪਤ ਪਵਿੱਤਰ ਬਸਤਰ, ਕੁੜਤਾ, ਪਜਾਮਾ, ਸਿਮਰਨਾ, ਸੇਲੀ-ਟੋਪੀ, ਚੰਦਨ ਦੀ ਚੌਂਕੀ ਆਦਿ ਸੁਸ਼ੋਭਿਤ ਹਨ । ਇਨ੍ਹਾਂ ਦੇ ਦਰਸ਼ਨ ਸਮੇਂ-ਸਮੇਂ ਕਰਵਾਏ ਜਾਂਦੇ ਹਨ । ਪ੍ਰਵਾਸੀ ਭਾਰਤੀ ਇਲਾਕੇ ਦੀ ਸੰਗਤ ਦੇ ਉੱਦਮ ਨਾਲ ਮਾਹਿਰਾਂ ਦੇ ਸਹਿਯੋਗ ਨਾਲ ਇਨ੍ਹਾਂ ਵਸਤੂਆਂ ਦੀ ਸਾਂਭ ਸੰਭਾਲ ਵਿਗਿਆਨਕ ਢੰਗ ਨਾਲ ਸੁਚੱਜੀ ਤਰ੍ਹਾਂ ਕੀਤੀ ਜਾਂਦੀ ਹੈ । ਗੁਰੂ ਸਾਹਿਬ ਦੀ ਬਰਾਤ ਵਿੱਚ ਬਾਬਾ ਬੁੱਢਾ ਸਾਹਿਬ, ਭਾਈ ਗੁਰਦਾਸ ਜੀ, ਭਾਈ ਸੰਗ ਜੀ, ਸਾਂਈ ਮੀਆਂ ਮੀਰ ਜੀ, ਭਾਈ ਮੰਝ ਜੀ, ਭਾਈ ਸਾਹਲੋ ਆਦਿ ਵਰਗੀਆਂ ਅਨੇਕਾਂ ਆਤਮ-ਰਸੀ ਪਵਿੱਤਰ ਰੂਹਾਂ ਦੇ ਮਾਲਕ ਗੁਰਸਿੱਖ ਵੀ ਸ਼ਾਮਿਲ ਸਨ ।

ਇਸ ਪਵਿੱਤਰ ਅਸਥਾਨ 'ਤੇ ਹਰ ਸਾਲ ਵਿਆਹ ਪੁਰਬ ਦੇ ਸਬੰਧ ਵਿੱਚ 18 ਤੋਂ 20 ਹਾੜ ਨੂੰ ਤਿੰਨ ਦਿਨਾਂ ਸਲਾਨਾ ਜੋੜ-ਮੇਲਾ ਹੁੰਦਾ ਹੈ । ਇਸ ਤੋਂ ਅਗਲੇ ਤਿੰਨ ਦਿਨ ਮੌ-ਸਾਹਿਬ ਵਿਖੇ ਵੀ ਵਿਆਹ ਪੁਰਬ ਦੇ ਸਮਾਗਮ ਹੁੰਦੇ ਹਨ । ਲਗਾਤਾਰ ਧਾਰਮਿਕ ਦੀਵਾਨ ਸਜਦੇ ਹਨ । ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ ਇਸ ਵਾਰ ਵੀ ਤਿੰਨ ਜੁਲਾਈ ਦੀ ਰਾਤ ਨੂੰ ਸੋਦਰ ਰਹਿਰਾਸ ਜੀ ਦੇ ਪਾਠ ਤੋਂ ਉਪਰੰਤ ਮਹਾਨ ਗੁਰਮਤਿ ਸਮਾਗਮ ਹੋ ਰਿਹਾ ਹੈ । ਇਸੇ ਰਾਤ ਅੰਮ੍ਰਿਤ ਵੇਲੇ ਪੰਜ ਲੋੜਵੰਦ ਪਰਿਵਾਰਾਂ ਦੀਆਂ ਲੜਕੀਆਂ ਦੇ ਅਨੰਦ ਕਾਰਜ ਵੀ ਕਰਵਾਏ ਜਾਂਦੇ ਹਨ । ਇਸ ਤੋਂ ਇਲਾਵਾ ਰਾਤ ਭਰ ਪੰਥ ਪ੍ਰਸਿੱਧ ਜਥੇ ਪਾਵਨ ਬਾਣੀ ਦੇ ਕੀਰਤਨ ਨਾਲ ਸੰਗਤ ਨੂੰ ਸਰਸ਼ਾਰ ਕਰਦੇ ਹਨ । ਇਹ ਕਾਰਜ ਪਿੰਡ ਵਾਸੀਆਂ, ਇਲਾਕਾ ਵਾਸੀਆਂ ਅਤੇ ਗੁਰਦੁਆਰਾ ਪ੍ਰਬੰਧਕਾਂ ਦੇ ਸਹਿਯੋਗ ਨਾਲ ਪ੍ਰਸਿੱਧ ਕੀਰਤਨੀਏ ਭਾਈ ਦਵਿੰਦਰ ਸਿੰਘ ਸੋਢੀ (ਜੋ ਇਸੇ ਪਿੰਡ ਦੇ ਜੰਮਪਲ ਹਨ) ਦੁਆਰਾ ਕਰਵਾਏ ਜਾਂਦੇ ਹਨ । ਇਸ ਤੋਂ ਇਲਾਵਾ ਹੋਰ ਸਮਾਜ ਸੇਵੀ ਕਾਰਜਾਂ ਵਿੱਚ ਲੋੜ-ਵੰਦ ਪਰਿਵਾਰਾਂ ਵਿੱਚ ਮੁਫ਼ਤ ਰਾਸ਼ਨ, ਲੋੜ-ਵੰਦ ਬੱਚਿਆਂ ਦੀ ਪੜ੍ਹਾਈ ਆਦਿ ਕਾਰਜ ਵੀ ਕੀਤੇ ਜਾਂਦੇ ਹਨ । ਅੰਮ੍ਰਿਤ ਵੇਲੇ ਸ੍ਰੀ ਅਖੰਡ ਪਾਠਾਂ ਦੇ ਭੋਗਾਂ ਤੋਂ ਉਪਰੰਤ ਲਗਾਤਾਰ ਦੀਵਾਨ ਸਜਦਾ ਹੈ । ਲੰਗਰਾਂ ਵਿੱਚ ਵੱਖ-ਵੱਖ ਤਰ੍ਹਾਂ ਦੇ ਪਕਵਾਨ ਵਿਆਹ ਪੁਰਬ ਜਾਣ ਕੇ ਸੰਗਤ ਦੀ ਸੇਵਾ ਲਈ ਤਿਆਰ ਕਰਕੇ ਵਰਤਾਏ ਜਾਂਦੇ ਹਨ । ਪਿੰਡ ਬਿਲਗਾ ਅਤੇ ਮੌ-ਸਾਹਿਬ ਵਿਖੇ ਲਗਾਤਾਰ ਜੋੜ ਮੇਲੇ ਦੌਰਾਨ ਵੱਡੀ ਗਿਣਤੀ ਵਿੱਚ ਗੁਰੂ-ਘਰਾਂ ਵਿੱਚ ਸੰਗਤ ਹਾਜ਼ਰੀ ਭਰਦੀ ਹੈ । ਹਰ ਸਾਲ ਇਹ ਸਮਾਗਮ ਯਾਦਗਾਰੀ ਹੋ ਨਿਬੜਦਾ ਹੈ। ••

# ਮੁੰਬਈ ਹਾਈ ਕੋਰਟ ਵੱਲੋਂ ਦਸਤਾਰਧਾਰੀ ਸਿੱਖਾਂ ਨੂੰ ਹੈਲਮਟ ਛੋਟ ਬਰਕਰਾਰ ਰੱਖਣ ਦਾ ਫ਼ੈਸਲਾ ਸਵਾਗਤਯੋਗ: ਸੰਤ ਮੀਤ ਸਿੰਘ

**ਨਵੀਂ ਦਿੱਲੀ, 3 ਜੁਲਾਈ (ਮਨਪ੍ਰੀਤ ਸਿੰਘ ਖਾਲਸਾ):-** ਮੁੰਬਈ ਹਾਈ ਕੋਰਟ ਦੀ ਨਾਗਪੁਰ ਬੈਂਚ ਵੱਲੋਂ ਦੋਪਹੀਆ ਵਾਹਨ ਚਲਾਉਣ ਸਮੇਂ ਦਸਤਾਰਧਾਰੀ ਸਿੱਖਾਂ ਨੂੰ ਹੈਲਮਟ ਪਹਿਨਣ ਤੋਂ ਮਿਲੀ ਕਾਨੂੰਨੀ ਛੋਟ ਨੂੰ ਬਰਕਰਾਰ ਰੱਖਦਿਆਂ ਇਸ ਦੇ ਵਿਰੁੱਧ ਦਾਇਰ ਪਟੀਸ਼ਨ ਨੂੰ ਰੱਦ ਕਰਨ ਦੇ ਫ਼ੈਸਲੇ ਦਾ ਸਵਾਗਤ ਕਰਦਿਆਂ ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਵਲੋਂ ਵਾਰਡ ਨੰਬਰ 32 ਦੇ ਉਮੀਦੁਆਰ ਸ. ਸੰਤ ਮੀਤ ਸਿੰਘ ਨੇ ਕਿਹਾ ਕਿ ਇਹ ਫ਼ੈਸਲਾ ਸਿੱਖ ਕੌਮ ਦੀ ਧਾਰਮਿਕ ਪਹਿਚਾਣ, ਦਸਤਾਰ ਦੀ ਮਾਣ-ਮਰਿਆਦਾ ਅਤੇ ਸੰਵਿਧਾਨਕ ਅਧਿਕਾਰਾਂ ਦੀ ਜਿੱਤ ਹੈ। ਉਨ੍ਹਾਂ ਕਿਹਾ ਕਿ ਦਸਤਾਰ ਸਿੱਖ ਧਰਮ ਦਾ ਅਟੁੱਟ ਅਤੇ ਪਵਿੱਤਰ ਅੰਗ ਹੈ, ਜਿਸ ਨੂੰ ਕਿਸੇ ਵੀ ਸਥਿਤੀ ਵਿੱਚ ਸਿਰਫ਼ ਇੱਕ ਆਮ ਪਹਿਰਾਵੇ ਵਜੋਂ ਨਹੀਂ ਦੇਖਿਆ ਜਾ ਸਕਦਾ। ਸਿੱਖ ਆਪਣੀ ਦਸਤਾਰ ਨੂੰ ਗੁਰੂ ਸਾਹਿਬਾਨ ਦੀ ਬਖ਼ਸ਼ਿਸ਼, ਧਾਰਮਿਕ ਵਿਸ਼ਵਾਸ ਅਤੇ ਸਵੈ-ਸਨਮਾਨ ਦੇ ਪ੍ਰਤੀਕ ਵਜੋਂ ਧਾਰਨ ਕਰਦੇ ਹਨ। ਇਸ ਲਈ ਦਸਤਾਰਧਾਰੀ ਸਿੱਖਾਂ ਨੂੰ ਹੈਲਮਟ ਤੋਂ ਛੋਟ ਦੇਣ ਵਾਲੇ ਕਾਨੂੰਨੀ ਪ੍ਰਬੰਧ ਨੂੰ ਬਰਕਰਾਰ ਰੱਖਣਾ ਸੰਵਿਧਾਨਕ ਅਤੇ ਧਾਰਮਿਕ ਦੋਹਾਂ ਪੱਖੋਂ ਸਹੀ ਅਤੇ ਨਿਆਂਸੰਗਤ ਹੈ। ਸ. ਸੰਤ ਮੀਤ ਸਿੰਘ ਨੇ ਕਿਹਾ ਕਿ ਭਾਰਤ ਦਾ ਸੰਵਿਧਾਨ ਹਰ ਨਾਗਰਿਕ ਨੂੰ ਆਪਣੇ ਧਰਮ ਦੀ ਪਾਲਣਾ ਕਰਨ ਅਤੇ ਧਾਰਮਿਕ ਚਿੰਨ੍ਹਾਂ ਨੂੰ ਧਾਰਨ ਕਰਨ ਦਾ ਪੂਰਾ ਅਧਿਕਾਰ ਦਿੰਦਾ ਹੈ। ਅਦਾਲਤ ਵੱਲੋਂ ਦਿੱਤਾ ਗਿਆ ਇਹ ਫ਼ੈਸਲਾ ਨਾ ਸਿਰਫ਼ ਸੰਵਿਧਾਨਕ ਮੁੱਲਾਂ ਨੂੰ ਮਜ਼ਬੂਤ ਕਰਦਾ ਹੈ, ਸਗੋਂ ਭਾਰਤ ਦੀ ਧਾਰਮਿਕ ਵਿਭਿੰਨਤਾ ਅਤੇ ਆਪਸੀ ਸਤਿਕਾਰ ਦੀ ਪਰੰਪਰਾ ਨੂੰ ਵੀ ਹੋਰ ਮਜ਼ਬੂਤੀ ਪ੍ਰਦਾਨ ਕਰਦਾ ਹੈ। ਉਨ੍ਹਾਂ ਕਿਹਾ ਕਿ ਇਹ ਬਹੁਤ ਹੀ ਦੁੱਖਦਾਈ ਗੱਲ ਹੈ ਕਿ ਸਿੱਖ ਕੌਮ ਨੂੰ ਵਾਰ-ਵਾਰ ਆਪਣੇ ਬੁਨਿਆਦੀ ਧਾਰਮਿਕ ਅਧਿਕਾਰਾਂ ਦੀ ਰੱਖਿਆ ਲਈ ਅਦਾਲਤਾਂ ਦਾ ਦਰਵਾਜ਼ਾ ਖੜਕਾਉਣਾ ਪੈਂਦਾ ਹੈ। ਸਿੱਖਾਂ ਵਿਰੁੱਧ ਜਾਣ-ਬੁੱਝ ਕੇ ਤੰਗ-ਪ੍ਰੇਸ਼ਾਨ ਕਰਨ ਜਾਂ ਉਨ੍ਹਾਂ ਦੀ ਧਾਰਮਿਕ ਪਹਿਚਾਣ ਨੂੰ ਨਿਸ਼ਾਨਾ ਬਣਾਉਣ ਵਾਲੀ ਸੋਚ ਨੂੰ ਤੁਰੰਤ ਤਿਆਗਣਾ ਚਾਹੀਦਾ ਹੈ। ਦੇਸ਼ ਦੀ ਏਕਤਾ ਅਤੇ ਸਮਾਜਿਕ ਸਦਭਾਵਨਾ ਲਈ ਆਪਸੀ ਸਤਿਕਾਰ, ਸੰਵਿਧਾਨਕ ਕਦਰਾਂ-ਕੀਮਤਾਂ ਅਤੇ ਮਿਲਵਰਤਣ ਦੀ ਭਾਵਨਾ ਨੂੰ ਤਰਜੀਹ ਦੇਣਾ ਹੀ ਸਮੇਂ ਦੀ ਲੋੜ ਹੈ। ਸ. ਸੰਤ ਮੀਤ ਸਿੰਘ ਨੇ ਕਿਹਾ ਕਿ ਕਿਸੇ ਵੀ ਭਾਈਚਾਰੇ ਦੀ ਧਾਰਮਿਕ ਪਹਿਚਾਣ ਨੂੰ ਵਿਵਾਦ ਦਾ ਵਿਸ਼ਾ ਬਣਾਉਣ ਦੀ ਬਜਾਏ, ਸਾਰੇ ਵਰਗਾਂ ਨੂੰ ਆਪਸੀ ਵਿਸ਼ਵਾਸ ਅਤੇ ਸਹਿਯੋਗ ਨਾਲ ਅੱਗੇ ਵਧਣਾ ਚਾਹੀਦਾ ਹੈ। ਉਨ੍ਹਾਂ ਆਸ ਪ੍ਰਗਟਾਈ ਕਿ ਭਵਿੱਖ ਵਿੱਚ ਵੀ ਅਦਾਲਤਾਂ ਅਤੇ ਸੰਵਿਧਾਨਕ ਸੰਸਥਾਵਾਂ ਘੱਟ ਗਿਣਤੀ ਭਾਈਚਾਰਿਆਂ ਦੇ ਧਾਰਮਿਕ ਅਤੇ ਸੰਵਿਧਾਨਕ ਅਧਿਕਾਰਾਂ ਦੀ ਇਸੇ ਤਰ੍ਹਾਂ ਰੱਖਿਆ ਕਰਦੀਆਂ ਰਹਿਣਗੀਆਂ।



# ਸ਼੍ਰੋਮਣੀ ਕਮੇਟੀ ਵੱਲੋਂ ਮੁੱਖ ਮੰਤਰੀ ਭਗਵੰਤ ਮਾਨ ਖ਼ਿਲਾਫ਼ ਐੱਫਆਈਆਰ ਦਰਜ ਕਰਨ ਲਈ ਡੀਜੀਪੀ ਪੰਜਾਬ ਨੂੰ ਸ਼ਿਕਾਇਤ



ਨਵੀਂ ਦਿੱਲੀ, 3 ਜੁਲਾਈ (ਮਨਪ੍ਰੀਤ ਸਿੰਘ ਖਾਲਸਾ): ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਖ਼ਿਲਾਫ਼ ਕਥਿਤ ਤੌਰ 'ਤੇ ਸਿੱਖ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਦੇ ਮਾਮਲੇ ਵਿੱਚ ਡੀ.ਜੀ.ਪੀ. ਪੰਜਾਬ ਨੂੰ ਲਿਖਤੀ ਸ਼ਿਕਾਇਤ ਸੌਂਪਦਿਆਂ ਤੁਰੰਤ ਐੱਫ.ਆਈ.ਆਰ. ਦਰਜ ਕਰਕੇ ਨਿਰਪੱਖ ਜਾਂਚ ਅਤੇ ਸਖ਼ਤ ਕਾਨੂੰਨੀ ਕਾਰਵਾਈ ਦੀ ਮੰਗ ਕੀਤੀ ਹੈ। ਸ਼੍ਰੋਮਣੀ ਕਮੇਟੀ ਨੇ ਆਪਣੀ ਸ਼ਿਕਾਇਤ ਵਿੱਚ ਦੋਸ਼ ਲਾਇਆ ਹੈ ਕਿ ਸੋਸ਼ਲ ਮੀਡੀਆ 'ਤੇ ਵਾਇਰਲ ਇੱਕ ਵਿਵਾਦਤ ਵੀਡੀਓ ਵਿੱਚ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਦਸ ਗੁਰੂ ਸਾਹਿਬਾਨ ਦੀਆਂ ਪ੍ਰਚਲਿਤ ਤਸਵੀਰਾਂ ਅਤੇ ਸੰਤ ਜਰਨੈਲ ਸਿੰਘ ਖ਼ਾਲਸਾ ਭਿੰਡਰਾਂਵਾਲਿਆਂ ਦੇ ਸਰੂਪ ਪ੍ਰਤੀ ਅਪਮਾਨਜਨਕ ਹਰਕਤ ਕੀਤੀ ਗਈ, ਜਿਸ ਨਾਲ ਵਿਸ਼ਵ ਭਰ ਦੀ ਸਿੱਖ ਸੰਗਤ ਦੀਆਂ ਧਾਰਮਿਕ ਭਾਵਨਾਵਾਂ ਨੂੰ ਗੰਭੀਰ ਠੇਸ ਪੁੱਜੀ ਹੈ। ਸ਼ਿਕਾਇਤ ਵਿੱਚ ਇਹ ਵੀ ਦੋਸ਼ ਲਾਇਆ ਗਿਆ ਹੈ ਕਿ ਇਸ ਮਾਮਲੇ ਨੂੰ ਪ੍ਰਭਾਵਿਤ ਕਰਨ ਲਈ ਕਥਿਤ ਤੌਰ 'ਤੇ ਜਾਅਲੀ ਫੋਰੈਂਸਿਕ ਰਿਪੋਰਟ ਤਿਆਰ ਕਰਵਾਉਣ ਦੀ ਸਾਜ਼ਿਸ਼ ਰਚੀ ਗਈ। ਸ਼੍ਰੋਮਣੀ ਕਮੇਟੀ ਨੇ ਕਿਹਾ ਕਿ ਇਸ ਨਾਲ ਜੁੜੇ ਮਾਮਲੇ ਵਿੱਚ ਹਰਿਆਣਾ ਵਿੱਚ ਵੀ ਸਬੰਧਤ ਵਿਅਕਤੀਆਂ ਖ਼ਿਲਾਫ਼ ਐੱਫ.ਆਈ.ਆਰ. ਦਰਜ ਹੋ ਚੁੱਕੀ ਹੈ, ਜਿਸ ਕਰਕੇ ਪੂਰੇ ਮਾਮਲੇ ਦੀ ਸੁਤੰਤਰ ਅਤੇ ਨਿਰਪੱਖ ਜਾਂਚ ਕਰਵਾਈ ਜਾਣੀ ਲਾਜ਼ਮੀ ਹੈ। ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ ਨੇ ਕਿਹਾ ਕਿ 27 ਜੂਨ 2026 ਨੂੰ ਹੋਈ ਜਨਰਲ ਇਕੱਤਰਤਾ ਵਿੱਚ ਪਾਸ ਕੀਤੇ ਮਤੇ ਦੇ ਅਨੁਸਾਰ ਇਹ ਸ਼ਿਕਾਇਤ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਸਿੱਖ ਕੌਮ ਦੀਆਂ ਧਾਰਮਿਕ ਭਾਵਨਾਵਾਂ ਨਾਲ ਜੁੜੇ ਇਸ ਗੰਭੀਰ ਮਾਮਲੇ ਵਿੱਚ ਕਿਸੇ ਵੀ ਦੋਸ਼ੀ ਨੂੰ ਕਾਨੂੰਨ ਤੋਂ ਉੱਪਰ ਨਹੀਂ ਸਮਝਿਆ ਜਾਣਾ ਚਾਹੀਦਾ ਅਤੇ ਨਿਰਪੱਖ ਜਾਂਚ ਨਾਲ ਸਖ਼ਤ ਕਾਨੂੰਨੀ ਕਾਰਵਾਈ ਯਕੀਨੀ ਬਣਾਈ ਜਾਵੇ।

# ਗੁਰੂ ਕਾਸ਼ੀ ਯੂਨੀਵਰਸਿਟੀ ਦੇ ਨਿਊਜ਼ਲੈਟਰ ਦਾ ਤੀਜਾ ਅੰਕ ਵਾਈਸ ਚਾਂਸਲਰ ਡਾ. ਬਲਰਾਜ ਸਿੰਘ ਵੱਲੋਂ ਜਾਰੀ

**ਤਲਵੰਡੀ ਸਾਬੋ, 03 ਜੁਲਾਈ (ਗੁਰਜੰਟ ਸਿੰਘ ਨਥੇਹਾ)-** ਗੁਰੂ ਕਾਸ਼ੀ ਯੂਨੀਵਰਸਿਟੀ ਦੇ ਨਿਊਜ਼ਲੈਟਰ ਦਾ ਤੀਜਾ ਅੰਕ ਪ੍ਰਸ਼ਾਸਕੀ ਬਲਾਕ ਦੇ ਕਾਨਫਰੰਸ ਹਾਲ ਵਿੱਚ ਇੱਕ ਸਾਦੇ ਪਰ ਪ੍ਰਭਾਵਸ਼ਾਲੀ ਸਮਾਗਮ ਦੌਰਾਨ ਵਾਈਸ ਚਾਂਸਲਰ ਪ੍ਰੋ. (ਡਾ.) ਬਲਰਾਜ ਸਿੰਘ ਅਤੇ ਹੋਰਨਾਂ ਅਧਿਕਾਰੀਆਂ ਵੱਲੋਂ ਜਾਰੀ ਕੀਤਾ ਗਿਆ। ਇਸ ਮੌਕੇ ਡਾ. ਹਰਜਸਪਾਲ ਸਿੰਘ ਸਿੱਧੂ, ਡਾਇਰੈਕਟਰ (ਕੈਂਪਸ), ਡਾ. ਸੰਨੀ ਅਰੋੜਾ, ਡਾਇਰੈਕਟਰ (ਸੂਚਨਾ ਤਕਨਾਲੋਜੀ), ਡਾ. ਅਮਿਤ ਟੁਟੇਜਾ, ਡੀਨ, ਫੈਕਲਟੀ ਆਫ਼ ਹਿਊਮੈਨਿਟੀਜ਼ ਐਂਡ ਲੈਂਗੂਏਜਿਜ਼, ਲਵਲੀਨ ਸਚਦੇਵਾ ਡਿਪਟੀ ਡਾਇਰੈਕਟਰ ਲੋਕ ਸੰਪਰਕ, ਨਿਊਜ਼ਲੈਟਰ ਦੇ ਡਿਜ਼ਾਈਨਰ ਬਲਜੀਤ ਸਿੰਘ ਮਲੱਣ ਅਤੇ ਵੱਖ-ਵੱਖ ਵਿਭਾਗਾਂ ਦੇ ਅਧਿਆਪਕ ਹਾਜ਼ਰ ਸਨ। ਇਸ ਮੌਕੇ ਮੁੱਖ ਸੰਪਾਦਕ ਡਾ. ਜਗਤਾਰ ਸਿੰਘ ਧੀਮਾਨ ਅਤੇ ਸੰਪਾਦਕੀ ਟੀਮ ਨੂੰ ਵਧਾਈ ਦਿੰਦਿਆਂ ਪ੍ਰੋ. ਬਲਰਾਜ ਸਿੰਘ ਨੇ ਨਿਊਜ਼ਲੈਟਰ ਦੇ ਤੀਜੇ ਅੰਕ ਨੂੰ ਸਮੇਂ ਸਿਰ ਪ੍ਰਕਾਸ਼ਿਤ ਕਰਨ ਲਈ ਉਹਨਾਂ ਦੀ ਨਿਸ਼ਠਾ, ਪੇਸ਼ੇਵਰਤਾ ਅਤੇ ਲਗਾਤਾਰ ਮਿਹਨਤ ਦੀ ਭਰਪੂਰ ਸ਼ਲਾਘਾ ਕੀਤੀ। ਉਹਨਾਂ ਕਿਹਾ ਕਿ ਯੂਨੀਵਰਸਿਟੀ ਦਾ ਨਿਊਜ਼ਲੈਟਰ ਅਕਾਦਮਿਕ, ਖੋਜ, ਨਵੀਨਤਾ, ਵਿਸਤਾਰ ਗਤੀਵਿਧੀਆਂ, ਵਿਦਿਆਰਥੀਆਂ ਦੀਆਂ ਉਪਲਬਧੀਆਂ ਅਤੇ ਸਮਾਜਿਕ ਸਰੋਕਾਰਾਂ ਨਾਲ ਸੰਬੰਧਤ ਕਾਰਜਾਂ ਨੂੰ ਇੱਕ ਮੰਚ ਤੇ ਲਿਆਉਣ ਵਾਲਾ ਮਹੱਤਵਪੂਰਨ ਪ੍ਰਕਾਸ਼ਨ ਹੈ, ਜੋ ਯੂਨੀਵਰਸਿਟੀ ਦੀ ਪ੍ਰਤਿਸ਼ਠਾ ਅਤੇ ਪਛਾਣ ਨੂੰ ਹੋਰ ਮਜ਼ਬੂਤ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾ ਰਿਹਾ ਹੈ। ਉਹਨਾਂ ਅੱਗੇ ਕਿਹਾ ਕਿ ਨਿਊਜ਼ਲੈਟਰ ਨੂੰ ਦੇਸ਼-ਵਿਦੇਸ਼ ਦੀਆਂ ਯੂਨੀਵਰਸਿਟੀਆਂ, ਉੱਚ ਸਿੱਖਿਆ ਸੰਸਥਾਵਾਂ, ਖੋਜ ਸੰਸਥਾਵਾਂ, ਉਦਯੋਗਿਕ ਭਾਗੀਦਾਰਾਂ ਅਤੇ ਹੋਰ ਮਹੱਤਵਪੂਰਨ ਹਿੱਸੇਦਾਰਾਂ ਤੱਕ ਵਿਆਪਕ ਪੱਧਰ ਤੇ ਪਹੁੰਚਾਇਆ ਜਾਵੇਗਾ, ਤਾਂ ਜੋ ਅਕਾਦਮਿਕ ਅਤੇ ਖੋਜ ਸਹਿਯੋਗ ਨੂੰ ਹੋਰ ਮਜ਼ਬੂਤੀ ਮਿਲ ਸਕੇ ਅਤੇ ਗੁਰੂ ਕਾਸ਼ੀ ਯੂਨੀਵਰਸਿਟੀ ਦੀਆਂ ਉਪਲਬਧੀਆਂ ਅਤੇ ਉਭਰਦੀਆਂ ਸਮਰੱਥਾਵਾਂ ਨੂੰ ਰਾਸ਼ਟਰੀ ਅਤੇ ਅੰਤਰ-ਰਾਸ਼ਟਰੀ ਪੱਧਰ 'ਤੇ ਪ੍ਰਭਾਵਸ਼ਾਲੀ ਢੰਗ ਨਾਲ ਪੇਸ਼ ਕੀਤਾ ਜਾ ਸਕੇ। ਡਾ. ਹਰਜਸਪਾਲ ਸਿੰਘ ਸਿੱਧੂ ਨੇ ਨਿਊਜ਼ਲੈਟਰ ਦੀ ਮਿਆਰੀ ਸਮੱਗਰੀ ਅਤੇ ਆਕਰਸ਼ਕ ਪੇਸ਼ਕਾਰੀ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਇਹ ਪ੍ਰਕਾਸ਼ਨ ਯੂਨੀਵਰਸਿਟੀ ਦੀ ਜੀਵੰਤ ਅਕਾਦਮਿਕ ਸੰਸਕ੍ਰਿਤੀ ਦਾ ਪ੍ਰਤੀਬਿੰਬ ਹੈ ਅਤੇ ਪਾਠਕਾਂ ਨੂੰ ਸੰਸਥਾ ਦੀਆਂ ਵੱਖ-ਵੱਖ ਗਤੀਵਿਧੀਆਂ, ਪਹਿਲਕਦਮੀਆਂ ਅਤੇ ਪ੍ਰਾਪਤੀਆਂ ਨਾਲ ਲਗਾਤਾਰ ਜੋੜੀ ਰੱਖਦਾ ਹੈ। ਮੁੱਖ ਸੰਪਾਦਕ ਪ੍ਰੋ. (ਡਾ.) ਜਗਤਾਰ ਸਿੰਘ ਧੀਮਾਨ ਨੇ ਕਿਹਾ, "ਗੁਰੂ ਕਾਸ਼ੀ ਯੂਨੀਵਰਸਿਟੀ ਦਾ ਨਿਊਜ਼ਲੈਟਰ ਸਾਡੀ ਸੰਸਥਾ ਦੇ ਗਤੀਸ਼ੀਲ ਅਕਾਦਮਿਕ ਮਾਹੌਲ, ਜੀਵੰਤ ਕੈਂਪਸ ਜੀਵਨ ਅਤੇ ਨਿਰੰਤਰ ਵਿਕਾਸ ਦਾ ਦਰਪਣ ਹੈ। ਇਸ ਵਿੱਚ ਦਰਜ ਹਰ ਉਪਲਬਧੀ ਸਾਡੇ ਅਧਿਆਪਕਾਂ, ਵਿਦਿਆਰਥੀਆਂ, ਖੋਜਕਰਤਾਵਾਂ ਅਤੇ ਕਰਮਚਾਰੀਆਂ ਦੀ ਸਾਂਝੀ ਵਚਨਬੱਧਤਾ, ਮਿਹਨਤ ਅਤੇ ਦੂਰਅੰਦੇਸ਼ੀ ਦਾ ਪ੍ਰਤੀਕ ਹੈ। ਸਾਨੂੰ ਵਿਸ਼ਵਾਸ ਹੈ ਕਿ ਇਹ ਪ੍ਰਕਾਸ਼ਨ ਯੂਨੀਵਰਸਿਟੀ ਅਤੇ ਇਸ ਦੇ ਸੰਬੰਧਿਤ ਧਿਰਾਂ ਵਿਚਕਾਰ ਸੰਪਰਕ ਨੂੰ ਹੋਰ ਮਜ਼ਬੂਤ ਬਣਾਉਣ ਦੇ ਨਾਲ-ਨਾਲ ਉਤਕ੍ਰਿਸ਼ਟਤਾ ਵੱਲ ਸਾਡੀ ਯਾਤਰਾ ਨੂੰ ਵੀ ਪ੍ਰਭਾਵਸ਼ਾਲੀ ਢੰਗ ਨਾਲ ਦੁਨੀਆਂ ਸਾਹਮਣੇ ਪੇਸ਼ ਕਰੇਗਾ।" ਲਵਲੀਨ ਸਚਦੇਵਾ ਵੱਲੋਂ ਹਾਜ਼ਰੀਨ ਦਾ ਤਹਿ ਦਿਲੋਂ ਧੰਨਵਾਦ ਕੀਤਾ ਗਿਆ।



### 10 ਜੁਲਾਈ ਤੱਕ ਬੱਸ ਅੱਡੇ ਦੇ ਮੁਰੰਮਤ ਨਾ ਕੀਤੀ ਤਾਂ ਕਾਂਗਰਸ ਵੱਲੋਂ

# ਬੱਸ ਅੱਡੇ ਨੂੰ ਜਿੰਦਰਾ ਮਾਰਕੇ ਲਗਾਇਆ ਜਾਵੇਗਾ ਧਰਨਾ- ਕ੍ਰਿਸ਼ਨ ਸਿੰਘ ਭਾਗੀਵਾਂਦਰ






ਤਲਵੰਡੀ ਸਾਬੋ, 03 ਜੁਲਾਈ (ਗੁਰਜੰਟ ਸਿੰਘ ਨਥੇਹਾ)- ਬੀਤੇ ਦਿਨੀਂ ਹੋਈ ਬਾਰਿਸ਼ ਕਾਰਨ ਤਲਵੰਡੀ ਸਾਬੋ ਦਾ ਬੱਸ ਅੱਡਾ ਪਾਣੀ ਨਾਲ ਲਬਾਲਬ ਭਰ ਗਿਆ ਹੈ, ਜਿਸ ਨਾਲ ਯਾਤਰੀਆਂ ਅਤੇ ਬੱਸ ਚਾਲਕਾਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਬੱਸ ਅੱਡੇ ਅੰਦਰ ਬਣੀਆਂ ਸੜਕਾਂ ਵਿੱਚ ਡੂੰਘੇ ਟੋਏ ਪੈ ਜਾਣ ਕਾਰਨ ਸਾਰੇ ਬੱਸ ਡਰਾਈਵਰ ਆਪਣੀਆਂ ਬੱਸਾਂ ਅੱਡੇ ਦੇ ਅੰਦਰ ਲਿਜਾਣ ਤੋਂ ਗੁਰੇਜ਼ ਕਰ ਰਹੇ ਹਨ। ਇਸ ਕਾਰਨ ਬੱਸਾਂ ਅੱਡੇ ਦੇ ਬਾਹਰ ਮੁੱਖ ਸੜਕ 'ਤੇ ਹੀ ਸਵਾਰੀਆਂ ਨੂੰ ਚੜ੍ਹਾ ਅਤੇ ਉਤਾਰ ਰਹੀਆਂ ਹਨ, ਜਿਸ ਨਾਲ ਆਵਾਜਾਈ ਵਿੱਚ ਵੀ ਵਿਘਨ ਪੈ ਰਿਹਾ ਹੈ ਅਤੇ ਹਾਦਸਿਆਂ ਦਾ ਖ਼ਤਰਾ ਵੀ ਵਧ ਗਿਆ ਹੈ। ਇਸ ਸਥਿਤੀ ਦਾ ਜਾਇਜ਼ਾ ਲੈਣ ਲਈ ਅੱਜ ਕਾਂਗਰਸ ਪਾਰਟੀ ਦੇ ਤਲਵੰਡੀ ਸਾਬੋ ਹਲਕਾ ਇੰਚਾਰਜ ਕ੍ਰਿਸ਼ਨ ਸਿੰਘ ਭਾਗੀਵਾਂਦਰ ਬੱਸ ਅੱਡੇ ਪਹੁੰਚੇ। ਉਨ੍ਹਾਂ ਨੇ ਮੌਕੇ 'ਤੇ ਬੱਸ ਡਰਾਈਵਰਾਂ ਅਤੇ ਹੋਰ ਕਰਮਚਾਰੀਆਂ ਨਾਲ ਗੱਲਬਾਤ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣੀਆਂ। ਡਰਾਈਵਰਾਂ ਨੇ ਦੱਸਿਆ ਕਿ ਬੱਸ ਅੱਡੇ ਅੰਦਰ ਪਾਣੀ ਭਰਨ ਅਤੇ ਸੜਕਾਂ ਟੁੱਟਣ ਕਾਰਨ ਬੱਸਾਂ ਨੂੰ ਨੁਕਸਾਨ ਪਹੁੰਚਣ ਅਤੇ ਸਵਾਰੀਆਂ ਦੇ ਵੀ ਸੱਟ ਫੇਟ ਲੱਗਣ ਦਾ ਡਰ ਬਣਿਆ ਰਹਿੰਦਾ ਹੈ, ਜਿਸ ਕਰਕੇ ਉਹ ਮਜਬੂਰੀਵੱਸ ਬੱਸਾਂ ਨੂੰ ਅੰਦਰ ਨਹੀਂ ਲੈ ਕੇ ਜਾਂਦੇ। ਇਸ ਮੌਕੇ ਕ੍ਰਿਸ਼ਨ ਸਿੰਘ ਭਾਗੀਵਾਂਦਰ ਨੇ ਪ੍ਰਸ਼ਾਸਨ ਅਤੇ ਪੀਆਰਟੀਸੀ ਦੇ ਅਧਿਕਾਰੀਆਂ ਦੀ ਕਾਰਗੁਜ਼ਾਰੀ 'ਤੇ ਸਵਾਲ ਚੁੱਕਦਿਆਂ ਕਿਹਾ ਕਿ ਤਲਵੰਡੀ ਸਾਬੋ ਵਰਗੇ ਇਤਿਹਾਸਕ ਅਤੇ ਧਾਰਮਿਕ ਸ਼ਹਿਰ ਦਾ ਬੱਸ ਅੱਡਾ ਇਸ ਤਰ੍ਹਾਂ ਦੀ ਮਾੜੀ ਹਾਲਤ ਵਿੱਚ ਹੋਣਾ ਬਹੁਤ ਹੀ ਮੰਦਭਾਗੀ ਗੱਲ ਹੈ। ਉਨ੍ਹਾਂ ਕਿਹਾ ਕਿ ਬਰਸਾਤ ਦੇ ਦਿਨਾਂ ਵਿੱਚ ਹਰ ਸਾਲ ਇਹੀ ਹਾਲਾਤ ਬਣਦੇ ਹਨ, ਪਰ ਸਮੱਸਿਆ ਦੇ ਸਥਾਈ ਹੱਲ ਵੱਲ ਕੋਈ ਧਿਆਨ ਨਹੀਂ ਦਿੱਤਾ ਜਾ ਰਿਹਾ। ਉਨ੍ਹਾਂ ਪ੍ਰਸ਼ਾਸਨ ਅਤੇ ਪੀਆਰਟੀਸੀ ਅਧਿਕਾਰੀਆਂ ਨੂੰ ਚਿਤਾਵਨੀ ਦਿੰਦਿਆਂ ਕਿਹਾ ਕਿ ਜੇਕਰ 10 ਜੁਲਾਈ ਤੱਕ ਬੱਸ ਅੱਡੇ ਨੂੰ ਉੱਚਾ ਕਰਨ ਅਤੇ ਇਸ ਦੀ ਮੁਰੰਮਤ ਦਾ ਕੰਮ ਸ਼ੁਰੂ ਨਾ ਕੀਤਾ ਗਿਆ ਤਾਂ ਕਾਂਗਰਸ ਪਾਰਟੀ ਵੱਲੋਂ 10 ਜੁਲਾਈ ਨੂੰ ਬੱਸ ਅੱਡੇ ਦੇ ਮੁੱਖ ਗੇਟ ਨੂੰ ਜਿੰਦਰਾ ਲਗਾ ਕੇ ਧਰਨਾ ਸ਼ੁਰੂ ਕੀਤਾ ਜਾਵੇਗਾ। ਇਹ ਧਰਨਾ ਉਸ ਸਮੇਂ ਤੱਕ ਜਾਰੀ ਰਹੇਗਾ ਜਦੋਂ ਤੱਕ ਬੱਸ ਅੱਡੇ ਦੀ ਸਮੱਸਿਆ ਦਾ ਪੱਕਾ ਹੱਲ ਕਰਕੇ ਇਸ ਨੂੰ ਮੁਕੰਮਲ ਤੌਰ 'ਤੇ ਉੱਚਾ ਅਤੇ ਯਾਤਰੀਆਂ ਲਈ ਸੁਵਿਧਾਜਨਕ ਨਹੀਂ ਬਣਾਇਆ ਜਾਂਦਾ। ਉਨ੍ਹਾਂ ਕਿਹਾ ਕਿ ਲੋਕਾਂ ਦੀਆਂ ਮੁੱਢਲੀਆਂ ਸਹੂਲਤਾਂ ਨੂੰ ਯਕੀਨੀ ਬਣਾਉਣਾ ਸਰਕਾਰ ਅਤੇ ਪ੍ਰਸ਼ਾਸਨ ਦੀ ਜ਼ਿੰਮੇਵਾਰੀ ਹੈ ਅਤੇ ਜੇਕਰ ਲੋਕਾਂ ਦੀਆਂ ਮੁਸ਼ਕਲਾਂ ਦਾ ਹੱਲ ਨਾ ਕੀਤਾ ਗਿਆ ਤਾਂ ਲੋਕਾਂ ਦੇ ਹੱਕਾਂ ਲਈ ਸੰਘਰਸ਼ ਹੋਰ ਤੇਜ਼ ਕੀਤਾ ਜਾਵੇਗਾ।



### ਗੁਰਦੁਆਰਾ ਬਾਬਾ ਜ਼ੋਰਾਵਰ ਸਿੰਘ ਜੀ ਬਾਬਾ ਫਤਿਹ ਸਿੰਘ ਜੀ ਵਿਖ਼ੇ ਲੜੀਵਾਰ ਕੀਰਤਨ ਸਮਾਗਮ

# 4 ਜੁਲਾਈ ਤੋਂ ਹੋਣਗੇ ਸ਼ੁਰੂ, ਪ੍ਰਸਿੱਧ ਰਾਗੀ ਜਥੇ ਕਰਨਗੇ ਗੁਰਬਾਣੀ ਕੀਰਤਨ

**ਨਵੀਂ ਦਿੱਲੀ, 3 ਜੁਲਾਈ (ਮਨਪ੍ਰੀਤ ਸਿੰਘ ਖਾਲਸਾ):-** ਗੁਰਦੁਆਰਾ ਬਾਬਾ ਜ਼ੋਰਾਵਰ ਸਿੰਘ ਜੀ ਬਾਬਾ ਫਤਿਹ ਸਿੰਘ ਜੀ, ਫਤਿਹ ਨਗਰ, ਜੇਲ੍ਹ ਰੋਡ, ਨਵੀਂ ਦਿੱਲੀ ਵਿਖੇ ਜੁਲਾਈ ਮਹੀਨੇ ਦੌਰਾਨ ਲੜੀਵਾਰ ਕੀਰਤਨ ਸਮਾਗਮ ਸ਼ਰਧਾ ਅਤੇ ਸਤਿਕਾਰ ਨਾਲ ਕਰਵਾਏ ਜਾਣਗੇ। ਸਮਾਗਮਾਂ ਦੌਰਾਨ ਪੰਥ ਪ੍ਰਸਿੱਧ ਰਾਗੀ ਜਥੇ ਗੁਰਬਾਣੀ ਕੀਰਤਨ ਰਾਹੀਂ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਨਗੇ। ਸਮਾਗਮਾਂ ਦੀ ਸ਼ੁਰੂਆਤ 4 ਅਤੇ 5 ਜੁਲਾਈ ਨੂੰ ਭਾਈ ਸ਼ੁਭਦੀਪ ਸਿੰਘ ਜੀ (ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ) ਦੇ ਕੀਰਤਨ ਨਾਲ ਹੋਵੇਗੀ। ਇਸ ਤੋਂ ਬਾਅਦ 7 ਜੁਲਾਈ ਨੂੰ ਭਾਈ ਜਗਜੀਤ ਸਿੰਘ (ਦਿੱਲੀ ਵਾਲੇ), 12 ਜੁਲਾਈ ਨੂੰ ਭਾਈ ਸਰੂਪ ਸਿੰਘ (ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ), 16 ਅਤੇ 17 ਜੁਲਾਈ ਨੂੰ ਮੁੜ ਭਾਈ ਸ਼ੁਭਦੀਪ ਸਿੰਘ, 17 ਜੁਲਾਈ ਨੂੰ ਭਾਈ ਸਰਬਜੀਤ ਸਿੰਘ ਜੀ (ਪਟਨਾ ਸਾਹਿਬ ਵਾਲੇ) ਅਤੇ 26 ਜੁਲਾਈ ਨੂੰ ਭਾਈ ਜਸਕਰਨ ਸਿੰਘ ਵੱਲੋਂ ਗੁਰਬਾਣੀ ਕੀਰਤਨ ਕੀਤਾ ਜਾਵੇਗਾ। ਇਸ ਮੌਕੇ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਦੱਸਿਆ ਕਿ ਗੁਰਦੁਆਰਾ ਸਾਹਿਬ ਵਿਖੇ ਮਨੁੱਖਤਾ ਦੇ ਭਲੇ ਲਈ ਧਾਰਮਿਕ, ਸਮਾਜਿਕ ਅਤੇ ਲੋਕ ਭਲਾਈ ਨਾਲ ਸੰਬੰਧਿਤ ਵੱਖ-ਵੱਖ ਸੇਵਾਵਾਂ ਨਿਰੰਤਰ ਚਲਾਈਆਂ ਜਾ ਰਹੀਆਂ ਹਨ, ਜਿਨ੍ਹਾਂ ਦਾ ਹਜ਼ਾਰਾਂ ਦੀ ਗਿਣਤੀ ਵਿੱਚ ਸੰਗਤਾਂ ਅਤੇ ਲੋੜਵੰਦ ਲੋਕ ਲਾਹਾ ਲੈ ਰਹੇ ਹਨ। ਕਮੇਟੀ ਨੇ ਕਿਹਾ ਕਿ ਗੁਰੂ ਘਰ ਦੀਆਂ ਇਹ ਸੇਵਾਵਾਂ ਭਵਿੱਖ ਵਿੱਚ ਵੀ ਪੂਰੀ ਤਨਦੇਹੀ ਅਤੇ ਸਮਰਪਣ ਭਾਵਨਾ ਨਾਲ ਜਾਰੀ ਰਹਿਣਗੀਆਂ। ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਜਗਮੋਹਨ ਸਿੰਘ ਆਨੰਦ, ਮੀਤ ਪ੍ਰਧਾਨ ਸਰਦਾਰ ਤਰਵਿੰਦਰ ਪਾਲ ਸਿੰਘ, ਸਕੱਤਰ ਸਰਦਾਰ ਮਨਮੋਹਨ ਸਿੰਘ, ਮੀਤ ਸਕੱਤਰ ਸਰਦਾਰ ਦਵਿੰਦਰ ਸਿੰਘ ਭਸੀਨ ਅਤੇ ਖਜਾਨਚੀ ਸਰਦਾਰ ਗੁਰਮੀਤ ਸਿੰਘ ਜੱਗੀ ਨੇ ਸਮੂਹ ਗੁਰੂ-ਪਿਆਰੀ ਸੰਗਤ ਨੂੰ ਪਰਿਵਾਰ ਸਮੇਤ ਸਮਾਗਮਾਂ ਵਿੱਚ ਸ਼ਾਮਲ ਹੋ ਕੇ ਗੁਰਬਾਣੀ ਕੀਰਤਨ ਦਾ ਲਾਹਾ ਲੈਣ ਦੀ ਅਪੀਲ ਕੀਤੀ ਹੈ।




# ਮਾਵਾਂ ਧੀਆਂ ਸਨਮਾਨ ਯੋਜਨਾ ਦੀ ਪਹਿਲੀ ਕਿਸ਼ਤ ਜਾਰੀ ਹੋਣਾ ਇਤਿਹਾਸਿਕ ਕਦਮ-ਬਲਜੀਤ ਸਿੰਘ ਸਰਾਂ

**ਚੌਕ ਮਹਿਤਾ,3 ਜੁਲਾਈ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਬਰਜੀਤ ਸਿੰਘ ਸਰਾਂ ਜਨਰਲ ਸਕੱਤਰ ਐਸੀ ਵਿੰਗ ਸੈਲ ਪੰਜਾਬ, ਸਰਕਾਰ ਵੱਲੋਂ ਮਾਵਾਂ ਧੀਆਂ ਸਨਮਾਨ ਯੋਜਨਾ ਤਹਿਤ ਯੋਗ ਮਹਿਲਾਵਾਂ ਦੇ ਬੈਂਕ ਖਾਤਿਆਂ ਵਿੱਚ ਪਹਿਲੀ ਕਿਸ਼ਤ ਜਾਰੀ ਕਰਨ ਦੀ ਸ਼ੁਰੂਆਤ ਦਾ ਦਿਲੋਂ ਸਵਾਗਤ ਕਰਦਿਆਂ ਇਸ ਨੂੰ ਪੰਜਾਬ ਦੀਆਂ ਮਾਵਾਂ ਭੈਣਾਂ ਅਤੇ ਧੀਆਂ ਦੇ ਸਨਮਾਨ ਆਰਥਿਕ ਸਸਕਤੀਕਰਨ ਤੇ ਸਮਾਜਿਕ ਸੁਰੱਖਿਆ ਵੱਲ ਇਕ ਇਤਿਹਾਸਿਕ ਅਤੇ ਦੂਰ ਅੰਦੇਸੀ ਭਰਿਆ ਕਦਮ ਕਰਾਰ ਦਿੱਤਾ। ਬਲਜੀਤ ਸਿੰਘ ਸਰਾਂ ਨੇ ਕਿਹਾ ਕਿ ਕਿਸੇ ਵੀ ਸੂਬੇ ਦੀ ਤਰੱਕੀ ਉਸ ਸਮੇਂ ਹੀ ਸੰਭਵ ਹੁੰਦੀ ਹੈ ਜਦੋਂ ਉਥੋਂ ਦੀਆਂ ਮਹਿਲਾਵਾਂ ਆਰਥਿਕ ਤੌਰ ਤੇ ਮਜਬੂਤ ਸਮਾਜਿਕ ਤੌਰ ਤੇ ਸਨਮਾਨਿਤ ਅਤੇ ਫੈਸਲਾ ਲੈਣ ਦੀ ਪ੍ਰਤੀਕਿਰਿਆ ਵਿੱਚ ਸਮਰੱਥ ਹੋਣ ਇਸ ਯੋਜਨਾ ਰਾਹੀਂ ਲੱਖਾਂ ਯੋਗ ਔਰਤਾਂ ਨੂੰ ਸਿੱਧਾ ਆਰਥਿਕ ਸਹਿਯੋਗ ਪ੍ਰਾਪਤ ਹੋਵੇਗਾ ਜਿਸ ਨਾਲ ਉਹਨਾਂ ਨੂੰ ਆਪਣੀਆਂ ਰੋਜਾਨਾ ਦੀਆਂ ਲੋੜਾਂ ਬੱਚਿਆਂ ਦੀ ਸਿੱਖਿਆ, ਸਿਹਤ ਸੰਭਾਲ, ਪੋਸ਼ਣ ਤੇ ਪਰਿਵਾਰਿਕ ਖਰਚਾ ਨੂੰ ਹੋਰ ਆਤਮ ਵਿਸ਼ਵਾਸ ਨਾਲ ਪੂਰਾ ਕਰਨ ਵਿੱਚ ਮਦਦ ਮਿਲੇਗੀ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਬਲਜੀਤ ਸਿੰਘ ਸਰਾਂ ਨੇ ਕਿਹਾ ਕਿ ਮਹਿਲਾ ਸਸਕਤੀਕਰਨ ਸਿਰਫ ਨਾਅਰਿਆਂ ਨਾਲ ਨਹੀਂ ਸਗੋਂ ਠੋਸ ਤੇ ਪ੍ਰਭਾਵਸ਼ਾਲੀ ਨੀਤੀਆਂ ਨਾਲ ਸੰਭਵ ਹੁੰਦਾ ਹੈ। ਜਦੋਂ ਸਰਕਾਰੀ ਸਹਾਇਤਾ ਸਿੱਧੇ ਲਾਭਪਾਤਰੀਆਂ ਦੇ ਬੈਂਕ ਖਾਤੇ ਵਿੱਚ ਪਹੁੰਚਦੀ ਹੈ ਤਾਂ ਇਸ ਨਾਲ ਪਾਰਦਰਸ਼ਤਾ, ਜਵਾਬਦੇਹੀ ਤੇ ਲੋਕਾਂ ਦਾ ਭਰੋਸਾ ਹੋਰ ਮਜਬੂਤ ਹੁੰਦਾ ਹੈ। ਉਹਨਾਂ ਨੇ ਕਿਹਾ ਕਿ ਲੋਕਾਂ ਨਾਲ ਕੀਤੇ ਵਾਅਦਿਆਂ ਨੂੰ ਅਮਲ ਵਿੱਚ ਬਦਲਣਾ ਹੀ ਜਨਪੱਖੀ ਤੇ ਜਵਾਬ ਦੇ ਸਰਕਾਰ ਦੀ ਪਹਿਚਾਨ ਹੁੰਦੀ ਹੈ। ਪੰਜਾਬ ਸਰਕਾਰ ਵੱਲੋਂ ਲੋਕ ਭਲਾਈ ਨੂੰ ਕੇਂਦਰ ਵਿੱਚ ਰੱਖ ਕੇ ਕੀਤੀਆਂ ਜਾ ਰਹੀਆਂ ਪਹਿਲਾਂ ਇਹ ਦਰਸਾਉਂਦੀਆਂ ਹਨ ਕਿ ਆਮ ਪਰਿਵਾਰਾਂ ਖਾਸ ਕਰਕੇ ਔਰਤਾਂ ਦੀ ਆਰਥਿਕ ਹੈ। ਸੁਰੱਖਿਆ ਤੇ ਸਨਮਾਨ ਨੂੰ ਤਰਜੀਹ ਦਿੱਤੀ ਜਾ ਰਹੀ ਹੈ।



# ਸੇਵਾ ਮੁਕਤ ਐਸ.ਡੀ.ਓ. ਸ੍ਰ ਮੋਹਨ ਸਿੰਘ ਦੇ ਦੇਹਾਂਤ ਨਾਲ ਇਲਾਕੇ ਵਿੱਚ ਸੋਗ ਦੀ ਲਹਿਰ

**ਮਹਿਤਾ ਚੌਕ -3 ਜੁਲਾਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਭਗਤਾ ਭਾਈ ਕਾ ਇਲਾਕੇ ਦੇ ਸਤਿਕਾਰਯੋਗ ਅਤੇ ਸੇਵਾ ਮੁਕਤ ਬਿਜਲੀ ਬੋਰਡ ਦੇ ਐਸ.ਡੀ.ਓ. ਸ੍ਰ ਮੋਹਨ ਸਿੰਘ ਆਪਣੀ ਸੰਸਾਰਕ ਯਾਤਰਾ ਪੂਰੀ ਕਰਦੇ ਹੋਏ ਅਕਾਲ ਪੁਰਖ ਦੇ ਚਰਨਾਂ ਵਿੱਚ ਜਾ ਬਿਰਾਜੇ ਹਨ। ਉਨ੍ਹਾਂ ਦੇ ਅਕਾਲ ਚਲਾਣੇ ਦੀ ਖ਼ਬਰ ਮਿਲਦਿਆਂ ਹੀ ਸਮੂਹ ਇਲਾਕੇ ਵਿੱਚ ਸੋਗ ਦੀ ਲਹਿਰ ਦੌੜ ਗਈ। ਸ੍ਰ ਮੋਹਨ ਸਿੰਘ ਆਪਣੇ ਖੁਸ਼ਿਮਜ਼ਾਜ਼, ਮਿਲਣਸਾਰ ਅਤੇ ਨੇਕ ਸੁਭਾਅ ਕਾਰਨ ਹਰ ਵਰਗ ਵਿੱਚ ਬੇਹੱਦ ਸਤਿਕਾਰ ਦੇ ਪਾਤਰ ਸਨ। ਉਹ ਆਪਣੇ ਪਿੱਛੇ ਆਪਣੀ ਧਰਮ ਪਤਨੀ, ਇੱਕ ਸਪੁੱਤਰ ਅਤੇ ਇੱਕ ਸਪੁੱਤਰੀ ਨੂੰ ਛੱਡ ਗਏ ਹਨ। ਉਹਨਾਂ ਦੇ ਛੋਟੇ ਭਰਾਤਾ ਮਾਸਟਰ ਸੋਹਨ ਸਿੰਘ ਵੱਲੋਂ ਪ੍ਰਾਪਤ ਜਾਣਕਾਰੀ ਅਨੁਸਾਰ ਉਨ੍ਹਾਂ ਦੇ ਅੰਤਿਮ ਸੰਸਕਾਰ ਮੌਕੇ ਵੱਡੀ ਗਿਣਤੀ ਵਿੱਚ ਰਿਸ਼ਤੇਦਾਰ, ਦੋਸਤ, ਬਿਜਲੀ ਬੋਰਡ ਦੇ ਮੌਜੂਦਾ ਅਤੇ ਸੇਵਾ ਮੁਕਤ ਅਧਿਕਾਰੀ-ਕਰਮਚਾਰੀ, ਸਮਾਜ ਸੇਵੀ, ਵਪਾਰੀ ਵਰਗ, ਰਾਜਨੀਤਿਕ ਸ਼ਖਸੀਅਤਾਂ ਅਤੇ ਇਲਾਕਾ ਨਿਵਾਸੀ ਹਾਜ਼ਰ ਹੋਏ। ਸਭ ਨੇ ਪਰਿਵਾਰ ਨਾਲ ਗਹਿਰੀ ਹਮਦਰਦੀ ਪ੍ਰਗਟ ਕਰਦਿਆਂ ਵਿਛੜੀ ਰੂਹ ਨੂੰ ਸ਼ਰਧਾਂਜਲੀ ਭੇਟ ਕੀਤੀ। ਇਲਾਕੇ ਦੇ ਵੱਖ-ਵੱਖ ਸਮਾਜਿਕ, ਧਾਰਮਿਕ ਅਤੇ ਰਾਜਨੀਤਿਕ ਆਗੂਆਂ ਨੇ ਵੀ ਸ੍ਰ ਮੋਹਨ ਸਿੰਘ ਦੇ ਦੇਹਾਂਤ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਅਤੇ ਅਕਾਲ ਪੁਰਖ ਅੱਗੇ ਅਰਦਾਸ ਕੀਤੀ ਕਿ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖ਼ਸ਼ਣ ਅਤੇ ਪਰਿਵਾਰ ਨੂੰ ਇਹ ਅਸਹਿ ਵਿਛੋੜਾ ਸਹਿਣ ਦਾ ਬਲ ਪ੍ਰਦਾਨ ਕਰਨ।



# ਦੋਸਤ ਵੈਲਫੇਅਰ ਸੁਸਾਇਟੀ ਵੱਲੋਂ ਸਵਰਗੀ ਮਾਤਾ ਪ੍ਰਕਾਸ਼ ਰਾਣੀ ਨੂੰ ਨਿੱਘੀ ਸ਼ਰਧਾਜਲੀ

**ਤਲਵੰਡੀ ਸਾਬੋ, 03 ਜੁਲਾਈ (ਗੁਰਜੰਟ ਸਿੰਘ ਨਥੇਹਾ)**-ਬੀਤੇ ਦਿਨੀਂ ਉੱਘੇ ਸਮਾਜ ਸੇਵੀ ਵਿਜੈ ਸਿੰਗਲਾ (ਬੱਬੂ) ਦੇ ਮਾਤਾ ਸ਼੍ਰੀ ਮਤੀ ਪ੍ਰਕਾਸ਼ ਰਾਣੀ ਦੇ ਅਚਾਨਕ ਅਕਾਲ ਚਲਾਣਾ ਕਰ ਜਾਣ ਤੇ ਦੋਸਤ ਵੈਲਫੇਅਰ ਸੁਸਾਇਟੀ (ਰਜ਼ਿ.) ਬਠਿੰਡਾ ਵੱਲੋਂ ਇੱਕ ਸ਼ਰਧਾਜਲੀ ਸਮਾਰੋਹ ਕੀਤਾ ਗਿਆ। ਇਸ ਮੌਕੇ ਪ੍ਰਧਾਨ ਰਮੇਸ਼ ਗਰਗ ਅਤੇ ਸੁਸਾਇਟੀ ਦੇ ਸਮੂਹ ਵੰਲਟੀਅਰਾਂ ਨੇ ਮਾਤਾ ਜੀ ਨੂੰ ਸ਼ਰਧਾ ਦੇ ਫੁੱਲ ਭੇਂਟ ਕੀਤੇ ਤੇ ਉਹਨਾਂ ਦੀ ਵਿਛੜੀ ਆਤਮਾ ਨੂੰ ਆਪਣੇ ਚਰਨਾਂ ਵਿੱਚ ਸਥਾਨ ਦੇਣ ਦੀ ਅਰਦਾਸ ਕੀਤੀ ਗਈ। ਇਸ ਮੌਕੇ ਸ਼ਰਧਾਜਲੀਂ ਦਿੰਦੇ ਹੋਏ ਪ੍ਰਧਾਨ ਰਮੇਸ਼ ਗਰਗ ਨੇ ਦੱਸਿਆ ਕਿ ਮਾਤਾ ਜੀ ਨੇ ਸਮੂਹ ਜੀਵਨ ਲੋੜਵੰਦਾਂ ਅਤੇ ਬੇਜ਼ੁਬਾਨ ਗਊਆਂ ਦੀ ਸੇਵਾ ਨੂੰ ਸਮਰਪਿਤ ਕੀਤਾ ਹੋਇਆ ਸੀ। ਪਿਛਲੀ ਕਈ ਦਿਨਾਂ ਤੋਂ ਸਰੀਰਕ ਪੱਖੋਂ ਠੀਕ ਨਾ ਹੋਣ ਦੇ ਬਾਵਜੂਦ ਵੀ ਉਹ ਆਪਣੇ ਬੱਚਿਆਂ ਨੂੰ ਪੰਛੀਆਂ, ਨਿਸਹਾਰਾ ਗਊਆਂ ਦੀ ਸੇਵਾ ਲਈ ਪ੍ਰੇਰਿਤ ਕਰਦੇ ਰਹੇ। ਉਹਨਾਂ ਆਪਣਾ ਜੀਵਨ ਧਾਰਮਿਕ ਕੰਮਾਂ ਅਤੇ ਗ਼ਰੀਬ ਲੋਕਾਂ ਦੀ ਸੇਵਾ ਨੂੰ ਸਮਰਪਿਤ ਕੀਤਾ। ਉਹਨਾਂ ਕਿਹਾ ਕਿ ਸੋਸਾਇਟੀ ਦੇ ਸਮੂਹ ਮੈਂਬਰ ਮੁਸ਼ਿਕਲ ਦੀ ਇਸ ਘੜੀ ਵਿੱਚ ਦੁੱਖੀ ਪਰਿਵਾਰ ਨਾਲ ਮੋਢੇ ਨਾਲ ਮੋਢਾ ਲਾ ਕੇ ਖੜ੍ਹੇ ਹਨ। ਇਸ ਮੌਕੇ ਸੁਸਾਇਟੀ ਦੇ ਮੈਂਬਰ ਰਮਨੀਕ ਵਾਲੀਆ, ਅਨਿਲ ਕੁਮਾਰ, ਮਨਦੀਪ ਕੁਮਾਰ, ਲਵਲੀਨ ਸੱਚਦੇਵਾ, ਅਸ਼ੋਕ ਬਾਲਿਆਂਵਾਲੀ, ਗੁਲਸ਼ਨ ਵੱਧਵਾ, ਰਾਜੇਸ਼ ਸ਼ਰਮਾ, ਰਾਕੇਸ਼ ਗੋਇਲ, ਰਾਜਿੰਦਰ ਸਿੰਗਲਾ, ਅਨੂਪ ਕੁਮਾਰ, ਵਿਨੋਦ ਅਰੋੜਾ, ਅਸ਼ਵਨੀ ਠਾਕੁਰ, ਵਿਨੋਦ ਕਾਲੜਾ, ਅਸ਼ੋਕ ਕਾਂਸਲ, ਦਰਸ਼ਨ ਜੋੜਾ, ਮਿੱਠੂ ਰਾਮ ਗੁਪਤਾ ਤੋਂ ਇਲਾਵਾ ਪਰਿਵਾਰ ਦੇ ਸ਼ੁੱਭ ਚਿੰਤਕ ਹਾਜ਼ਰ ਸਨ।



ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਨਿੱਕੀ ਉਮਰ, ਵੱਡੇ ਸੰਸਕਾਰ

# ਗੁਰਬਾਣੀ ਦੇ ਰੰਗ ਵਿੱਚ ਰੰਗਿਆ ਕਾਕਾ ਅਰਪਣ ਸਿੰਘ



**ਨਵੀਂ ਦਿੱਲੀ, 3 ਜੁਲਾਈ (ਮਨਪ੍ਰੀਤ ਸਿੰਘ ਖਾਲਸਾ):-** ਸੱਚਖੰਡ ਸ੍ਰੀ ਦਰਬਾਰ ਸਾਹਿਬ ਜੀ ਦੇ ਹਜ਼ੂਰੀ ਰਾਗੀ ਭਾਈ ਸ਼ੁਭਦੀਪ ਸਿੰਘ ਜੀ ਦੇ ਵੱਡੇ ਸਪੁੱਤਰ ਕਾਕਾ ਅਰਪਣ ਸਿੰਘ ਨੇ ਨਿੱਕੀ ਉਮਰ ਵਿੱਚ ਹੀ ਗੁਰਬਾਣੀ ਨੂੰ ਆਪਣੇ ਜੀਵਨ ਦਾ ਆਧਾਰ ਬਣਾ ਕੇ ਇੱਕ ਵਿਲੱਖਣ ਮਿਸਾਲ ਕਾਇਮ ਕੀਤੀ ਹੈ। ਉਨ੍ਹਾਂ ਨੂੰ ਕਈ ਬਾਣੀਆਂ ਕੰਠ ਹਨ। ਵਿਸ਼ੇਸ਼ ਤੌਰ 'ਤੇ ਆਸਾ ਕੀ ਵਾਰ ਅਤੇ ਸ੍ਰੀ ਦਸਮ ਗ੍ਰੰਥ ਦੀਆਂ ਅਨੇਕਾਂ ਬਾਣੀਆਂ ਉਨ੍ਹਾਂ ਨੂੰ ਯਾਦ ਹਨ। ਅਕਾਲ ਪੁਰਖ ਦੀ ਅਪਾਰ ਕਿਰਪਾ ਸਦਕਾ ਉਹ ਆਪਣੀ ਦੁਨਿਆਵੀ ਪੜ੍ਹਾਈ ਦੇ ਨਾਲ-ਨਾਲ ਅਧਿਆਤਮਿਕ ਜੀਵਨ ਨੂੰ ਵੀ ਪੂਰਾ ਸਮਾਂ ਦੇ ਰਹੇ ਹਨ। ਅਰਪਣ ਸਿੰਘ ਦਾ ਨਿਮਰ, ਮਿਲਾਪੜਾ ਅਤੇ ਸੰਜੀਦਾ ਸੁਭਾਅ ਹਰ ਮਿਲਣ ਵਾਲੇ ਨੂੰ ਪ੍ਰਭਾਵਿਤ ਕਰਦਾ ਹੈ। ਗੁਰੂ ਘਰ ਦੀ ਸੇਵਾ, ਗੁਰਬਾਣੀ ਦੇ ਅਭਿਆਸ ਅਤੇ ਸਿੱਖੀ ਸਿਧਾਂਤਾਂ ਪ੍ਰਤੀ ਉਨ੍ਹਾਂ ਦੀ ਲਗਨ ਉਨ੍ਹਾਂ ਦੇ ਉੱਚੇ ਸੰਸਕਾਰਾਂ ਦੀ ਗਵਾਹੀ ਦਿੰਦੀ ਹੈ। ਆਸ ਪ੍ਰਗਟ ਕੀਤੀ ਜਾ ਰਹੀ ਹੈ ਕਿ ਉਹ ਆਪਣੇ ਛੋਟੇ ਭਰਾਵਾਂ ਅਤੇ ਹਾਣੀ ਬੱਚਿਆਂ ਲਈ ਇੱਕ ਆਦਰਸ਼ ਜੀਵਨ-ਮਾਰਗਦਰਸ਼ਕ ਬਣਨਗੇ ਅਤੇ ਉਨ੍ਹਾਂ ਨੂੰ ਵੀ ਗੁਰਬਾਣੀ, ਚੰਗੇ ਆਚਰਨ, ਅਨੁਸ਼ਾਸਨ ਅਤੇ ਗੁਰੂ ਸਾਹਿਬਾਨ ਦੇ ਦਰਸਾਏ ਰਾਹ 'ਤੇ ਚੱਲਣ ਲਈ ਪ੍ਰੇਰਿਤ ਕਰਨਗੇ। ਇਸ ਮੌਕੇ ਪਿਤਾ ਭਾਈ ਸ਼ੁਭਦੀਪ ਸਿੰਘ, ਹਜ਼ੂਰੀ ਰਾਗੀ ਸੱਚਖੰਡ ਸ੍ਰੀ ਦਰਬਾਰ ਸਾਹਿਬ ਜੀ ਨੇ ਕਿਹਾ ਕਿ ਉਨ੍ਹਾਂ ਦੀ ਦਿਲੀ ਇੱਛਾ ਹੈ ਕਿ ਅਰਪਣ ਸਿੰਘ ਸਦਾ ਗੁਰਬਾਣੀ ਨਾਲ ਜੁੜੇ ਰਹਿਣ, ਗੁਰਮਤਿ ਦੇ ਪ੍ਰਚਾਰ-ਪ੍ਰਸਾਰ ਲਈ ਸਮਰਪਿਤ ਰਹਿਣ ਅਤੇ ਆਪਣੇ ਪੜਦਾਦਾ ਬ੍ਰਹਮਲੀਨ ਬਾਬਾ ਈਸ਼ਰ ਸਿੰਘ ਅਕਾਲੀਆ ਦੀ ਫੁਲਵਾੜੀ ਵੱਲੋਂ ਬਖ਼ਸ਼ੇ ਉੱਚੇ ਆਦਰਸ਼ਾਂ ਅਤੇ ਸੰਸਕਾਰਾਂ ਨੂੰ ਜੀਵਨ ਭਰ ਸੰਭਾਲ ਕੇ ਰੱਖਣ। ਉਨ੍ਹਾਂ ਕਿਹਾ ਕਿ ਬਾਬਾ ਈਸ਼ਰ ਸਿੰਘ ਜੀ ਅਕਾਲੀਆ ਨੇ ਆਪਣਾ ਸਮੁੱਚਾ ਜੀਵਨ ਪੰਥ ਦੀ ਸੇਵਾ, ਗੁਰਬਾਣੀ ਦੇ ਪ੍ਰਚਾਰ ਅਤੇ ਸਿੱਖੀ ਸਿਧਾਂਤਾਂ ਦੀ ਮਜ਼ਬੂਤੀ ਲਈ ਸਮਰਪਿਤ ਕੀਤਾ ਸੀ। ਉਹ ਆਸ ਕਰਦੇ ਹਨ ਕਿ ਅਰਪਣ ਸਿੰਘ ਵੀ ਉਸੇ ਪਰੰਪਰਾ ਨੂੰ ਅੱਗੇ ਵਧਾਉਂਦੇ ਹੋਏ ਸੱਚਖੰਡ ਸ੍ਰੀ ਦਰਬਾਰ ਸਾਹਿਬ ਜੀ ਦੀਆਂ ਪੰਥਕ ਸੇਵਾਵਾਂ ਨਾਲ ਜੁੜੇ ਰਹਿਣਗੇ ਅਤੇ ਆਪਣੇ ਦਾਦਾ ਸਰਦਾਰ ਸੰਪੂਰਨ ਸਿੰਘ ਰਿਟਾਇਰ ਏਸੀਪੀ ਸ੍ਰੀ ਅੰਮ੍ਰਿਤਸਰ ਵਾਂਗ ਇੱਕ ਨੇਕ, ਇਮਾਨਦਾਰ, ਮਿਹਨਤੀ ਅਤੇ ਲੋਕ-ਸੇਵਾ ਨੂੰ ਸਮਰਪਿਤ ਅਫ਼ਸਰ ਬਣ ਕੇ ਪਰਿਵਾਰ, ਪੰਥ ਅਤੇ ਦੇਸ਼ ਦਾ ਨਾਮ ਰੌਸ਼ਨ ਕਰਨਗੇ। ਬੀਤੇ ਦਿਨ ਕਾਕਾ ਅਰਪਣ ਸਿੰਘ ਦੇ ਜਨਮ ਦਿਨ ਮੌਕੇ ਪਰਿਵਾਰਕ ਮੈਂਬਰਾਂ, ਰਿਸ਼ਤੇਦਾਰਾਂ, ਸਨੇਹੀਆਂ, ਧਾਰਮਿਕ ਸ਼ਖ਼ਸੀਅਤਾਂ, ਹਜ਼ੂਰੀ ਰਾਗੀ ਸਿੰਘਾਂ ਅਤੇ ਦੇਸ਼-ਵਿਦੇਸ਼ ਦੀਆਂ ਸੰਗਤਾਂ ਵੱਲੋਂ ਉਨ੍ਹਾਂ ਨੂੰ ਜਨਮ ਦਿਨ ਦੀਆਂ ਦਿਲੋਂ ਵਧਾਈਆਂ ਅਤੇ ਅਸੀਸਾਂ ਭੇਟ ਕੀਤੀਆਂ ਗਈਆਂ। ਸਮੂਹ ਸੰਗਤ ਨੇ ਅਕਾਲ ਪੁਰਖ ਅੱਗੇ ਅਰਦਾਸ ਕੀਤੀ ਕਿ ਉਹ ਅਰਪਣ ਸਿੰਘ ਨੂੰ ਚੜ੍ਹਦੀ ਕਲਾ, ਲੰਬੀ ਉਮਰ, ਤੰਦਰੁਸਤੀ, ਵਿਦਿਆ, ਨਿਮਰਤਾ ਅਤੇ ਗੁਰਬਾਣੀ ਦੀ ਅਟੱਲ ਪ੍ਰੇਮ-ਭਗਤੀ ਬਖ਼ਸ਼ਣ, ਤਾਂ ਜੋ ਉਹ ਭਵਿੱਖ ਵਿੱਚ ਵੀ ਸਿੱਖੀ, ਸਮਾਜ ਅਤੇ ਮਨੁੱਖਤਾ ਦੀ ਸੇਵਾ ਕਰਦਿਆਂ ਨਵੀਂ ਪੀੜ੍ਹੀ ਲਈ ਪ੍ਰੇਰਣਾ ਸਰੋਤ ਬਣੇ ਰਹਿਣ। ਅੰਤ ਵਿੱਚ ਭਾਈ ਸ਼ੁਭਦੀਪ ਸਿੰਘ ਅਤੇ ਸਮੂਹ ਪਰਿਵਾਰ ਵੱਲੋਂ ਕਾਕਾ ਅਰਪਣ ਸਿੰਘ ਦੇ ਜਨਮ ਦਿਨ ਮੌਕੇ ਫ਼ੋਨ ਕਾਲਾਂ, ਸੁਨੇਹਿਆਂ, ਸੋਸ਼ਲ ਮੀਡੀਆ ਅਤੇ ਵਿਅਕਤੀਗਤ ਤੌਰ 'ਤੇ ਵਧਾਈਆਂ, ਅਸੀਸਾਂ ਅਤੇ ਸ਼ੁਭਕਾਮਨਾਵਾਂ ਭੇਜਣ ਵਾਲੀਆਂ ਸਮੂਹ ਸੰਗਤਾਂ, ਪੰਥਕ ਸ਼ਖ਼ਸੀਅਤਾਂ, ਰਿਸ਼ਤੇਦਾਰਾਂ, ਮਿੱਤਰਾਂ ਅਤੇ ਸ਼ੁਭਚਿੰਤਕਾਂ ਦਾ ਦਿਲੋਂ ਧੰਨਵਾਦ ਕੀਤਾ ਗਿਆ। ਪਰਿਵਾਰ ਨੇ ਅਕਾਲ ਪੁਰਖ ਅੱਗੇ ਅਰਦਾਸ ਕੀਤੀ ਕਿ ਸਮੂਹ ਸੰਗਤ ਨੂੰ ਸਦਾ ਚੜ੍ਹਦੀ ਕਲਾ, ਤੰਦਰੁਸਤੀ, ਨਾਮ ਬਾਣੀ ਦੀ ਦਾਤ ਅਤੇ ਗੁਰੂ ਘਰ ਦੀ ਸੇਵਾ ਦਾ ਸੁਭਾਗ ਪ੍ਰਾਪਤ ਹੁੰਦਾ ਰਹੇ।

ਆਵਾਜ਼ਿ ਕੌਮ AWAZE QAUM International Newspaper & WEB TV

### ਗੌਰਮਿੰਟ ਪ੍ਰਾਈਮਰੀ ਗਰਲਜ ਸਕੂਲ ਚੁੰਗੀ ਖਾਨਾ ਰੋਡ ਦੀ ਪ੍ਰਿੰਸੀਪਲ ਬਲਜਿੰਦਰ ਕੌਰ ਨੇ

# ਸਮਾਜ ਸੇਵਕ ਤੇ ਲੇਖਕ ਪੀ.ਸੀ. ਕੁਮਾਰ ਦੀ ਨਵੀਂ ਪੁਸਤਕ ਕੀਤੀ ਰਿਲੀਜ





**ਫ਼ਿਰੋਜ਼ਪੁਰ, 03 ਜੁਲਾਈ (ਮਨੋਹਰ ਲਾਲ) :—** ਪੰਜਾਬ ਸਿਹਤ ਵਿਭਾਗ ਤੋਂ ਸੇਵਾਮੁਕਤ ਡਿਪਟੀ ਮਾਸ ਮੀਡੀਆ ਅਫ਼ਸਰ, ਪ੍ਰਸਿੱਧ ਸਮਾਜ ਸੇਵਕ ਅਤੇ ਲੇਖਕ ਸ੍ਰੀ ਪ੍ਰਕਾਸ਼ ਚੰਦ ਕੁਮਾਰ ਵੱਲੋਂ ਬੱਚਿਆਂ ਲਈ ਲਿਖੀ ਗਈ ਪ੍ਰੇਰਨਾਦਾਇਕ ਪੁਸਤਕ ਰੌਸ਼ਨੀ ਦੀ ਰਾਹ ਚਰਚਾ ਦਾ ਵਿਸ਼ਾ ਬਣੀ ਹੋਈ ਹੈ। ਇਹ ਪੁਸਤਕ ਨਵੀਂ ਪੀੜ੍ਹੀ ਦੇ ਚਰਿਤਰ ਨਿਰਮਾਣ ਅਤੇ ਉਨ੍ਹਾਂ ਨੂੰ ਨੈਤਿਕ ਕਦਰਾਂ ਕੀਮਤਾਂ ਨਾਲ ਜੋੜਨ ਵਿੱਚ ਇੱਕ ਵੱਡਾ ਮੀਲ ਪੱਥਰ ਸਾਬਤ ਹੋਵੇਗੀ।

ਸਮਾਜ ਸੇਵੀ ਕਾਰਜ ਕਰਨ ਦੇ ਨਾਲ—ਨਾਲ ਸਕੂਲੀ ਬੱਚਿਆਂ ਨੂੰ ਸਮੇਂ—ਸਮੇਂ ਤੇ ਸਮੇਂ ਦੇ ਹਾਣੀ ਬਣਾਉਣ ਲਈ ਕਾਰਜ ਨਿਭਾਉਂਦੇ ਆ ਰਹੇ ਸ੍ਰੀ ਪੀ.ਸੀ ਕੁਮਾਰ ਦੀ ਪੁਸਤਕ ਗੌਰਮਿੰਟ ਪ੍ਰਾਈਮਰੀ ਗਰਲਜ ਸਕੂਲੀ ਚੁੰਗੀ ਖਾਨਾ ਰੋਡ ਦੀ ਪ੍ਰਿੰਸੀਪਲ ਸ੍ਰੀਮਤੀ ਬਲਜਿੰਦਰ ਕੌਰ ਨੇ ਰਲੀਜ ਕਰਦਿਆਂ ਇਸ ਪੁਸਤਕ ਤੋਂ ਚੰਗੀ ਸੇਧ ਮਿਲਣ ਦੀ ਪੁਸ਼ਟੀ ਕੀਤੀ। ਇਸ ਮੌਕੇ ਰਜਨੀਸ਼ ਕਪੂਰ ਸਾਬਕਾ ਮੈਨੇਜਰ ਪੰਜਾਬ ਨੈਸ਼ਨਲ ਬੈਂਕ ਵੀ ਹਾਜ਼ਰ ਸਨ, ਜਿਨ੍ਹਾਂ ਨੇ ਪੀ.ਸੀ ਕੁਮਾਰ ਦੁਆਰਾ ਲੋਕ ਹਿੱਤ ਵਿਚ ਪਾਏ ਯੋਗਦਾਨ ਦੀ ਭਰਪੂਰ ਸ਼ਲਾਘਾ ਕੀਤੀ।

ਜ਼ਿਕਰਯੋਗ ਹੈ ਕਿ ਸ੍ਰੀ ਪ੍ਰਕਾਸ਼ ਚੰਦ ਕੁਮਾਰ ਪਿਛਲੇ ਚਾਰ ਦਹਾਕਿਆਂ ਤੋਂ ਵੱਧ ਸਮੇਂ ਤੋਂ ਨਿਸ਼ਕਾਮ ਭਾਵਨਾ ਨਾਲ ਸਿੱਖਿਆ, ਸਿਹਤ ਜਾਗਰੂਕਤਾ, ਨਸ਼ਾ ਮੁਕਤੀ ਅਤੇ ਵਾਤਾਵਰਣ ਸੰਭਾਲ ਵਰਗੇ ਸਮਾਜਿਕ ਭਲਾਈ ਦੇ ਕਾਰਜਾਂ ਵਿੱਚ ਸਰਗਰਮ ਯੋਗਦਾਨ ਪਾ ਰਹੇ ਹਨ। ਅੱਜ 85 ਸਾਲ ਦੀ ਉਮਰ ਵਿੱਚ ਵੀ ਉਹ ਉਸੇ ਜੋਸ਼ ਅਤੇ ਸਮਰਪਣ ਨਾਲ ਸਮਾਜ ਸੇਵਾ ਅਤੇ ਨੌਜਵਾਨ ਪੀੜ੍ਹੀ ਦੇ ਮਾਰਗਦਰਸ਼ਨ ਲਈ ਨਿਰੰਤਰ ਕਾਰਜਸ਼ੀਲ ਹਨ। ਉਹ ਹਰ ਸਾਲ ਮੈਡੀਕਲ ਕੈਂਪ ਲਗਾਉਣ, ਰੁੱਖ ਲਗਾਉਣ ਦੀਆਂ ਮੁਹਿੰਮਾਂ ਅਤੇ ਲੋੜਵੰਦਾਂ ਦੀ ਸਹਾਇਤਾ ਵਰਗੇ ਅਨੇਕਾਂ ਸਮਾਜਿਕ ਕਾਰਜਾਂ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਆ ਰਹੇ ਹਨ। ਉਨ੍ਹਾਂ ਦੇ ਇਸ ਸਫ਼ਰ ਵਿੱਚ ਉਨ੍ਹਾਂ ਦੀ ਪਤਨੀ ਦਰਸ਼ਨਾ ਦੇਵੀ ਦਾ ਵੀ ਪੂਰਾ ਸਹਿਯੋਗ ਰਿਹਾ ਹੈ।

ਪ੍ਰਕਾਸ਼ਕ ਵੱਲੋਂ ਸਾਂਝੀ ਕੀਤੀ ਜਾਣਕਾਰੀ ਅਨੁਸਾਰ ਇਹ ਪੁਸਤਕ ਲੇਖਕ ਦੇ ਆਪਣੇ ਜੀਵਨ ਅਨੁਭਵਾਂ, ਸੰਸਕਾਰਾਂ ਅਤੇ ਸਮਾਜ ਪ੍ਰਤੀ ਸਮਰਪਣ ਦਾ ਪ੍ਰਤੀਬਿੰਬ ਹੈ। ਇਸ ਰਾਹੀਂ ਉਹ ਬੱਚਿਆਂ ਵਿੱਚ ਇਮਾਨਦਾਰੀ, ਦਇਆ, ਜ਼ਿੰਮੇਵਾਰੀ ਅਤੇ ਚੰਗੇ ਚਰਿੱਤਰ ਦੇ ਮੁੱਲ ਪੈਦਾ ਕਰਨ ਦਾ ਯਤਨ ਕਰ ਰਹੇ ਹਨ। ਉਨ੍ਹਾਂ ਦੱਸਿਆ ਕਿ ਪੁਸਤਕ ਰੌਸ਼ਨੀ ਦੀ ਰਾਹ ਬੱਚਿਆਂ ਲਈ ਲਿਖੀਆਂ ਗਈਆਂ ਪ੍ਰੇਰਨਾਦਾਇਕ, ਮਨੋਰੰਜਕ ਅਤੇ ਜੀਵਨ ਮੁੱਲਾਂ ਨਾਲ ਭਰਪੂਰ ਕਹਾਣੀਆਂ ਦਾ ਇੱਕ ਖ਼ੂਬਸੂਰਤ ਸੰਗ੍ਰਹਿ ਹੈ। ਇਸ ਪੁਸਤਕ ਦੀ ਹਰ ਕਹਾਣੀ ਬੱਚਿਆਂ ਦੇ ਮਨ ਵਿੱਚ ਚੰਗੇ ਸੰਸਕਾਰ, ਇਮਾਨਦਾਰੀ, ਦਇਆ, ਮਿਹਨਤ, ਅਨੁਸ਼ਾਸਨ ਅਤੇ ਸਮਾਜ ਪ੍ਰਤੀ ਜ਼ਿੰਮੇਵਾਰੀ ਦੀ ਭਾਵਨਾ ਪੈਦਾ ਕਰਦੀ ਹੈ। ਇਹ ਕਹਾਣੀਆਂ ਬੱਚਿਆਂ ਨੂੰ ਸਹੀ ਅਤੇ ਗਲਤ ਵਿਚਕਾਰ ਫਰਕ ਸਮਝਣ, ਚੰਗੇ ਫ਼ੈਸਲੇ ਲੈਣ ਅਤੇ ਇੱਕ ਜ਼ਿੰਮੇਵਾਰ ਨਾਗਰਿਕ ਵਜੋਂ ਵਿਕਸਿਤ ਹੋਣ ਲਈ ਪ੍ਰੇਰਿਤ ਕਰਦੀਆਂ ਹਨ। ਪੁਸਤਕ ਦਾ ਉਦੇਸ਼ ਸਿਰਫ਼ ਮਨੋਰੰਜਨ ਕਰਨਾ ਨਹੀਂ, ਸਗੋਂ ਨਵੀਂ ਪੀੜ੍ਹੀ ਦੇ ਚਰਿੱਤਰ ਨਿਰਮਾਣ ਵਿੱਚ ਯੋਗਦਾਨ ਪਾਉਣਾ ਹੈ। ਹਰ ਕਹਾਣੀ ਇੱਕ ਛੋਟੀ ਜਿਹੀ ਰੌਸ਼ਨੀ ਹੈ, ਜੋ ਬੱਚਿਆਂ ਦੇ ਜੀਵਨ ਨੂੰ ਸਹੀ ਦਿਸ਼ਾ ਵੱਲ ਲੈ ਜਾਣ ਦਾ ਯਤਨ ਕਰਦੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਪੰਜਾਬ ਸਰਕਾਰ ਮੁਫ਼ਤ ਦੀਆਂ ਰਿਓੜੀਆਂ ਵੰਡਣੀਆਂ ਬੰਦ ਕਰੇ: ਮਦਨ ਲਾਲ




**ਚੌਕ ਮਹਿਤਾ, 3 ਜੁਲਾਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਆਲ ਕੈਡਰ ਪੈਨਸ਼ਨਰ ਐਸੋਸੀਏਸ਼ਨ ਦੀ ਮੀਟਿੰਗ ਪ੍ਰਧਾਨ ਮਦਨ ਲਾਲ ਸ਼ਰਮਾ ਜੀ ਦੀ ਪ੍ਰਧਾਨਗੀ ਹੇਠ ਸਿਟੀ ਸਰਕਲ ਹਾਲ ਗੇਟ ਵਿਖੇ ਹੋਈ ਇਸ ਮੀਟਿੰਗ ਦੇ ਵਿੱਚ ਜਿੰਨੇ ਵੀ ਪੈਨਸ਼ਨਰ ਸਨ ਉਹਨਾਂ ਦੇ ਪੈਂਡਿੰਗ ਕੰਮ ਮੌਕੇ ਤੇ ਹੀ ਉਹਨਾਂ ਦਾ ਨਿਪਟਾਰਾ ਕੀਤਾ ਗਿਆ ਅਤੇ ਇਸ ਤੋਂ ਇਲਾਵਾ ਪੰਜਾਬ ਸਰਕਾਰ ਨੂੰ ਚੇਤਾਵਨੀ ਦਿੰਦਿਆਂ ਹੋਇਆਂ ਕਿਹਾ ਕਿ ਪੰਜਾਬ ਸਰਕਾਰ ਮੁਫਤ ਦੀਆਂ ਰਿਓੜੀਆਂ ਦੇਣੀਆਂ ਬੰਦ ਕਰੇ ਅਤੇ ਮੁਲਾਜ਼ਮਾਂ ਦਾ ਪੈਂਡਿੰਗ ਡੀਏ ਜੋ 18% ਬਣਦਾ ਹੈ ਉਹ ਜਲਦ ਤੋਂ ਜਲਦ ਰਿਲੀਜ਼ ਕਰੇ ਆਗੂਆਂ ਨੇ ਕਿਹਾ ਕਿ ਆਜ਼ਾਦੀ ਤੋਂ ਬਾਅਦ ਇਹ ਪਹਿਲੀ ਸਰਕਾਰ ਹੈ ਕਿ ਦੋ ਮੁਲਾਜ਼ਮਾਂ ਦਾ ਡੀ.ਏ ਰੋਕਣ ਲਈ ਕੋਰਟ ਵਿੱਚ ਪੂਰੀ ਕੋਸ਼ਿਸ਼ ਕਰ ਰਹੀ ਹੈ ਆਗੂਆਂ ਨੇ ਕਿਹਾ ਕਿ ਜੇਕਰ ਪੰਜਾਬ ਸਰਕਾਰ ਦਾ ਇਹੋ ਰਵਈਆ ਰਿਹਾ ਤਾਂ ਆਲ ਕੇਡਰ ਪੈਨਸ਼ਨਰ ਐਸੋਸੀਏਸ਼ਨ ਦੇ ਸਾਰੇ ਸਾਥੀ ਮੁਲਾਜ਼ਮ ਸੰਘਰਸ਼ਸ਼ੀਲ ਮੋਰਚੇ ਵੱਲੋਂ ਉਲੀਕੇ ਹਰੇਕ ਸੰਘਰਸ਼ ਵਿੱਚ ਉਹਨਾਂ ਦਾ ਸਾਥ ਦੇਣਗੇ ਉਹਨਾਂ ਸੰਘਰਸ਼ਾਂ ਵਿੱਚੋਂ ਜੋ ਪਟਿਆਲਾ ਵਿਖੇ ਹੈਡ ਆਫਿਸ ਦੇ ਗੇਟਾਂ ਦਾ ਘਿਰਾਓ ਕੀਤਾ ਜਾਣਾ ਹੈ ਅਤੇ ਫੀਲਡ ਵਿੱਚ ਵੀ ਡਾਇਰੈਕਟਰ ਜਾਂ ਸੀ .ਐਮ .ਡੀ ਦੇ ਆਉਣ ਤੇ ਉਨ੍ਹਾਂ ਨੂੰ ਦਾ ਕਾਲੇ ਝੰਡੇ ਵਿਖਾ ਕੇ ਘਿਰਾਓ ਕੀਤਾ ਜਾਣਾ ਹੈ ਉਸ ਵਿੱਚ ਵੀ ਆਲ ਕੇਡਰ ਪੈਨਸ਼ਨਰ ਐਸੋਸੀਏਸ਼ਨ ਮੁਲਾਜ਼ਮ ਸੰਘਰਸ਼ਸ਼ੀਲ ਮੋਰਚੇ ਦਾ ਪੂਰਾ ਸਾਥ ਦਵੇਗੀ ਇਸ ਮੌਕੇ ਪ੍ਰਧਾਨ ਮਦਨ ਲਾਲ ਸ਼ਰਮਾ, ਕੁਲਵਿੰਦਰ ਸਿੰਘ ,ਬਾਬਾ ਗੁਰਮੀਤ ਸਿੰਘ, ਸਵਰਨ ਲਾਲ ਸ਼ਰਮਾ , ਅਨਿਲ ਕੁਮਾਰ, ਹਰਜੀਤ ਸਿੰਘ ,ਕੁਲਦੀਪ ਸਿੰਘ , ਅਸ਼ਵਨੀ ਕੁਮਾਰ ,ਮਨਜੀਤ ਸਿੰਘ ,ਰਸ਼ਪਾਲ ਸਿੰਘ ,ਰਮੇਸ਼ ਖੰਨਾ ,ਪਵਨ ਕੁਮਾਰ ,ਅਸ਼ੋਕ ਕੁਮਾਰ ਆਦਿ ਹਾਜ਼ਰ ਸਨ

ਆਵਾਜ਼ਿ ਕੌਮ AWAZE QAUM International Newspaper & WEB TV

## ਹਿਮਾਚਲ ਹਰਿਆਣਾ ਅਤੇ ਚੰਡੀਗੜ੍ਹ ਦੀ ਤਰਜ ਤੇ ਚਾਰ ਸਾਲ ਖਤਮ ਕਰ ਚੁੱਕੇ ਅਗਨਿਵੀਰਾ ਲਈ ਪੰਜਾਬ ਸਰਕਾਰ ਭੀ 20 ਪਰਸੈਂਟ ਰਿਜ਼ਰਵੇਸ਼ਨ ਯਕੀਨੀ ਬਣਾਏ - ਕੈਪਟਨ ਸਿੱਧੂ

**ਬਰਨਾਲਾ ( ਰਣਜੀਤ ਸਿੰਘ ਪੇਧਨੀ )**-ਇਸ ਸਾਲ 26 ਦੇ ਆਖੀਰ ਵਿੱਚ ਅਗਨਿਵੀਰ ਸਕੀਮ ਰਾਹੀਂ ਫੌਜ ਵਿੱਚ ਭਰਤੀ ਹੋਏ ਅਗਨੀਵੀਰਾ ਦਾ ਪਹਿਲਾ ਬੈਚ ਚਾਰ ਸਾਲ ਪੂਰੇ ਕਰ ਲਵੇਗਾ ਜਿਸ ਵਿੱਚੋ 25 ਪ੍ਰਤੀਸ਼ਤ ਬੱਚੇ



ਰੈਗੂਲਰ ਆਰਮੀ ਵਿੱਚ ਰੱਖ ਲਏ ਜਾਣਗੇ ਅਤੇ ਬਾਕੀ ਸ਼ਰਤਾਂ ਮੁਤਾਬਿਕ ਆਪੋ ਆਪਣੇ ਘਰਾਂ ਨੂੰ ਆ ਜਾਣਗੇ ਅਤੇ ਆਪਣੇ ਵਿੱਤ ਮੁਤਾਬਿਕ ਕੰਮ ਕਾਰ ਸੁਰੂ ਕਰਨਗੇ ਪ੍ਰੰਤੂ ਹਰ ਇਕ ਰਾਜ ਸਰਕਾਰ ਨੇ ਜਿਵੇਂ ਉੱਤਰ ਪ੍ਰਦੇਸ ਹਰਿਆਣਾ ਹਿਮਾਚਲ ਅਤੇ ਚੰਡੀਗੜ੍ਹ ਸਟੇਟਾਂ ਨੇ ਇਹਨਾਂ ਅਗਨਿਵਿਰ ਬੱਚਿਆਂ ਨੂੰ ਸਰਕਾਰੀ ਨੌਕਰੀਆ ਵਿੱਚ 20 ਪ੍ਰਤੀਸ਼ਤ ਕੋਟੇ ਨਿਰਧਾਰਤ ਕੀਤੇ ਹਨ ਉਸੇ ਤਰਜ ਤੇ ਪੰਜਾਬ ਸਰਕਾਰ ਭੀ 20 ਪ੍ਰਤੀਸ਼ਤ ਕੋਟਾ ਇਹਨਾਂ ਅਗਨਿਵਿਰਾ ਲਈ ਨਿਰਧਾਰਤ ਕਰੋ ਇਹ ਜਾਣਕਾਰੀ ਇਕ ਪ੍ਰੈਸ ਨੋਟ ਜਾਰੀ ਕਰਕੇ ਸੈਨਿਕ ਵਿੰਗ ਦੇ ਸੂਬਾ ਪ੍ਰਧਾਨ ਅਤੇ ਭਾਜਪਾ ਹਲਕਾ ਇੰਚਾਰਜ ਭਦੌੜ ਕੈਪਟਨ ਗੁਰਜਿੰਦਰ ਸਿੰਘ ਸਿੱਧੂ ਨੇ ਦਿੱਤੀ ਸਿੱਧੂ ਨੇ ਦੱਸਿਆ ਕਿ ਉੱਤਰ ਪ੍ਰਦੇਸ ਦੇ ਮੁਕਾਬਲੇ ਪੰਜਾਬ ਬਹੁਤ ਛੋਟੀ ਸਟੇਟ ਹੈ ਫਿਰ ਭੀ ਫੌਜ ਵਿੱਚ ਭਰਤੀ ਹੋਣ ਲਈ ਵੱਡੀ ਪੱਧਰ ਤੇ ਨੌਜਵਾਨ ਪੰਜਾਬ ਤੋ ਜਾਦੇ ਹਨ ਅਤੇ ਉੱਤਰ ਪ੍ਰਦੇਸ ਪਹਿਲੇ ਨੰਬਰ ਤੇ ਹੈ ਅਤੇ ਪੰਜਾਬ ਦੂਸਰੇ ਨੰਬਰ ਤੇ ਹੈ ਇਹ ਪੰਜਾਬ ਲਈ ਫਕਰ ਦੀ ਗੱਲ ਹੈ ਕਿ ਦੇਸ ਦੀਆਂ ਸਰਹੱਦਾਂ ਦੀ ਰਾਖੀ ਲਈ ਪੰਜਾਬ ਦੇ ਲੋਕਾ ਦਾ ਵੱਡਾ ਯੋਗਦਾਨ ਹੈ ਉਹਨਾਂ ਦੱਸਿਆ ਕਿ ਪੰਜਾਬ ਸਰਕਾਰ ਨੇ ਸਿਰਫ ਸੈਕੁਰਟੀ ਵਿੱਚ ਹੀ 20 ਪ੍ਰਤੀਸ਼ਤ ਕੋਟਾ ਨਿਰਧਾਰਤ ਕੀਤਾ ਹੈ ਪ੍ਰੰਤੂ ਬਾਕੀ ਮਹਿਕਮਿਆਂ ਵਿੱਚ ਜਿਵੇਂ ਪੰਜਾਬ ਪੁਲਿਸ ਜੰਗਲਾਤ ਮਹਿਕਮਾ ਆਦਿ ਵਿੱਚ ਦਸ ਪ੍ਰਤਿਸ਼ਤ ਹੀ ਕੋਟਾ ਰੱਖਿਆ ਹੈ ਜਿਹੜਾ ਕਿ ਬਹੁਤ ਹੀ ਨਿੰਦਣ ਯੋਗ ਹੈ ਅਸੀਂ ਸਮੂਹ ਸਾਬਕਾ ਸੈਨਿਕ ਪੰਜਾਬ ਸਰਕਾਰ ਤੋਂ ਪੁਰਜੋਰ ਮੰਗ ਕਰਦੇ ਹਾਂ ਕਿ ਇਹਨਾਂ ਬੱਚਿਆਂ ਸਾਹਮਣੇ ਪਹਾੜ ਜਿੱਡੀ ਜਿੰਦਗੀ ਪਈ ਹੈ ਇਸ ਲਈ ਇਹਨਾਂ ਨੂੰ ਬਾਕੀ ਸਟੇਟਾਂ ਦੀ ਤਰਜ ਤੇ ਵੱਖ ਵੱਖ ਮਹਿਕਮਿਆਂ ਵਿੱਚ 20 ਪ੍ਰਤੀਸ਼ਤ ਕੋਟਾ ਨਿਰਧਾਰਤ ਕੀਤਾ ਜਾਵੇ ਅਤੇ ਇਹਨਾਂ ਚਾਰ ਸਾਲ ਲਗਾਕੇ ਆਏ ਅਗਨੀਵਿਰਾ ਲਈ ਪੰਜਾਬ ਸਰਕਾਰ ਵਲੋਂ ਕੋਈ ਕਸਰ ਨਾ ਛੱਡੀ ਜਾਵੇ।

ਆਵਾਜ਼ਿ ਕੌਮ AWAZE QAUM International Newspaper & WEB TV

## ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦਾ ਮਹਾਨ ਪ੍ਰਕਾਸ਼ ਦਿਹਾੜਾ ਸ਼ਰਧਾਪੂਰਵਕ ਮਨਾਇਆ ਜਾਵੇਗਾ—ਅੱਜ ਸਜੇਗਾ ਨਗਰ ਕੀਰਤਨ

ਫ਼ਿਰੋਜ਼ਪੁਰ, 03 ਜੁਲਾਈ (ਮਨੋਹਰ ਲਾਲ) :— ਖਾਲਸਾ ਫ਼ਤਹਿ ਜੰਗ ਦਲ ਫ਼ਿਰੋਜ਼ਪੁਰ ਸ਼ਹਿਰ ਵੱਲੋਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਛੇਵੇਂ ਪਾਤਿਸ਼ਾਹ ਮੀਰੀ—ਪੀਰੀ ਦੇ ਮਾਲਕ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦਾ ਮਹਾਨ ਪ੍ਰਕਾਸ਼ ਦਿਹਾੜਾ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪ੍ਰਬੰਧਕਾਂ ਨੇ ਦੱਸਿਆ ਕਿ ਇਹ ਸਮਾਗਮ ਧਰਮਸ਼ਾਲਾ ਭਾਈ ਮੋਤੀ ਰਾਮ, ਗੁਰਦੁਆਰਾ ਜੱਜਾਂ ਵਾਲਾ, ਕੰਬੋਜ ਨਗਰ, ਫ਼ਿਰੋਜ਼ਪੁਰ ਸ਼ਹਿਰ ਵਿਖੇ ਕਰਵਾਇਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਅੱਜ 3 ਜੁਲਾਈ 2026 ਨੂੰ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਪਾਠ ਆਰੰਭ ਕਰ ਦਿੱਤੇ ਗਏ ਹਨ, ਜਿਨ੍ਹਾਂ ਦੇ ਭੋਗ 5 ਜੁਲਾਈ ਨੂੰ ਪੈਣਗੇ। ਇਹ ਸੇਵਾ ਸਵ: ਨਿਰੰਜਣ ਸਿੰਘ, ਸਵ: ਹਰਦਿਆਲ ਸਿੰਘ ਸਪੁੱਤਰ ਸ਼ੇਰ ਸਿੰਘ (ਸਬਜ਼ੀ ਮੰਡੀ ਵਾਲਿਆਂ ਦੇ ਪਰਿਵਾਰ) ਵੱਲੋਂ ਕਰਵਾਈ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਅੱਜ 3 ਜੁਲਾਈ ਨੂੰ ਸ਼ਾਮ 5:00 ਵਜੇ ਗੁਰੂ ਸਾਹਿਬ ਦੀ ਛਤਰ—ਛਾਇਆ ਅਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਸ਼ਾਨਦਾਰ ਨਗਰ ਕੀਰਤਨ ਸਜਾਇਆ ਜਾਵੇਗਾ। ਉਨ੍ਹਾਂ ਦੱਸਿਆ ਕਿ 5 ਜੁਲਾਈ ਨੂੰ ਦੀਵਾਨ ਸਜਾਏ ਜਾਣਗੇ, ਜਿਨ੍ਹਾਂ ਵਿਚ ਸਵੇਰੇ 9:30 ਤੋਂ 11:00 ਵਜੇ ਤੱਕ ਭਾਈ ਬਲਵਿੰਦਰ ਸਿੰਘ ਵੱਲੋਂ ਪਾਠ ਸ੍ਰੀ ਸੁਖਮਣੀ ਸਾਹਿਬ, 11:00 ਤੋਂ ਦੁਪਹਿਰ 12:00 ਵਜੇ ਰਾਗੀ ਜੱਥਾ ਭਾਈ ਸਤਵੰਤ ਸਿੰਘ, ਦੁਪਹਿਰ 12:00 ਤੋਂ 1:00 ਵਜੇ ਰਾਗੀ ਜੱਥਾ ਭਾਈ ਲਵਪ੍ਰੀਤ ਸਿੰਘ, ਦੁਪਹਿਰ 1:00 ਤੋਂ 2:00 ਵਜੇ ਤੱਕ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ, ਰਾਗੀ ਜੱਥਾ ਭਾਈ ਗੁਰਿੰਦਰ ਸਿੰਘ ਬਟਾਲਾ, ਦੁਪਹਿਰ 2:00 ਤੋਂ 4:00 ਵਜੇ ਤੱਕ ਢਾਡੀ ਜੱਥਾ ਭਾਈ ਗੁਰਨਾਮ ਸਿੰਘ ਗੜਗੱਜ ਆਈਆਂ ਸੰਗਤਾਂ ਨੂੰ ਗੁਰੂ ਜ਼ਸ ਸੁਣਾ ਕੇ ਨਿਹਾਲ ਕਰਨਗੀਆਂ। ਉਨ੍ਹਾਂ ਦੱਸਿਆ ਕਿ ਰਾਤ ਦੇ ਦੀਵਾਨਾਂ ਵਿਚ ਸ਼ਾਮ 7:30 ਤੋਂ ਰਾਤ 8:30 ਵਜੇ ਤੱਕ ਢਾਡੀ ਜੱਥਾ ਭਾਈ ਮਨਦੀਪ ਸਿੰਘ, 8:30 ਤੋਂ 9:30 ਵਜੇ ਤੱਕ ਹਜ਼ੂਰੀ ਰਾਗੀ ਸ੍ਰੀ ਜਾਮਨੀ ਸਾਹਿਬ ਬਾਜ਼ੀਦਪੁਰ, ਰਾਗੀ ਜੱਥਾ ਭਾਈ ਜਤਿੰਦਰਪਾਲ ਸਿੰਘ, 9:30 ਤੋਂ 10:30 ਵਜੇ ਤੱਕ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ, ਰਾਗੀ ਜੱਥਾ ਭਾਈ ਸਰੂਪ ਸਿੰਘ, 10:30 ਤੋਂ 12:00 ਵਜੇ ਤੱਕ ਢਾਡੀ ਜੱਥਾ ਭਾਈ ਕੋਮਲ ਸਿੰਘ ਗੜਗੱਜ ਢਾਡੀ ਵਾਰਾਂ ਸੁਣਾਉਣਗੇ। ਉਨ੍ਹਾਂ ਦੱਸਿਆ ਕਿ ਇਨ੍ਹਾਂ ਸਮਾਗਮਾਂ ਦੌਰਾਨ ਗੁਰੂ ਕਾ ਲੰਗਰ ਅਤੁੱਟ ਚੱਲੇਗਾ, ਜਿਸ ਵਿਚ ਹਰਬੰਸ ਸਿੰਘ ਹਾਂਡਾ, ਗੁਰਦੀਪ ਸਿੰਘ ਹਾਂਡਾ, ਬਚਿੱਤਰ ਸਿੰਘ ਹਾਂਡਾ, ਮਨਜੀਤ ਸਿੰਘ ਹਾਂਡਾ (ਸਵ: ਕਰਤਾਰ ਸਿੰਘ, ਦਿਆਲ ਸਿੰਘ ਸਬਜ਼ੀ ਮੰਡੀ ਵਾਲੇ) ਵੱਲੋਂ ਕੀਤੀ ਜਾਵੇਗੀ ਅਤੇ ਲੰਗਰ ਤਿਆਰ ਕਰਨ ਦੀ ਸੇਵਾ ਕੁਲਵੰਤ ਸਿੰਘ ਦੇ ਜੱਥੇ ਵੱਲੋਂ ਨਿਭਾਈ ਜਾਵੇਗੀ। ਉਨ੍ਹਾਂ ਦੱਸਿਆ ਕਿ ਇਨ੍ਹਾਂ ਸਮਾਗਮਾਂ ਦੌਰਾਨ ਜੋੜਿਆਂ ਦੀ ਸੇਵਾ ਖਾਲਸਾ ਨੌਜਵਾਨ ਸਭਾ ਕੰਬੋਜ ਨਗਰ ਫ਼ਿਰੋਜ਼ਪੁਰ ਵੱਲੋਂ ਨਿਸ਼ਕਾਮ ਰੂਪ ਵਿੱਚ ਕੀਤੀ ਜਾਵੇਗੀ। ਖਾਲਸਾ ਫ਼ਤਹਿ ਜੰਗ ਦਲ ਅਤੇ ਪ੍ਰਬੰਧਕਾਂ ਵੱਲੋਂ ਸਮੂਹ ਸੰਗਤਾਂ ਨੂੰ ਬੇਨਤੀ ਕੀਤੀ ਗਈ ਕਿ ਉਹ ਇਨ੍ਹਾਂ ਧਾਰਮਿਕ ਸਮਾਗਮਾਂ ਵਿੱਚ ਤਨ, ਮਨ ਅਤੇ ਧਨ ਨਾਲ ਹਾਜ਼ਰੀ ਭਰ ਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰਨ।

ਆਵਾਜ਼ਿ ਕੌਮ AWAZE QAUM International Newspaper & WEB TV

### ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਸ਼ੇਰ-ਏ-ਪੰਜਾਬ ਮਹਾਂਰਾਜਾ ਰਣਜੀਤ ਸਿੰਘ ਜੀ ਦੀ

# 187ਵੀਂ ਬਰਸੀ ਸ਼ਰਧਾ ਅਤੇ ਸਤਿਕਾਰ ਨਾਲ ਮਨਾਈ ਗਈ






**ਰੋਪੜ, 3 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਸ਼ੇਰ-ਏ-ਪੰਜਾਬ ਮਹਾਂਰਾਜਾ ਰਣਜੀਤ ਸਿੰਘ ਜੀ ਦੀ 187ਵੀਂ ਬਰਸੀ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਜੀ ਦੇ ਪਿਤਾ ਬਾਪੂ ਤਰਸੇਮ ਸਿੰਘ ਜੀ ਦੀ ਵਿਰਾਸਤੀ ਚੌਂਕੀ ਸਰਕਾਰ-ਏ-ਖ਼ਾਲਸਾ ਦੇ ਨਜ਼ਦੀਕ ਗੁਰਦੁਆਰਾ ਬਾਬਾ ਸਤਿਨਾਮ ਸਿੰਘ ਜੀ, ਰੋਪੜ ਵਿਖੇ ਬੜੀ ਸ਼ਰਧਾ, ਸਤਿਕਾਰ ਅਤੇ ਪੰਥਕ ਜਜ਼ਬੇ ਨਾਲ ਮਨਾਈ ਗਈ। ਇਸ ਮੌਕੇ ਬਾਪੂ ਤਰਸੇਮ ਸਿੰਘ ਜੀ ਨੇ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਸ਼ੇਰ-ਏ-ਪੰਜਾਬ ਮਹਾਂਰਾਜਾ ਰਣਜੀਤ ਸਿੰਘ ਜੀ ਨੇ ਸਰਕਾਰ-ਏ-ਖ਼ਾਲਸਾ ਦੇ ਰੂਪ ਵਿੱਚ ਅਜਿਹਾ ਰਾਜ ਕਾਇਮ ਕੀਤਾ, ਜਿਸ ਦੀ ਨੀਂਹ ਨਿਆਂ, ਧਾਰਮਿਕ ਆਜ਼ਾਦੀ, ਆਪਸੀ ਭਾਈਚਾਰੇ ਅਤੇ ਸਰਬੱਤ ਦੇ ਭਲੇ ਦੇ ਸਿਧਾਂਤਾਂ 'ਤੇ ਟਿਕੀ ਹੋਈ ਸੀ। ਉਨ੍ਹਾਂ ਕਿਹਾ ਕਿ ਮਹਾਂਰਾਜਾ ਰਣਜੀਤ ਸਿੰਘ ਜੀ ਦਾ ਜੀਵਨ ਅਤੇ ਸ਼ਾਸਨ ਅੱਜ ਵੀ ਪੰਜਾਬ ਅਤੇ ਸਿੱਖ ਕੌਮ ਲਈ ਪ੍ਰੇਰਣਾ ਦਾ ਸਰੋਤ ਹੈ। ਉਨ੍ਹਾਂ ਨੇ ਸੰਗਤਾਂ ਨੂੰ ਅਪੀਲ ਕੀਤੀ ਕਿ ਮਹਾਂਰਾਜਾ ਰਣਜੀਤ ਸਿੰਘ ਜੀ ਦੇ ਆਦਰਸ਼ਾਂ ਨੂੰ ਆਪਣੇ ਜੀਵਨ ਵਿੱਚ ਅਪਣਾ ਕੇ ਕੌਮੀ ਏਕਤਾ, ਸੇਵਾ ਅਤੇ ਪੰਜਾਬ ਦੀ ਚੜ੍ਹਦੀ ਕਲਾ ਲਈ ਮਿਲ ਕੇ ਕੰਮ ਕੀਤਾ ਜਾਵੇ। ਇਸ ਮੌਕੇ ਸ੍ਰ. ਮਨਪ੍ਰੀਤ ਸਿੰਘ ਇਆਲੀ ਅਤੇ ਭਾਈ ਪਰਮਜੀਤ ਸਿੰਘ ਜੌਹਲ ਨੇ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਸ਼ੇਰ-ਏ-ਪੰਜਾਬ ਮਹਾਂਰਾਜਾ ਰਣਜੀਤ ਸਿੰਘ ਜੀ ਦਾ ਜੀਵਨ ਅਤੇ ਸਰਕਾਰ-ਏ-ਖ਼ਾਲਸਾ ਅੱਜ ਵੀ ਨਿਆਂ, ਧਾਰਮਿਕ ਸਹਿਣਸ਼ੀਲਤਾ, ਪੰਜਾਬ ਦੀ ਏਕਤਾ ਅਤੇ ਸਰਬੱਤ ਦੇ ਭਲੇ ਦਾ ਸਰਵੋਤਮ ਮਾਡਲ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੀ ਨੌਜਵਾਨ ਪੀੜ੍ਹੀ ਨੂੰ ਮਹਾਂਰਾਜਾ ਰਣਜੀਤ ਸਿੰਘ ਜੀ ਦੇ ਆਦਰਸ਼ਾਂ ਅਤੇ ਗੌਰਵਮਈ ਵਿਰਸੇ ਤੋਂ ਸੇਧ ਲੈ ਕੇ ਪੰਜਾਬ ਦੀ ਚੜ੍ਹਦੀ ਕਲਾ ਲਈ ਯਤਨਸ਼ੀਲ ਹੋਣਾ ਚਾਹੀਦਾ ਹੈ। ਸਮਾਗਮ ਦੌਰਾਨ ਸ਼ੇਰ-ਏ-ਪੰਜਾਬ ਮਹਾਂਰਾਜਾ ਰਣਜੀਤ ਸਿੰਘ ਜੀ ਦੇ ਧਰਮ ਅਤੇ ਕੌਮ ਪ੍ਰਤੀ ਅਣਮੁੱਲੇ ਯੋਗਦਾਨ ਨੂੰ ਯਾਦ ਕਰਦਿਆਂ ਉਨ੍ਹਾਂ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ। ਇਸ ਮੌਕੇ ਪਾਰਟੀ ਦੀ ਸੀਨੀਅਰ ਲੀਡਰਸ਼ਿਪ ਵਿੱਚੋਂ ਭਾਈ ਅਮਰਜੀਤ ਸਿੰਘ ਵੰਨਚਿੜੀ, ਭਾਈ ਹਰਭਜਨ ਸਿੰਘ, ਭਾਈ ਪਰਮਜੀਤ ਸਿੰਘ ਜੌਹਲ, ਹਲਕਾ ਦਾਖਾਂ ਤੋਂ ਐਮ.ਐਲ.ਏ. ਸ੍ਰ. ਮਨਪ੍ਰੀਤ ਸਿੰਘ ਇਆਲੀ, ਸ੍ਰ. ਬਾਬੂ ਸਿੰਘ ਬਰਾੜ, ਸ੍ਰ. ਕਾਬਲ ਸਿੰਘ, ਭਾਈ ਸੁਖਦੇਵ ਸਿੰਘ ਕਾਦੀਆਂ, ਐਡਵੋਕੇਟ ਇਮਾਨ ਸਿੰਘ ਖਾਰਾ, ਸ਼ਮਸ਼ੇਰ ਸਿੰਘ ਪੱਧਰੀ, ਭਾਈ ਪ੍ਰਗਟ ਸਿੰਘ ਮੀਆਂਵਿੰਡ, ਭਾਈ ਜੁਗਰਾਜ ਸਿੰਘ ਮਹਿਤਾ, ਭਾਈ ਸੰਦੀਪ ਸਿੰਘ ਰੁਪਾਲੋਂ, ਭਾਈ ਜਸਕਰਨ ਸਿੰਘ ਕਾਹਨਸਿੰਘ ਵਾਲਾ, ਬੀਬੀ ਸਤਨਾਮ ਕੌਰ, ਬੀਬੀ ਹਰਪ੍ਰੀਤ ਕੌਰ, ਬੀਬੀ ਮਨਜੀਤ ਕੌਰ, ਭਾਈ ਚਮਕੌਰ ਸਿੰਘ, ਭਾਈ ਦਯਾ ਸਿੰਘ, ਗੰਗਵੀਰ ਸਿੰਘ ਰਾਠੌੜ, ਭਾਈ ਨਵਦੀਪ ਸਿੰਘ ਮਾਛੀਵਾੜਾ, ਭਾਈ ਦਲਜੀਤ ਸਿੰਘ ਜਵੰਦਾ, ਭਾਈ ਜਸਕਰਨ ਸਿੰਘ ਰਿਆੜ, ਭਾਈ ਚਰਨਜੀਤ ਸਿੰਘ ਗਾਲਿਬ, ਭਾਈ ਜਸਕਰਨ ਸਿੰਘ ਲੋਪੋਕੇ, ਭਾਈ ਅਮਰੀਕ ਸਿੰਘ ਬਿੱਟਾ, ਭਾਈ ਸੁਖਰਾਜ ਸਿੰਘ ਸੁਲਤਾਨਵਿੰਡ, ਭਾਈ ਸਰਬਜੀਤ ਸਿੰਘ ਖ਼ਾਨਪੁਰ, ਬਾਬਾ ਬਿਬੇਕ ਸਿੰਘ, ਭਾਈ ਜਸਵਿੰਦਰ ਸਿੰਘ ਡਰੌਲੀ, ਭਾਈ ਦਲਜੀਤ ਸਿੰਘ ਮਿਆਦੀਆਂ, ਭਾਈ ਹਰਜਿੰਦਰ ਸਿੰਘ ਜੀਰਾ, ਭਾਈ ਕਰਨਵੀਰ ਸਿੰਘ, ਭਾਈ ਪਰਮਜੀਤ ਸਿੰਘ ਵਣੀਏਕੇ, ਬਾਬਾ ਜਰਮਨਜੀਤ ਸਿੰਘ, ਭਾਈ ਬਚਿੱਤਰ ਸਿੰਘ ਜਟਾਣਾਂ, ਭਾਈ ਮਨਜਿੰਦਰ ਸਿੰਘ ਸੈਣੀ, ਭਾਈ ਬਲਵੰਤ ਸਿੰਘ ਗਿੱਲ, ਸ੍ਰ ਦਲਜੀਤ ਸਿੰਘ, ਭਾਈ ਕੁਲਵਿੰਦਰ ਸਿੰਘ ਵਡਾਲੀ, ਭਾਈ ਅਮਰਜੀਤ ਸਿੰਘ ਕਲਸੀ, ਭਾਈ ਲਖਬੀਰ ਸਿੰਘ ਕੋਟਲਾ, ਭਾਈ ਪ੍ਰਭਜੋਤ ਸਿੰਘ ਰਾਹੋਂ, ਭਾਈ ਜਗਦੀਪ ਸਿੰਘ ਕੰਸਾਲਾ, ਭਾਈ ਗੁਰਪ੍ਰੀਤ ਸਿੰਘ, ਲਾਲੀ ਰੱਈਆ, ਭਾਈ ਬਲਦੇਵ ਸਿੰਘ ਜੱਲ੍ਹੂਪੁਰ, ਭਾਈ ਪਰਮਜੀਤ ਸਿੰਘ ਜੱਲ੍ਹੂਪੁਰ, ਭਾਈ ਲਖਵਿੰਦਰ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਪਾਰਟੀ ਦੇ ਆਗੂ, ਵਰਕਰ ਅਤੇ ਸੰਗਤਾਂ ਹਾਜ਼ਰ ਸਨ।

**ਮਹਾਰਾਜਾ ਰਣਜੀਤ ਸਿੰਘ ਜੀ ਦੇ ਆਦਰਸ਼ਾਂ 'ਤੇ ਚੱਲ ਕੇ ਹੀ ਪੰਜਾਬ ਆਪਣੀ ਗੌਰਵਮਈ ਪਹਿਚਾਣ ਮੁੜ ਸਥਾਪਿਤ ਕਰ ਸਕਦਾ ਹੈ : ਬਾਪੂ ਤਰਸੇਮ ਸਿੰਘ**

### ਪਿੰਡ ਕੋਟਲਾ ਬਥੁੰਨਗੜ ਤੇ ਨਰਾਇਣਗੜ੍ਹ ਵਿਖੇ ਲੋਕ ਮਿਲਣੀ ਦੌਰਾਨ ਸ੍ਰ ਈ.ਟੀ.ਓ ਨੇ

# ਲੋਕਾਂ ਦੀਆਂ ਸਮੱਸਿਆਵਾਂ ਮੌਕੇ 'ਤੇ ਨਿਪਟਾਰੇ ਲਈ ਅਧਿਕਾਰੀਆਂ ਨੂੰ ਦਿੱਤੇ ਨਿਰਦੇਸ਼





## 'ਮਾਵਾਂ-ਧੀਆਂ ਸਤਿਕਾਰ ਯੋਜਨਾ' ਸਮੇਤ ਪੰਜਾਬ ਸਰਕਾਰ ਦੀਆਂ ਲੋਕ ਭਲਾਈ ਸਕੀਮਾਂ ਬਾਰੇ ਕੀਤਾ ਜਾਗਰੂਕ

ਜੰਡਿਆਲਾ ਗੁਰੂ , 3 ਜੁਲਾਈ (ਕੁਲਵੰਤ ਸਿੰਘ ਵਿਰਦੀ ) ਪੰਜਾਬ ਦੇ ਕੈਬਨਿਟ ਮੰਤਰੀ ਸਰਦਾਰ ਹਰਭਜਨ ਸਿੰਘ ਈ.ਟੀ.ਓ. ਨੇ ਅੱਜ ਆਪਣੇ ਵਿਧਾਨ ਸਭਾ ਹਲਕੇ ਅਧੀਨ ਪੈਂਦੇ ਪਿੰਡ ਕੋਟਲਾ ਬਥੁੰਨਗੜ ਅਤੇ ਨਰਾਇਣਗੜ੍ਹ ਵਿਖੇ ਲੋਕ ਮਿਲਣੀ ਪ੍ਰੋਗਰਾਮ ਦੌਰਾਨ ਇਲਾਕਾ ਵਾਸੀਆਂ ਨਾਲ ਰੂਬਰੂ ਹੋ ਕੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣੀਆਂ। ਇਸ ਮੌਕੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਵੀ ਹਾਜ਼ਰ ਸਨ।ਕੈਬਨਿਟ ਮੰਤਰੀ ਨੇ ਲੋਕਾਂ ਵੱਲੋਂ ਰੱਖੀਆਂ ਗਈਆਂ ਸਮੱਸਿਆਵਾਂ ਨੂੰ ਧਿਆਨ ਨਾਲ ਸੁਣਿਆ ਅਤੇ ਸਬੰਧਤ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਲੋਕਾਂ ਦੇ ਜਾਇਜ਼ ਮਸਲਿਆਂ ਦਾ ਪਹਿਲ ਦੇ ਆਧਾਰ 'ਤੇ ਨਿਪਟਾਰਾ ਯਕੀਨੀ ਬਣਾਇਆ ਜਾਵੇ, ਤਾਂ ਜੋ ਆਮ ਲੋਕਾਂ ਨੂੰ ਸਰਕਾਰੀ ਦਫ਼ਤਰਾਂ ਦੇ ਚੱਕਰ ਨਾ ਲਗਾਉਣੇ ਪੈਣ।ਇਸ ਮੌਕੇ ਸਰਦਾਰ ਹਰਭਜਨ ਸਿੰਘ ਈ.ਟੀ.ਓ. ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਲੋਕਾਂ ਦੀ ਭਲਾਈ ਲਈ ਲਗਾਤਾਰ ਨਵੇਂ ਉਪਰਾਲੇ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਕੱਲ੍ਹ ਹੀ ਸ਼ੁਰੂ ਕੀਤੀ ਗਈ 'ਮਾਵਾਂ-ਧੀਆਂ ਸਤਿਕਾਰ ਯੋਜਨਾ' ਮਹਿਲਾਵਾਂ ਨੂੰ ਆਰਥਿਕ ਤੌਰ 'ਤੇ ਸਸ਼ਕਤ ਬਣਾਉਣ ਅਤੇ ਉਨ੍ਹਾਂ ਦੇ ਸਨਮਾਨ ਨੂੰ ਹੋਰ ਮਜ਼ਬੂਤ ਕਰਨ ਵੱਲ ਇੱਕ ਇਤਿਹਾਸਕ ਕਦਮ ਹੈ। ਉਨ੍ਹਾਂ ਯੋਗ ਮਹਿਲਾਵਾਂ ਨੂੰ ਇਸ ਯੋਜਨਾ ਦਾ ਵੱਧ ਤੋਂ ਵੱਧ ਲਾਭ ਲੈਣ ਦੀ ਅਪੀਲ ਕਰਦਿਆਂ ਕਿਹਾ ਕਿ ਸਰਕਾਰ ਹਰ ਵਰਗ ਦੀ ਭਲਾਈ ਲਈ ਵਚਨਬੱਧ ਹੈ ਉਨ੍ਹਾਂ ਨੇ ਹਾਜ਼ਰ ਲੋਕਾਂ ਨੂੰ ਪੰਜਾਬ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਹੋਰ ਲੋਕ ਭਲਾਈ ਸਕੀਮਾਂ ਅਤੇ ਸਹੂਲਤਾਂ ਬਾਰੇ ਵੀ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਅਤੇ ਇਨ੍ਹਾਂ ਦਾ ਲਾਭ ਉਠਾਉਣ ਲਈ ਪ੍ਰੇਰਿਤ ਕੀਤਾ।ਕੈਬਨਿਟ ਮੰਤਰੀ ਨੇ ਕਿਹਾ ਕਿ ਲੋਕ ਮਿਲਣੀ ਪ੍ਰੋਗਰਾਮਾਂ ਦਾ ਮੁੱਖ ਮਕਸਦ ਸਰਕਾਰ ਅਤੇ ਲੋਕਾਂ ਵਿਚਕਾਰ ਸਿੱਧਾ ਸੰਵਾਦ ਸਥਾਪਤ ਕਰਨਾ ਅਤੇ ਲੋਕਾਂ ਦੀਆਂ ਸਮੱਸਿਆਵਾਂ ਦਾ ਸਮੇਂ ਸਿਰ ਹੱਲ ਯਕੀਨੀ ਬਣਾਉਣਾ ਹੈ। ਉਨ੍ਹਾਂ ਭਰੋਸਾ ਦਿੱਤਾ ਕਿ ਹਲਕੇ ਦੇ ਵਿਕਾਸ ਅਤੇ ਲੋਕਾਂ ਦੀ ਭਲਾਈ ਲਈ ਇਸੇ ਤਰ੍ਹਾਂ ਲੋਕਾਂ ਦੇ ਵਿਚਕਾਰ ਜਾ ਕੇ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਨਿਪਟਾਰਾ ਕੀਤਾ ਜਾਂਦਾ ਰਹੇਗਾ।

# ਪੰਜਾਬ ਵਿੱਚ ਬਿਜਲੀ ਬਿੱਲਾਂ ਦੀ ਅਦਾਇਗੀ ਹੋਵੇਗੀ ਹੋਰ ਵੀ ਆਸਾਨ, ਕੈਨਰਾ ਬੈਂਕ ਤੇ ਪੀਐਸਪੀਸੀਐਲ ਵਿਚਾਲੇ ਸਮਝੌਤਾ



**ਚੌਕ ਮਹਿਤਾ, 3 ਜੁਲਾਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਪੰਜਾਬ ਦੇ ਬਿਜਲੀ ਉਪਭੋਗਤਾਵਾਂ ਨੂੰ ਡਿਜ਼ਿਟਲ ਭੁਗਤਾਨ ਦੀ ਹੋਰ ਸੁਵਿਧਾਜਨਕ ਸੇਵਾ ਦੇਣ ਲਈ ਕੈਨਰਾ ਬੈਂਕ ਦੇ ਚੰਡੀਗੜ੍ਹ ਸਰਕਲ ਨੇ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਿਟੇਡ (ਪੀਐਸਪੀਸੀਐਲ) ਨਾਲ ਇੱਕ ਮਹੱਤਵਪੂਰਨ ਸਮਝੌਤਾ (ਐਮਓਯੂ) ਕੀਤਾ ਹੈ। ਇਸ ਸਮਝੌਤੇ ਤਹਿਤ ਖਪਤਕਾਰ ਹੁਣ ਪੇਮੈਂਟ ਗੇਟਵੇ ਰਾਹੀਂ ਆਪਣੇ ਬਿਜਲੀ ਬਿੱਲਾਂ ਦੀ ਅਦਾਇਗੀ ਆਸਾਨੀ, ਤੇਜ਼ੀ ਅਤੇ ਸੁਰੱਖਿਅਤ ਢੰਗ ਨਾਲ ਕਰ ਸਕਣਗੇ ਸਮਝੌਤੇ 'ਤੇ ਕੈਨਰਾ ਬੈਂਕ ਵੱਲੋਂ ਬੀ. ਰਵੀ, ਰੀਜਨਲ ਹੈੱਡ, ਰੀਜਨਲ ਦਫ਼ਤਰ ਚੰਡੀਗੜ੍ਹ ਨੇ ਦਸਤਖ਼ਤ ਕੀਤੇ। ਇਸ ਮੌਕੇ ਕੈਨਰਾ ਬੈਂਕ ਦੇ ਚੰਦਰ ਸਿੰਘ ਤੋਮਰ, ਸਰਕਲ ਹੈੱਡ, ਚੰਡੀਗੜ੍ਹ ਵੀ ਹਾਜ਼ਰ ਸਨ। ਉੱਥੇ ਹੀ ਪੀਐਸਪੀਸੀਐਲ ਵੱਲੋਂ ਐਸ.ਕੇ. ਬੇਰੀ, ਡਾਇਰੈਕਟਰ (ਵਿੱਤ) ਅਤੇ ਜਸਵਿੰਦਰ ਸਿੰਘ, ਮੁੱਖ ਲੇਖਾ ਅਧਿਕਾਰੀ (ਮਾਲੀਆ) ਨੇ ਸਮਝੌਤੇ 'ਤੇ ਦਸਤਖ਼ਤ ਕੀਤੇ। ਸਮਾਰੋਹ ਦੌਰਾਨ ਦੋਵਾਂ ਸੰਸਥਾਵਾਂ ਦੇ ਹੋਰ ਸੀਨੀਅਰ ਅਧਿਕਾਰੀ ਵੀ ਮੌਜੂਦ ਰਹੇ ਇਸ ਭਾਈਵਾਲੀ ਦਾ ਮੁੱਖ ਉਦੇਸ਼ ਪੰਜਾਬ ਦੇ ਲੱਖਾਂ ਬਿਜਲੀ ਉਪਭੋਗਤਾਵਾਂ ਨੂੰ ਸੁਰੱਖਿਅਤ, ਤੇਜ਼ ਅਤੇ ਬਿਹਤਰ ਡਿਜ਼ਿਟਲ ਭੁਗਤਾਨ ਦੀ ਸਹੂਲਤ ਮੁਹੱਈਆ ਕਰਵਾਉਣਾ ਹੈ, ਜਿਸ ਨਾਲ ਬਿਜਲੀ ਬਿੱਲਾਂ ਦੀ ਅਦਾਇਗੀ ਦੀ ਪ੍ਰਕਿਰਿਆ ਹੋਰ ਵੀ ਸਰਲ ਅਤੇ ਸੁਵਿਧਾਜਨਕ ਬਣੇਗੀ।

## ਸਹਾਇਕ ਕਮਿਸ਼ਨਰ ਫੂਡ ਰਜਿੰਦਰ ਪਾਲ ਸਿੰਘ ਹੁਣ ਜ਼ਿਲ੍ਹਾ ਜਲੰਧਰ ਵਿਖੇ ਸੇਵਾਵਾਂ ਨਿਭਾਉਣਗੇ



**ਚੌਕ ਮਹਿਤਾ,3 ਜੁਲਾਈ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਜਿਲਾ ਅੰਮ੍ਰਿਤਸਰ ਵਿਖੇ ਵਧੀਆ ਸੇਵਾਵਾ ਅਤੇ ਕਾਰਗੁਜਾਰੀ ਕਰਨ ਉਪਰੰਤ ਸਹਾਇਕ ਕਮਿਸ਼ਨਰ ਫੂਡ ਰਜਿੰਦਰ ਪਾਲ ਸਿੰਘ ਨੂੰ ਹੁਣ ਜ਼ਿਲ੍ਹਾ ਜਲੰਧਰ ਵਿਖੇ ਤੈਨਾਤ ਕੀਤਾ ਗਿਆ ਹੈ। ਉਹਨਾਂ ਨੇ ਜ਼ਿਲ੍ਹਾ ਅੰਮ੍ਰਿਤਸਰ ਵਿਖੇ 11 ਨਵੰਬਰ 2021 ਨੂੰ ਡਿਊਟੀ ਜੁਆਇੰਨ ਕੀਤੀ ਸੀ ਅਤੇ ਜਿਲ੍ਹੇ ਭਰ ਵਿੱਚ ਫੂਡ ਸੇਫਟੀ ਲਈ ਤਨਦੇਹੀ ਨਾਲ ਕੰਮ ਕੀਤਾ ਅਤੇ ਦਿਨ ਰਾਤ ਅਣਥੱਕ ਮੇਹਨਤ ਨਾਲ ਜਿਲ੍ਹੇ ਵਿਚ ਲੋਕਾਂ ਦੀ ਸਿਹਤ ਤੇ ਮਿਆਰੀ ਖਾਦ ਪਰਦਾਥਾਂ ਦੀ ਵਿਕਰੀ ਲਈ ਕੰਮ ਕੀਤਾ। ਸਿਹਤ ਵਿਭਾਗ ਅੰਮ੍ਰਿਤਸਰ ਵੱਲੋਂ ਓਹਨਾਂ ਨੂੰ ਨਿੱਘੀ ਵਿਦਾਇਗੀ ਦਿੱਤੀ ਅਤੇ ਸ਼ੁਭਕਾਮਨਾਵਾ ਦਿੱਤੀਆਂ।

## ਦਿੱਲੀ ਦੇ ਗੁਰਦੁਆਰਾ ਸਾਹਿਬਾਂ ਦੇ ਬਾਹਰ ਲਗਾਣਗੇ ਭਗਵੰਤ ਮਾਨ ਬਾਈਕਾਟ ਦੇ ਬੋਰਡ, ਸਰਨਾ ਨੇ ਛੇੜੀ ਮੁਹਿੰਮ



**ਨਵੀਂ ਦਿੱਲੀ, 3 ਜੁਲਾਈ (ਮਨਪ੍ਰੀਤ ਸਿੰਘ ਖਾਲਸਾ)**:-ਦਿੱਲੀ ਅਕਾਲੀ ਦਲ ਦੇ ਪ੍ਰਧਾਨ ਸਰਦਾਰ ਪਰਮਜੀਤ ਸਿੰਘ ਸਰਨਾ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਹੁਕਮਾਂ ਦੀ ਪਾਲਣਾ ਯਕੀਨੀ ਬਣਾਉਣ ਲਈ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੇ ਬਾਈਕਾਟ ਸਬੰਧੀ ਦਿੱਲੀ ਭਰ ਦੇ ਗੁਰਦੁਆਰਿਆਂ ਦੇ ਬਾਹਰ ਬੋਰਡ ਲਗਾਉਣ ਦੀ ਮੁਹਿੰਮ ਸ਼ੁਰੂ ਕਰਨ ਦਾ ਐਲਾਨ ਕੀਤਾ ਹੈ। ਸ. ਸਰਨਾ ਨੇ ਕਿਹਾ ਕਿ ਇਸ ਮੁਹਿੰਮ ਦਾ ਉਦੇਸ਼ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਆਦੇਸ਼ਾਂ ਨੂੰ ਸੰਗਤ ਤੱਕ ਪਹੁੰਚਾਉਣਾ ਅਤੇ ਪੰਥਕ ਮਰਯਾਦਾ ਅਨੁਸਾਰ ਉਨ੍ਹਾਂ ਦੀ ਪਾਲਣਾ ਯਕੀਨੀ ਬਣਾਉਣਾ ਹੈ। ਉਨ੍ਹਾਂ ਦੱਸਿਆ ਕਿ ਪਾਰਟੀ ਵਰਕਰ ਦਿੱਲੀ ਦੇ ਵੱਖ-ਵੱਖ ਗੁਰਦੁਆਰਿਆਂ ਦੇ ਬਾਹਰ ਬੋਰਡ ਲਗਾ ਕੇ ਸੰਗਤ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਹੁਕਮਾਂ ਤੋਂ ਜਾਣੂ ਕਰਵਾ ਰਹੇ ਹਨ। ਉਨ੍ਹਾਂ ਦਿੱਲੀ ਦੀਆਂ ਸਮੂਹ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਨੂੰ ਇਸ ਮੁਹਿੰਮ ਵਿੱਚ ਪੂਰਾ ਸਹਿਯੋਗ ਦੇਣ ਦੀ ਅਪੀਲ ਕਰਦਿਆਂ ਕਿਹਾ ਕਿ ਇਹ ਕਿਸੇ ਸਿਆਸੀ ਲਾਭ ਲਈ ਨਹੀਂ, ਸਗੋਂ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਵਉੱਚਤਾ, ਪੰਥਕ ਅਨੁਸ਼ਾਸਨ ਅਤੇ ਧਾਰਮਿਕ ਮਰਯਾਦਾ ਦੀ ਰੱਖਿਆ ਲਈ ਚਲਾਈ ਜਾ ਰਹੀ ਪਹਿਲ ਹੈ। ਸ. ਸਰਨਾ ਨੇ ਕਿਹਾ ਕਿ ਜਦੋਂ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਕੋਈ ਹੁਕਮ ਜਾਰੀ ਹੁੰਦਾ ਹੈ ਤਾਂ ਉਸ ਦੀ ਪਾਲਣਾ ਕਰਨਾ ਹਰ ਸਿੱਖ ਦਾ ਧਾਰਮਿਕ ਫ਼ਰਜ਼ ਬਣ ਜਾਂਦਾ ਹੈ। ਉਨ੍ਹਾਂ ਕਿਹਾ ਕਿ ਅਹੁਦੇ ਅਤੇ ਸਿਆਸੀ ਤਾਕਤਾਂ ਆਉਂਦੀਆਂ-ਜਾਂਦੀਆਂ ਰਹਿੰਦੀਆਂ ਹਨ, ਪਰ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਮਰਯਾਦਾ ਅਤੇ ਸਰਵਉੱਚਤਾ ਨਾਲ ਕੋਈ ਸਮਝੌਤਾ ਨਹੀਂ ਕੀਤਾ ਜਾ ਸਕਦਾ।

### ਪੰਜਾਬ ਵਿੱਚ ਜਲਦ ਹੀ ਏ.ਆਈ. ਪਾਠਕ੍ਰਮ ਹੋਵੇਗਾ ਸ਼ੁਰੂ - ਸਿੱਖਿਆ ਮੰਤਰੀ ਹਰਜੋਤ ਬੈਂਸ

# ਸਿੱਖਿਆ ਸੁਧਾਰਾਂ ਲਈ ਵਿਦਿਆਰਥੀਆਂ ਅਤੇ ਅਧਿਆਪਕਾਂ ਦੀ ਰਾਏ ਨੂੰ ਤਰਜੀਹ ਦਿੱਤੀ ਜਾ ਰਹੀ ਹੈ - ਮਨੀਸ਼ ਸਿਸੋਦੀਆ



**ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਬਰਾਈਟ ਮਾਈਂਡਜ਼ ਪੰਜਾਬ 2026 ਤਹਿਤ ਅੱਜ ਡਾਇਟ, ਸੰਗਰੂਰ ਵਿਖੇ ਇੱਕ ਵਿਸ਼ਾਲ ਅਤੇ ਪ੍ਰੇਰਣਾਦਾਇਕ ਸਮਾਰੋਹ ਆਯੋਜਿਤ ਕੀਤਾ ਗਿਆ। ਇਸ ਸਮਾਗਮ ਵਿੱਚ ਪੰਜਾਬ ਦੇ ਸਿੱਖਿਆ ਮੰਤਰੀ ਸ੍ਰ. ਹਰਜੋਤ ਸਿੰਘ ਬੈਂਸ ਅਤੇ ਦਿੱਲੀ ਦੇ ਸਾਬਕਾ ਉਪ ਮੁੱਖ ਮੰਤਰੀ ਸ੍ਰੀ ਮਨੀਸ਼ ਸਿਸੋਦੀਆ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਸਮਾਗਮ ਦਾ ਮੁੱਖ ਉਦੇਸ਼ ਵਿਦਿਆਰਥੀਆਂ ਅਤੇ ਅਧਿਆਪਕਾਂ ਨਾਲ ਸਿੱਧਾ ਸੰਵਾਦ ਸਥਾਪਿਤ ਕਰਨਾ ਅਤੇ ਸਿੱਖਿਆ ਪ੍ਰਣਾਲੀ ਵਿੱਚ ਹੋ ਰਹੇ ਬਦਲਾਅ ਅਤੇ ਸੁਧਾਰਾਂ ਬਾਰੇ ਵਿਚਾਰ-ਵਟਾਂਦਰਾ ਕਰਨਾ ਸੀ। ਇਸ ਮੌਕੇ 12ਵੀਂ ਜਮਾਤ ਵਿੱਚ 90 ਫੀਸਦੀ ਤੇ ਇਸ ਤੋਂ ਵੱਧ ਅੰਕ ਪ੍ਰਾਪਤ ਕਰਨ ਵਾਲੇ ਹੋਣਹਾਰ ਵਿਦਿਆਰਥੀਆਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਇਹ ਵਿਦਿਆਰਥੀ ਸਿਰਫ਼ ਆਪਣੇ ਪਰਿਵਾਰਾਂ ਲਈ ਹੀ ਨਹੀਂ, ਸਗੋਂ ਪੰਜਾਬ ਅਤੇ ਦੇਸ਼ ਦਾ ਭਵਿੱਖ ਵੀ ਹਨ। ਉਨ੍ਹਾਂ ਨੇ ਕਿਹਾ ਕਿ ਇਹ ਬੱਚੇ ਭਵਿੱਖ ਵਿੱਚ ਆਈ.ਏ.ਐਸ., ਆਈ.ਪੀ.ਐਸ., ਡਾਕਟਰ, ਵਕੀਲ ਅਤੇ ਹੋਰ ਮਹੱਤਵਪੂਰਨ ਅਹੁਦਿਆਂ 'ਤੇ ਬੈਠ ਕੇ ਦੇਸ਼ ਦੀ ਸੇਵਾ ਕਰਨਗੇ। ਸਿੱਖਿਆ ਮੰਤਰੀ ਨੇ ਦੱਸਿਆ ਕਿ ਇਸ ਸਮਾਗਮ ਦੌਰਾਨ ਵਿਦਿਆਰਥੀਆਂ ਨਾਲ ਖੁੱਲ੍ਹੀ ਗੱਲਬਾਤ ਕਰਕੇ ਉਨ੍ਹਾਂ ਦੀ ਰਾਏ ਲਈ ਗਈ ਕਿ ਸਿੱਖਿਆ ਪ੍ਰਣਾਲੀ ਵਿੱਚ ਕਿਹੜੇ ਬਦਲਾਅ ਲਿਆਉਣ ਦੀ ਲੋੜ ਹੈ। ਉਨ੍ਹਾਂ ਨੇ ਕਿਹਾ ਕਿ ਇਹ ਪਹਿਲੀ ਵਾਰ ਹੈ ਜਦੋਂ ਸਿੱਖਿਆ ਮੰਤਰੀ ਨੇ ਵਿਦਿਆਰਥੀਆਂ ਨਾਲ ਸਿੱਧਾ ਸੰਵਾਦ ਕਰਕੇ ਪ੍ਰੀਖਿਆ ਪ੍ਰਣਾਲੀ, ਸਿਲੇਬਸ ਅਤੇ ਪੜ੍ਹਾਈ ਦੇ ਢੰਗਾਂ ਬਾਰੇ ਸੁਝਾਅ ਮੰਗੇ ਹਨ। ਉਨ੍ਹਾਂ ਨੇ ਕਿਹਾ ਕਿ ਬੱਚਿਆਂ ਵੱਲੋਂ ਉਠਾਏ ਗਏ ਸਾਰੇ ਮੁੱਦੇ ਬਹੁਤ ਹੀ ਵਾਜਬ ਅਤੇ ਸਮੇਂ ਦੇ ਅਨੁਕੂਲ ਹਨ। ਸਿੱਖਿਆ ਮੰਤਰੀ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਅੱਜ ਦੇ ਸਮੇਂ ਵਿੱਚ ਏ.ਆਈ. (ਆਰਟੀਫ਼ੀਸ਼ਲ ਇੰਟੈਲੀਜੈਂਸ) ਇੱਕ ਵੱਡਾ ਵਿਸ਼ਾ ਬਣ ਚੁੱਕਾ ਹੈ। ਦੁਨੀਆ ਦੇ ਸਾਰੇ ਦੇਸ਼ ਇਸ ਤਕਨਾਲੋਜੀ ਨੂੰ ਤੇਜ਼ੀ ਨਾਲ ਅਪਣਾ ਰਹੇ ਹਨ, ਇਸ ਲਈ ਪੰਜਾਬ ਨੂੰ ਵੀ ਸਮੇਂ ਦੇ ਨਾਲ ਕਦਮ ਮਿਲਾਉਣ ਦੀ ਲੋੜ ਹੈ। ਉਨ੍ਹਾਂ ਨੇ ਦੱਸਿਆ ਕਿ ਪੰਜਾਬ ਸਰਕਾਰ ਪਿਛਲੇ ਇੱਕ ਸਾਲ ਤੋਂ ਇਸ 'ਤੇ ਕੰਮ ਕਰ ਰਹੀ ਹੈ ਅਤੇ ਅਗਲੇ ਮਹੀਨੇ ਤੋਂ ਸੂਬੇ ਦੇ ਸਾਰੇ ਸਕੂਲਾਂ ਵਿੱਚ ਏ.ਆਈ ਪਾਠਕ੍ਰਮ ਲਾਂਚ ਕੀਤਾ ਜਾਵੇਗਾ। ਉਨ੍ਹਾਂ ਨੇ ਇਹ ਵੀ ਕਿਹਾ ਕਿ ਪੰਜਾਬ ਨੇ ਸਕੂਲੀ ਸਿੱਖਿਆ ਦੇ ਖੇਤਰ ਵਿੱਚ ਵੱਡੀ ਪ੍ਰਗਤੀ ਕੀਤੀ ਹੈ ਅਤੇ ਕੇਰਲਾ ਨੂੰ ਪਿੱਛੇ ਛੱਡਦੇ ਹੋਏ ਭਾਰਤ ਦੇ ਸਿੱਖਿਆ ਸੂਚਕ ਅੰਕ ਵਿੱਚ ਸਿਖਰਲੇ ਸਥਾਨ 'ਤੇ ਪਹੁੰਚ ਗਿਆ ਹੈ। ਇਹ ਉਪਲੱਬਧੀ ਸਾਰੇ ਅਧਿਆਪਕਾਂ, ਵਿਦਿਆਰਥੀਆਂ ਅਤੇ ਸਰਕਾਰ ਦੀ ਸਾਂਝੀ ਮਿਹਨਤ ਦਾ ਨਤੀਜਾ ਹੈ। ਉਨ੍ਹਾਂ ਨੇ ਵਿਸ਼ਵਾਸ ਜਤਾਇਆ ਕਿ ਆਉਣ ਵਾਲੇ ਸਮੇਂ ਵਿੱਚ ਪੰਜਾਬ ਸਿੱਖਿਆ ਦੇ ਖੇਤਰ ਵਿੱਚ ਹੋਰ ਵੀ ਉੱਚਾਈਆਂ ਛੂਹੇਗਾ। ਇਸ ਮੌਕੇ ਦਿੱਲੀ ਦੇ ਸਾਬਕਾ ਉਪ ਮੁੱਖ ਮੰਤਰੀ ਮਨੀਸ਼ ਸਿਸੋਦੀਆ ਨੇ ਕਿਹਾ ਕਿ ਮੌਜੂਦਾ ਸਿੱਖਿਆ ਪ੍ਰਣਾਲੀ ਵਿੱਚ ਵੱਡੇ ਪੱਧਰ 'ਤੇ ਸੁਧਾਰਾਂ ਦੀ ਲੋੜ ਹੈ। ਉਨ੍ਹਾਂ ਨੇ ਜ਼ੋਰ ਦੇ ਕੇ ਕਿਹਾ ਕਿ ਹਰ ਬੱਚੇ ਤੱਕ ਗੁਣਵੱਤਾ ਵਾਲੀ ਸਿੱਖਿਆ ਪਹੁੰਚਾਉਣਾ ਸਰਕਾਰ ਦੀ ਸਭ ਤੋਂ ਵੱਡੀ ਜ਼ਿੰਮੇਵਾਰੀ ਹੈ। ਉਨ੍ਹਾਂ ਨੇ ਕਿਹਾ ਕਿ ਕਿਸੇ ਵੀ ਦੇਸ਼ ਦੀ ਤਰੱਕੀ ਉਸ ਦੀ ਸਿੱਖਿਆ ਪ੍ਰਣਾਲੀ 'ਤੇ ਨਿਰਭਰ ਕਰਦੀ ਹੈ ਅਤੇ ਇਸ ਨੂੰ ਮਜ਼ਬੂਤ ਬਣਾਉਣਾ ਸਮੇਂ ਦੀ ਲੋੜ ਹੈ। ਮਨੀਸ਼ ਸਿਸੋਦੀਆ ਨੇ ਇਹ ਵੀ ਕਿਹਾ ਕਿ ਏ.ਆਈ ਆਉਣ ਵਾਲੇ ਸਮੇਂ ਵਿੱਚ ਨਵੀਆਂ ਨੌਕਰੀਆਂ ਦੇ ਮੌਕੇ ਪੈਦਾ ਕਰੇਗੀ ਪਰ ਕੁਝ ਰਵਾਇਤੀ ਨੌਕਰੀਆਂ 'ਤੇ ਅਸਰ ਵੀ ਪਵੇਗਾ। ਇਸ ਲਈ ਵਿਦਿਆਰਥੀਆਂ ਨੂੰ ਨਵੀਆਂ ਤਕਨੀਕਾਂ ਨਾਲ ਤਿਆਰ ਕਰਨਾ ਬਹੁਤ ਜ਼ਰੂਰੀ ਹੈ। ਉਨ੍ਹਾਂ ਨੇ ਪ੍ਰੀਖਿਆ ਪ੍ਰਣਾਲੀ ਵਿੱਚ ਸੁਧਾਰ, ਨਕਲ ਰੋਕਣ ਅਤੇ ਪੜ੍ਹਾਉਣ ਦੇ ਨਵੇਂ ਢੰਗ ਅਪਣਾਉਣ ਦੀ ਲੋੜ 'ਤੇ ਵੀ ਜ਼ੋਰ ਦਿੱਤਾ। ਇਸ ਦੌਰਾਨ ਉਨ੍ਹਾਂ ਨੇ ਵਿਦਿਆਰਥੀਆਂ ਅਤੇ ਅਧਿਆਪਕਾਂ ਨਾਲ ਸਿੱਧਾ ਸੰਵਾਦ ਕਰਦੇ ਹੋਏ ਉਨ੍ਹਾਂ ਦੇ ਵਿਚਾਰ ਵੀ ਸੁਣੇ। ਇਸ ਮੌਕੇ ਵਿਦਿਆਰਥੀਆਂ ਨੂੰ ਆਪਣੇ ਅਧਿਕਾਰਾਂ ਅਤੇ ਸੰਵਿਧਾਨਕ ਮੁੱਲਾਂ ਦੀ ਰਾਖੀ ਕਰਨ, ਮਾਂ-ਭੂਮੀ, ਸੱਭਿਆਚਾਰ ਅਤੇ ਵਾਤਾਵਰਣ ਦੀ ਸੰਭਾਲ ਲਈ ਯੋਗਦਾਨ ਪਾਉਣ ਦਾ ਪ੍ਰਣ ਵੀ ਦਿਵਾਇਆ। ਇਹ ਸਮਾਗਮ ਨਾ ਸਿਰਫ਼ ਵਿਦਿਆਰਥੀਆਂ ਲਈ ਪ੍ਰੇਰਣਾ ਦਾ ਸਰੋਤ ਸਾਬਤ ਹੋਇਆ, ਸਗੋਂ ਸਿੱਖਿਆ ਪ੍ਰਣਾਲੀ ਵਿੱਚ ਸੁਧਾਰਾਂ ਲਈ ਇੱਕ ਨਵੀਂ ਦਿਸ਼ਾ ਵੀ ਪ੍ਰਦਾਨ ਕਰ ਗਿਆ। ਸਰਕਾਰ ਵੱਲੋਂ ਵਿਦਿਆਰਥੀਆਂ ਦੀ ਰਾਏ ਨੂੰ ਮਹੱਤਵ ਦੇਣਾ ਅਤੇ ਨਵੀਆਂ ਤਕਨੀਕਾਂ ਨੂੰ ਅਪਣਾਉਣਾ ਇਹ ਦਰਸਾਉਂਦਾ ਹੈ ਕਿ ਪੰਜਾਬ ਸਿੱਖਿਆ ਦੇ ਖੇਤਰ ਵਿੱਚ ਇੱਕ ਨਵਾਂ ਮਾਪਦੰਡ ਸਥਾਪਿਤ ਕਰਨ ਵੱਲ ਵਧ ਰਿਹਾ ਹੈ। ਇਸ ਮੌਕੇ ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ, ਵਿਧਾਇਕ ਨਰਿੰਦਰ ਕੌਰ ਭਰਾਜ, ਡਾਇਰੈਕਟਰ ਸਕੂਲ ਸਿੱਖਿਆ ਸੈਕੰਡਰੀ ਸਕੱਤਰ ਸਿੰਘ ਬੱਲ, ਸਮੇਤ ਵੱਖ ਵੱਖ ਵਿਭਾਗਾਂ ਦੇ ਅਧਿਕਾਰੀ ਅਤੇ ਵੱਡੀ ਗਿਣਤੀ ਵਿੱਚ ਵਿਦਿਆਰਥੀ ਤੇ ਅਧਿਆਪਕ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਸਰਪੰਚਾਂ ਨੂੰ ਦਿੱਤੀ ਗਈ 10 ਲੱਖ ਤੱਕ

# ਕੰਮ ਕਰਵਾਉਣ ਦੀ ਸੀਮਾ ਤੁਰੰਤ ਖਤਮ ਕੀਤੀ ਜਾਵੇ : ਸਰਪੰਚ ਲਵਜੀਤ ਸਿੰਘ ਬੱਬੀ ਹੋਤੀਪੁਰ



**ਮੂਨਕ ( ਰਣਜੀਤ ਸਿੰਘ ਪੇਧਨੀ )**-ਪੰਜਾਬ ਸਰਕਾਰ ਵੱਲੋਂ ਪਿੰਡਾਂ ਦੇ ਵਿਕਾਸ ਕੰਮਾਂ 'ਤੇ ਲਾਈ ਗਈ 10 ਲੱਖ ਰੁਪਏ ਦੀ ਵਿੱਤੀ ਸੀਮਾ ਅਤੇ ਠੇਕੇਦਾਰੀ ਪ੍ਰਥਾ ਨੂੰ ਖਤਮ ਕਰਨ ਦੀ ਮੰਗ ਨੂੰ ਲੈ ਕੇ ਅੱਜ ਬਲਾਕ ਅਨਦਾਣਾ ਐਟ ਮੂਨਕ ਵਿਖੇ ਪੰਚਾਇਤ ਯੂਨੀਅਨ ਬਲਾਕ ਮੂਣਕ ਦੀ ਵਿਸ਼ੇਸ਼ ਮੀਟਿੰਗ ਹੋਈ। ਮੀਟਿੰਗ ਦੀ ਪ੍ਰਧਾਨਗੀ ਸਰਪੰਚ ਸ. ਲਵਜੀਤ ਸਿੰਘ ਬੱਬੀ, ਹੋਤੀਪੁਰ ਨੇ ਕੀਤੀ। ਇਸ ਮੌਕੇ ਬਲਾਕ ਦੇ ਦਰਜਨਾਂ ਪਿੰਡਾਂ ਦੇ ਸਰਪੰਚ ਤੇ ਪੰਚ ਸਾਹਿਬਾਨ ਹਾਜ਼ਰ ਸਨ। ਮੀਟਿੰਗ 'ਚ ਸਰਬਸੰਮਤੀ ਨਾਲ ਪਾਸ ਕੀਤੇ ਮਤੇ ਰਾਹੀਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਗਈ ਕਿ ਸਰਪੰਚਾਂ ਨੂੰ ਦਿੱਤੀ ਗਈ 10 ਲੱਖ ਤੱਕ ਕੰਮ ਕਰਵਾਉਣ ਦੀ ਸੀਮਾ ਤੁਰੰਤ ਖਤਮ ਕੀਤੀ ਜਾਵੇ। ਜੇਕਰ ਸਰਪੰਚਾਂ ਨੂੰ ਪੂਰੇ ਵਿੱਤੀ ਅਧਿਕਾਰ ਦਿੱਤੇ ਜਾਣ ਤਾਂ ਪਿੰਡਾਂ ਦਾ ਵਿਕਾਸ ਬਿਨਾਂ ਦੇਰੀ ਤੋਂ ਹੋ ਸਕਦਾ ਹੈ। ਇਸਦੇ ਨਾਲ ਹੀ ਸਰਪੰਚਾਂ ਨੇ ਪਿੰਡਾਂ ਦੇ ਵਿਕਾਸ ਕੰਮਾਂ 'ਚੋਂ ਠੇਕੇਦਾਰੀ ਪ੍ਰਥਾ ਨੂੰ ਪੂਰੀ ਤਰ੍ਹਾਂ ਖਤਮ ਕਰਨ ਦੀ ਮੰਗ ਵੀ ਕੀਤੀ। ਉਹਨਾਂ ਦਾ ਕਹਿਣਾ ਸੀ ਕਿ ਠੇਕੇਦਾਰੀ ਸਿਸਟਮ ਕਾਰਨ ਪੈਸੇ ਦੀ ਬਰਬਾਦੀ ਹੁੰਦੀ ਹੈ ਅਤੇ ਕੰਮ ਦੀ ਗੁਣਵੱਤਾ ਮਾੜੀ ਹੁੰਦੀ ਹੈ। ਜੇਕਰ ਕੰਮ ਪੰਚਾਇਤ ਆਪਣੇ ਪੱਧਰ 'ਤੇ ਕਰਵਾਏ ਤਾਂ ਪੈਸੇ ਦੀ ਬੱਚਤ ਦੇ ਨਾਲ-ਨਾਲ ਵਧੀਆ ਕੰਮ ਹੋਵੇਗਾ। ਪਿੰਡ ਦੇ ਸਰਪੰਚ ਅਤੇ ਸੈਕਟਰੀ ਨੂੰ ਪੰਜਾਹ ਹਜ਼ਾਰ ਤੱਕ ਚੈੱਕ ਕੱਟਣ ਦੀ ਪ੍ਰਵਾਨਗੀ ਦਿੱਤੀ ਜਾਵੇ। ਮੀਟਿੰਗ 'ਚ ਫੈਸਲਾ ਲਿਆ ਗਿਆ ਕਿ ਇਸ ਮੰਗ ਸਬੰਧੀ ਮਾਨਯੋਗ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਜੀ ਅਤੇ ਸ੍ਰੀ ਬਰਿੰਦਰ ਕੁਮਾਰ ਗੋਇਲ ਜੀ ਨਾਲ ਵਫ਼ਦ ਰਾਹੀਂ ਮੁਲਾਕਾਤ ਕਰਕੇ ਮੰਗ ਪੱਤਰ ਸੌਂਪਿਆ ਜਾਵੇਗਾ। ਸਰਪੰਚਾਂ ਨੇ ਕਿਹਾ ਕਿ ਜੇਕਰ ਸਰਕਾਰ ਸੱਚਮੁੱਚ ਪੰਚਾਇਤੀ ਰਾਜ ਨੂੰ ਮਜ਼ਬੂਤ ਕਰਨਾ ਚਾਹੁੰਦੀ ਹੈ, ਤਾਂ ਸਭ ਤੋਂ ਪਹਿਲਾਂ ਸਰਪੰਚਾਂ ਨੂੰ ਵਿੱਤੀ ਤੌਰ 'ਤੇ ਅਧਿਕਾਰ ਦੇਣੇ ਪੈਣਗੇ। ਇਸ ਮੰਗ ਦੇ ਮੰਨਣ ਨਾਲ ਸਾਰੇ ਪੰਜਾਬ ਦੇ ਸਰਪੰਚਾਂ ਦਾ ਸਰਕਾਰ ਨੂੰ ਬਹੁਤ ਵੱਡੇ ਪੱਧਰ ਫ਼ਾਇਦਾ ਵੀ ਹੋਏਗਾ ਅਤੇ ਪਿੰਡਾਂ ਅਤੇ ਲੋਕਾਂ ਵਿੱਚ ਜ਼ਮੀਨੀ ਪੱਧਰ ਤੇ ਆਪਣੇ ਟੀਚੇ ਨੂੰ ਹਾਸਲ ਕਰਨ ਵਿੱਚ ਕਾਮਯਾਬ ਹੋਵੇਗੀ "ਜਦੋਂ ਤੱਕ ਪਿੰਡ ਮਜ਼ਬੂਤ ਨਹੀਂ, ਪੰਜਾਬ ਮਜ਼ਬੂਤ ਨਹੀਂ।" ਇਸ ਮੋਕੇ ਤੇਸਰਪੰਚ ਹਰਭਜਨ ਸਿੰਘ ਨਵਾਂਗਾਓ, ਸਰਪੰਚ ਹਰੀਸ਼ ਸਿੰਘ ਮਕੋਰੜ ਸਾਹਿਬ, ਸਰਪੰਚ ਰਾਜ ਸਿੰਘ ਗੇਹਲਾ , ਸਰਪੰਚ ਦਰਸ਼ਨ ਚਾਂਦੂ, ਸਰਪਚ ਜਸਪਾਲ ਦੇਹਲਾ, ਸਰਪੰਚ ਜਗਸੀਰ ਸਿੰਘ ਖੋਖਰ , ਸਰਪੰਚ ਸੰਦੀਪ ਕੋਰ ਮਹਾਂਸਿਘ ਵਾਲਾ , ਕੁਲਵਿੰਦਰ ਸਿੰਘ ਪਾਪੜਾ, ਅੰਗਰੇਜ ਸਿੰਘ ਸ਼ਾਹਪੁਰਥੇੜੀ ,ਮਨਪ੍ਰੀਤ ਸਿੰਘ ਰਾਜਲਹੇੜੀ ,ਸੁਖਵੀਰ ਸਿੰਘ ਰਾਮਪੁਰਾ ਗੁੱਜਰਾਂ,ਸਤਵੀਰ ਸਿੰਘ ਕੁਦਨੀ ,ਸਰਪੰਚ ਮਲਕੀਤ ਕੋਰ ਹਾਂਡਾ, ਧਰਮਿੰਦਰ ਸਿੰਘ ਗਨੋਟਾ, ਸਾਤਿਗੁਰ ਸਿੰਘ ਮਨਿਆਣਾ,ਗੁਰਮੀਤ ਸਿੰਘ ਗਿੱਲ , ਸਰਪੰਚ ਠਸਕਾ, ਸਰਪੰਚ ਸਲੇਮਗੜ , ਸਰਪੰਚ ਸਾਰਜ ਕੜੈਲ, ਸਰਪੰਚ ਬੂਟਾ ਸਿੰਘ , ਸਰਪੰਚ ਦਾਰਾ ਬੰਗਾ , ਸ਼ੀਸ਼ਪਾਲ ਮਾਲਿਕ , ਸਰਪੰਚ ਰੁਪਿੰਦਰ ਸ਼ੇਰਗੜ , ਸਰਪੰਚ ਹਰਦੀਪ ਭੂੰਦਰਭੈਣੀ , ਰਾਜਵੀਰ ਸੁਰਜਨਭੈਣੀ, ਸਰਪੰਚ ਹਰਪਾਲ ਸਿੰਘ ਮਡਵੀਂ ਖੁਰਦ , ਗੀਸ਼ੀਪਾਲ ਗੁਲਾੜੀ, ਬਿੰਦਰ ਬੋਪੁਰ, ਸਰਪੰਚ ਹਰਬੰਸ ਸਿੰਘ ਹਮੀਰਗੜ੍ਹ, ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਮਜਾਕ ਮਜ਼ਾਕ ਚ ਤੇਜਧਾਰ ਉਸਤਰੇ ਨਾਲ ਹਮਲਾ ਕਰਨ ਨਾਲ ਵਿਅਕਤੀ ਹੋਇਆ ਗੰਭੀਰ ਰੂਪ ਚ ਜਖਮੀ , ਦੁਕਾਨ ਮਾਲਕ ਨੇ ਜਖਮੀ ਵਿਅਕਤੀ ਨੂੰ ਹਸਪਤਾਲ ਕਰਾਇਆ ਦਾਖਲ

**ਜੰਡਿਆਲਾ ਗੁਰੂ 3 ਜੁਲਾਈ ( ਕੁਲਵੰਤ ਸਿੰਘ ਵਿਰਦੀ )**-ਜੰਡਿਆਲਾ ਗੁਰੂ ਵਿੱਚ ਦੋ ਨਾਬਾਲਿਗ ਲੜਕਿਆਂ ਦੀ ਲੜਾਈ ਵਿਚ ਇਕ ਲੜਕੇ ਵਲੋ ਤੇਜ਼ਧਾਰ ਉਸਤਰੇ ਨਾਲ ਦੂਸਰੇ ਲੜਕੇ ਨੂੰ ਗੰਭੀਰ ਜਖਮੀ ਕਰਨ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਜੰਡਿਆਲਾ ਗੁਰੂ ਪ੍ਰਾਈਵੇਟ ਹਸਪਤਾਲ ਵਿਚ ਜੇਰੇ ਇਲਾਜ ਜਖਮੀ ਕ੍ਰਿਸ਼ਨਾ ਉਮਰ ਕਰੀਬ 15 ਸਾਲ ਵਾਸੀ ਮੁਹੱਲਾ ਠਠਿਆਰਾਂ ਨੇ ਦੱਸਿਆ ਕਿ ਬੀਤੇ ਦਿਨੀਂ ਉਹ ਸ਼ਾਮ ਕਰੀਬ ਸਾਢੇ ਪੰਜ ਵਜੇ ਜੋਤੀਸਰ ਆਪਣੇ ਗੋਦਾਮ ਵਿੱਚ ਕੰਮ ਕਰ ਰਿਹਾ ਸੀ ਉਸ ਨੂੰ ਜਦੋਂ ਪਿਆਸ ਲੱਗੀ ਤਾਂ ਉਹ ਆਪਣੇ ਕੋਲ ਹੀ ਸਥਿਤ ਹੈਪੀ ਹੇਅਰ ਕਟਿੰਗ ਦੀ ਦੁਕਾਨ



ਆਵਾਜ਼ਿ ਕੌਮ AWAZE QAUM International Newspaper & WEB TV

ਵਿੱਚ ਪਾਣੀ ਪੀਣ ਲਈ ਗਿਆ ਤਾਂ ਉਥੇ ਕੰਮ ਕਰਨ ਵਾਲੇ ਇੱਕ ਜੱਗੀ ਨਾਮ ਦੇ ਲੜਕੇ ਨੇ ਉਸ ਨਾਲ ਮਜਾਕ ਕੀਤਾ। ਪਰ ਜਦੋਂ ਉਸਨੇ ਜਵਾਬੀ ਮਜਾਕ ਕੀਤਾ ਤਾਂ ਜਗੀ ਨੇ ਉਸ ਉਪਰ ਤੇਜਧਾਰ ਉਸਤਰੇ ਨਾਲ ਹਮਲਾ ਕਰਨਾ ਸ਼ੁਰੂ ਕਰ ਦਿੱਤਾ ਅਤੇ ਉਹ ਜਖਮੀ ਹਾਲਤ ਵਿੱਚ ਜਮੀਨ ਤੇ ਡਿੱਗ ਪਿਆ । ਉਸਦੀ ਦੁਕਾਨ ਮਾਲਕ ਨੇ ਉਸ ਨੂੰ ਚੁੱਕਕੇ ਨਜਦੀਕ ਹੀ ਹਸਪਤਾਲ ਪਹੁੰਚਾਇਆ ਜਿੱਥੇ ਉਸਨੂੰ ਪੇਟ ਬਾਂਹ ਲੱਤ ਆਦਿ ਤੇ 35 ਤੋਂ 40 ਟਾਂਗੇ ਲੱਗੇ। ਜਿਸ ਤੋਂ ਬਾਅਦ ਪੁਲਿਸ ਸਟੇਸ਼ਨ ਨੂੰ ਸੂਚਿਤ ਕੀਤਾ ਗਿਆ । ਏ ਐਸ ਆਈ ਸਬ ਇੰਸਪੈਕਟਰ ਗੁਰਪਾਲ ਸਿੰਘ ਨੇ ਦੱਸਿਆ ਇਸ ਸਮੇਂ ਦੋਸ਼ੀ ਘਰੋਂ ਫਰਾਰ ਹੈ ਅਤੇ ਜੋ ਵੀ ਕਾਨੂੰਨ ਅਨੁਸਾਰ ਕਾਰਵਾਈ ਬਣਦੀ ਹੈ ਉਹ ਕੀਤੀ ਜਾਵੇਗੀ।

# ਮਾਪਿਆਂ ਦੇ ਇਕਲੌਤੇ ਨੌਜਵਾਨ ਪੁੱਤਰ ਦੀ ਜਰਮਨੀ ਵਿਚ ਮੌਤ, ਕੇਂਦਰ ਸਰਕਾਰ ਕੋਲੋ ਲਾਸ਼ ਵਾਪਿਸ ਲਿਆਉਣ ਦੀ ਕੀਤੀ ਮੰਗ





**ਜੰਡਿਆਲਾ ਗੁਰੂ 3 ਜੁਲਾਈ ( ਕੁਲਵੰਤ ਸਿੰਘ ਵਿਰਦੀ )**-ਇਕਲੌਤੇ ਪੁੱਤਰ ਦੀ ਮੌਤ ਪੂਰੇ ਪਰਿਵਾਰ ਨੂੰ ਝੰਜੋੜ ਕੇ ਰੱਖ ਦਿੰਦੀ ਹੈ । ਮਾਪਿਆਂ ਦਾ ਲਾਡਲਾ ਅਤੇ ਇਕੋ ਇਕ ਭੈਣ ਦਾ ਛੋਟਾ ਵੀਰ ਜਦੋਂ ਇਸ ਸੰਸਾਰ ਤੋਂ ਚਲੇ ਜਾਂਦਾ ਹੈ ਤਾਂ ਉਸ ਪਰਿਵਾਰ ਵਿਚ ਕਾਲੇ ਬੱਦਲਾਂ ਦਾ ਹਨੇਰਾ ਛਾ ਜਾਂਦਾ ਹੈ , ਇਕ ਭੈਣ ਦਾ ਆਪਣੇ ਭਰਾ ਨੂੰ ਸਿਹਰਾ ਬੰਨ੍ਹਣ ਅਤੇ ਮਾਂ ਦਾ ਪਾਣੀ ਵਾਰਕੇ ਨਵੀਂ ਨੂੰਹ ਨੂੰ ਘਰ ਲਿਆਉਣ ਦਾ ਸੁਪਨਾ ਚਕਨਾਚੂਰ ਹੋ ਜਾਂਦਾ ਹੈ । ਮਿਲੀ ਜਾਣਕਾਰੀ ਅਨੁਸਾਰ ਨੌਜਵਾਨ ਹਰਸ਼ਪ੍ਰੀਤ ਸਿੰਘ ਢਿੱਲੋ ਪਿੰਡ ਬੁੱਢਾ ਥੇ ਹਲਕਾ ਬਾਬਾ ਬਕਾਲਾ ਉਮਰ ਕਰੀਬ 17 ਸਾਲ ਦਸਵੀਂ ਪਾਸ ਬੜੇ ਚਾਵਾਂ ਨਾਲ ਵਿਦੇਸ਼ ਪੁਰਤਗਾਲ ਰਹਿੰਦੇ ਆਪਣੇ ਪਿਤਾ ਕੁਲਦੀਪ ਸਿੰਘ ਢਿੱਲੋ ਕੋਲ ਕਰੀਬ ਇਕ ਸਾਲ ਪਹਿਲਾਂ ਗਿਆ ਸੀ । ਪਿਤਾ ਕੁਲਦੀਪ ਸਿੰਘ ਢਿੱਲੋ ਵੀ ਕਰੀਬ 7 ਸਾਲ ਤੋਂ ਪੁਰਤਗਾਲ ਕਾਰੋਬਾਰ ਦੇ ਸਿਲਸਿਲੇ ਵਿਚ ਗਿਆ ਹੋਇਆ ਸੀ । 30 ਜੂਨ ਸ਼ਾਮ ਨੂੰ ਹਰਸ਼ ਢਿੱਲੋ ਆਪਣੇ ਦੋਸਤਾਂ ਨਾਲ ਪੁਰਤਗਾਲ ਤੋਂ ਜਰਮਨੀ ਝੀਲ ਤੇ ਘੁੰਮਣ ਗਿਆ ਤਾਂ ਦਸਿਆ ਜਾਂਦਾ ਹੈ ਓਥੇ ਉਸਦੀ ਨਹਾਉਂਦੇ ਸਮੇਂ ਝੀਲ ਵਿਚ ਡੁੱਬਕੇ ਮੌਤ ਹੋ ਗਈ । ਹਰਸ਼ ਦੇ ਦੋਸਤਾਂ ਅਤੇ ਉਥੋਂ ਦੀਆਂ ਬਚਾਅ ਕਾਰਜ ਟੀਮਾਂ ਨੇ ਕਾਫੀ ਮਿਹਨਤ ਮਗਰੋਂ ਹਰਸ਼ ਢਿੱਲੋ ਦੀ ਮਿਰਤਕ ਦੇਹ ਬਾਹਰ ਕੱਢੀ । ਹਲਕਾ ਬਾਬਾ ਬਕਾਲਾ ਸਾਹਿਬ ਓਹਨਾਂ ਦੇ ਪਿੰਡ ਖ਼ਬਰ ਪਹੁੰਚਣ ਤੇ ਪੂਰੇ ਪਿੰਡ ਅਤੇ ਪਰਿਵਾਰ ਵਿਚ ਮਾਤਮ ਦਾ ਮਾਹੌਲ ਛਾ ਗਿਆ । ਰੋਂਦੀ ਵਿਲਕਦੀ ਮਾਂ ਅਤੇ ਇਕਲੌਤੀ ਭੈਣ ਸਮੇਤ ਸਮੂਹ ਸਾਕ ਸਬੰਧੀ ਰਿਸ਼ਤੇਦਾਰਾਂ ਨੇ ਪੰਜਾਬ ਸਰਕਾਰ ਦੇ ਨਾਲ ਨਾਲ ਕੇਂਦਰ ਸਰਕਾਰ ਅਤੇ ਹੋਰ ਸਮਾਜ ਸੇਵੀ ਜਥੇਬੰਦੀਆਂ ਨੂੰ ਬੇਨਤੀ ਕੀਤੀ ਹੈ ਕਿ ਕਿਰਪਾ ਕਰਕੇ ਸਾਡੇ ਬੇਟੇ ਮਿਰਤਕ ਹਰਸ਼ਪ੍ਰੀਤ ਸਿੰਘ ਦੀ ਲਾਸ਼ ਵਾਪਿਸ ਭਾਰਤ ਓਹਨਾਂ ਦੇ ਜੱਦੀ ਪਿੰਡ ਬੁੱਢਾ ਥੇ ਹਲਕਾ ਬਾਬਾ ਬਕਾਲਾ ਸਾਹਿਬ ਜ਼ਿਲ੍ਹਾ ਅੰਮ੍ਰਿਤਸਰ ਭੇਜੀ ਜਾਵੇ ਤਾਂ ਜ਼ੋ ਪਰਿਵਾਰ ਪੂਰੇ ਸਨਮਾਨ ਅਤੇ ਗੀਤੀ ਰਿਵਾਜਾਂ ਨਾਲ ਉਸਦੀਆਂ ਅੰਤਿਮ ਰਸਮਾਂ ਪੂਰੀਆਂ ਕਰ ਸਕਣ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਪਾਕਿਸਤਾਨ ਵੱਲੋਂ 125 ਸਾਲ ਪੁਰਾਣੇ ਗੁਰਦੁਆਰੇ ਦੀ ਮੁਰੰਮਤ ਦੇ ਐਲਾਨ ਦਾ SFJ ਨੇ ਕੀਤਾ ਸਵਾਗਤ

# ਖਾਲਿਸਤਾਨ ਬਣਨ ਤੋਂ ਬਾਅਦ ਬਾਬਰੀ ਮਸਜਿਦ ਮੁੜ ਉਸਾਰੀ ਜਾਵੇਗੀ : ਪੰਨੂ



**ਲੰਡਨ/ਨਿਊਯਾਰਕ (ਸਰਬਜੀਤ ਸਿੰਘ ਬਨੂੜ)**- ਖਾਲਿਸਤਾਨ ਪੱਖੀ ਸਿੱਖ ਜਥੇਬੰਦੀ ਸਿੱਖਸ ਫ਼ਾਰ ਜਸਟਿਸ (SFJ) ਨੇ ਪਾਕਿਸਤਾਨ ਸਰਕਾਰ ਵੱਲੋਂ 125 ਸਾਲ ਪੁਰਾਣੇ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਸਾਹਿਬ ਦੀ ਮੁਰੰਮਤ ਕਰਵਾਉਣ ਦੇ ਐਲਾਨ ਦਾ ਸਵਾਗਤ ਕੀਤਾ ਹੈ। ਇਸ ਮੌਕੇ ਜਥੇਬੰਦੀ ਦੇ ਜਨਰਲ ਕੌਂਸਲ ਗੁਰਪਤਵੰਤ ਸਿੰਘ ਪੰਨੂੰ ਨੇ ਭਾਰਤ ਸਰਕਾਰ ਦੀ ਆਲੋਚਨਾ ਕਰਦਿਆਂ ਕਿਹਾ ਕਿ ਇੱਕ ਪਾਸੇ ਪਾਕਿਸਤਾਨ ਇਤਿਹਾਸਕ ਗੁਰਦੁਆਰੇ ਦੀ ਮੁਰੰਮਤ ਕਰਵਾ ਰਿਹਾ ਹੈ, ਜਦਕਿ ਦੂਜੇ ਪਾਸੇ ਮੋਦੀ ਸਰਕਾਰ ਸਿੱਖਾਂ ਦੇ ਇਤਿਹਾਸਕ ਸਥਾਨਾਂ ਨੂੰ ਢਾਹੁਣ ਅਤੇ ਗਲਤ ਜਾਣਕਾਰੀ ਫੈਲਾਉਣ ਦਾ ਕੰਮ ਕਰ ਰਹੀ ਹੈ। ਉਨ੍ਹਾਂ ਦਾਅਵਾ ਕੀਤਾ ਕਿ ਭਵਿੱਖ ਵਿੱਚ ਜੇ ਖਾਲਿਸਤਾਨ ਬਣਦਾ ਹੈ ਤਾਂ ਅਯੋਧਿਆ ਵਿੱਚ ਬਾਬਰੀ ਮਸਜਿਦ ਨੂੰ ਮੁੜ ਉਸਾਰਿਆ ਜਾਵੇਗਾ। ਪੰਨੂ ਨੇ ਇਹ ਵੀ ਦੋਸ਼ ਲਗਾਇਆ ਕਿ ਭਾਜਪਾ ਦੇ ਸ਼ਾਸਨ ਦੌਰਾਨ ਕਈ ਇਤਿਹਾਸਕ ਗੁਰਦੁਆਰਿਆਂ ਅਤੇ ਹੋਰ ਧਾਰਮਿਕ ਸਥਾਨਾਂ ਨੂੰ ਨੁਕਸਾਨ ਪਹੁੰਚਾਇਆ ਗਿਆ ਹੈ। SFJ ਵੱਲੋਂ ਜਾਰੀ ਬਿਆਨ ਅਨੁਸਾਰ, ਪਾਕਿਸਤਾਨ ਦੇ ਵਿਦੇਸ਼ ਮੰਤਰਾਲੇ ਦੇ ਬੁਲਾਰੇ ਰਾਜਦੂਤ ਤਾਹਿਰ ਅੰਦਰਾਬੀ ਨੇ ਕਿਹਾ ਕਿ 125 ਸਾਲ ਪੁਰਾਣੇ ਗੁਰਦੁਆਰਾ ਸਾਹਿਬ ਨੂੰ ਨਾ ਤਾਂ ਕਿਸੇ ਭੀੜ ਨੇ ਨੁਕਸਾਨ ਪਹੁੰਚਾਇਆ ਅਤੇ ਨਾ ਹੀ ਇਹ ਕਿਸੇ ਸਰਕਾਰੀ ਕਾਰਵਾਈ ਦਾ ਨਤੀਜਾ ਸੀ। ਉਨ੍ਹਾਂ ਦੇ ਅਨੁਸਾਰ ਇਹ ਨੁਕਸਾਨ ਇੱਕ ਵਿਅਕਤੀ ਵੱਲੋਂ ਕੀਤਾ ਗਿਆ ਸੀ ਅਤੇ ਇਸ ਦੀ ਮੁਰੰਮਤ ਇਵੈਕਿਊਈ ਟਰੱਸਟ ਪ੍ਰਾਪਰਟੀ ਬੋਰਡ (ETPB) ਵੱਲੋਂ ਕਰਵਾਈ ਜਾਵੇਗੀ। SFJ ਨੇ ਇਹ ਦੋਸ਼ ਵੀ ਲਗਾਇਆ ਕਿ 4 ਜੁਲਾਈ 1955 ਨੂੰ ਸ੍ਰੀ ਦਰਬਾਰ ਸਾਹਿਬ 'ਤੇ ਹੋਈ ਭਾਰਤੀ ਫੌਜੀ ਕਾਰਵਾਈ ਜਨ ਸੰਘ-ਆਰਐਸਐਸ ਦੇ ਪ੍ਰਭਾਵ ਹੇਠ ਕੀਤੀ ਗਈ ਸੀ। ਇਸ ਤੋਂ ਇਲਾਵਾ ਜਥੇਬੰਦੀ ਨੇ ਦਾਅਵਾ ਕੀਤਾ ਕਿ ਗੁਰੂ ਨਾਨਕ ਸਾਹਿਬ ਗੁਰਦੁਆਰਾ, ਮੰਗੂ ਮੱਠ, ਡੋਂਗਮਾਰ ਸਾਹਿਬ ਅਤੇ ਗਿਆਨ ਗੋਦੜੀ ਸਾਹਿਬ ਸਮੇਤ ਕਈ ਇਤਿਹਾਸਕ ਗੁਰਦੁਆਰਿਆਂ ਨੂੰ ਨੁਕਸਾਨ ਪਹੁੰਚਾਇਆ ਗਿਆ। ਉੱਧਰ ਭਾਰਤ ਦੇ ਵਿਦੇਸ਼ ਮੰਤਰਾਲੇ ਨੇ ਪਾਕਿਸਤਾਨ ਵਿੱਚ 125 ਸਾਲ ਪੁਰਾਣੇ ਗੁਰਦੁਆਰੇ ਨੂੰ ਨੁਕਸਾਨ ਪਹੁੰਚਣ ਦੀ ਘਟਨਾ ਦੀ ਨਿੰਦਾ ਕਰਦਿਆਂ ਇਸ ਨੂੰ "ਨਿਸ਼ਾਨਾ ਬਣਾ ਕੇ ਕੀਤੀ ਗਈ ਤੋੜ-ਫੋੜ" ਕਰਾਰ ਦਿੱਤਾ ਹੈ। ਭਾਰਤ ਨੇ ਪਾਕਿਸਤਾਨ ਤੋਂ ਦੋਸ਼ੀਆਂ ਖ਼ਿਲਾਫ਼ ਸਖ਼ਤ ਕਾਰਵਾਈ ਕਰਨ ਅਤੇ ਗੁਰਦੁਆਰੇ ਦੀ ਬਹਾਲੀ ਯਕੀਨੀ ਬਣਾਉਣ ਦੀ ਮੰਗ ਵੀ ਕੀਤੀ ਹੈ।

### ਖੇਤੀਬਾੜੀ ਵਿਭਾਗ ਵੱਲੋਂ ਪਿੰਡ ਕੌਰੇਆਣਾ ਵਿਖੇ ਆਤਮਾ ਸਕੀਮ ਅਧੀਨ

# ਖੇਤ ਬਚਾਓ ਅਭਿਆਨ ਤਹਿਤ ਲਗਾਈ ਇਕ ਰੋਜ਼ਾ ਫਾਰਮਰ ਟਰੇਨਿੰਗ



**ਤਲਵੰਡੀ ਸਾਬੋ, 3 ਜੁਲਾਈ (ਗੁਰਜੰਟ ਸਿੰਘ ਨਥੇਹਾ)**- ਮੁੱਖ ਖੇਤੀਬਾੜੀ ਅਫ਼ਸਰ ਬਠਿੰਡਾ ਡਾ. ਹਰਪ੍ਰੀਤਪਾਲ ਕੌਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅਤੇ ਪ੍ਰੋਜੈਕਟ ਡਾਇਰੈਕਟਰ ਆਤਮਾ ਡਾ. ਤੇਜਦੀਪ ਕੌਰ ਅਤੇ ਬਲਾਕ ਖੇਤੀਬਾੜੀ ਅਫ਼ਸਰ ਡਾ. ਮਨੋਜ ਕੁਮਾਰ ਤਲਵੰਡੀ ਸਾਬੋ ਦੀ ਰਹਿਨੁਮਾਈ ਹੇਠ ਬਲਾਕ ਤਲਵੰਡੀ ਸਾਬੋ ਦੇ ਪਿੰਡ ਕੋਰੇਆਣਾ ਵਿਖੇ ਆਤਮਾ ਸਕੀਮ ਅਧੀਨ ਖੇਤ ਬਚਾਓ ਅਭਿਆਨ ਤਹਿਤ ਝੋਨੇ ਦੀ ਸਿੱਧੀ ਬਿਜਾਈ, ਦਾਲਾਂ ਅਤੇ ਤੇਲ ਬੀਜ ਫ਼ਸਲਾਂ ਦੇ ਸੰਬੰਧ ਵਿੱਚ ਇਕ ਰੋਜ਼ਾ ਫਾਰਮਰ ਟਰੇਨਿੰਗ ਲਗਾਈ ਗਈ। ਟਰੇਨਿੰਗ ਦੀ ਸ਼ੁਰੂਆਤ ਵਿੱਚ ਡਾ. ਜਰਾ ਸਿੰਘ ਬਲਾਕ ਤਕਨੀਕੀ ਮੈਨੇਜਰ ਆਤਮਾ ਵੱਲੋਂ ਪਹੁੰਚੇ ਕਿਸਾਨਾਂ ਦਾ ਸਵਾਗਤ ਕੀਤਾ ਗਿਆ ਅਤੇ ਟਰੇਨਿੰਗ ਦੇ ਵਿਸ਼ੇ ਬਾਰੇ ਅਤੇ ਆਤਮਾ ਸਕੀਮ ਅਧੀਨ ਚੱਲ ਰਹੀਆਂ ਗਤੀਵਿਧੀਆਂ ਸਬੰਧੀ ਸੰਖੇਪ ਵਿੱਚ ਜਾਣਕਾਰੀ ਦਿੱਤੀ ਗਈ। ਇਸ ਕਲਾਸ ਵਿੱਚ ਡਾ. ਗੁਰਕੰਵਲ ਸਿੰਘ ਬਰਾੜ ਖੇਤੀਬਾੜੀ ਵਿਕਾਸ ਅਫਸਰ ਪੀ.ਪੀ. ਵੱਲੋ ਝੋਨੇ ਦੀ ਸਿੱਧੀ ਬਿਜਾਈ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ। ਉਨ੍ਹਾਂ ਦੱਸਿਆ ਕਿ ਸਿੱਧੀ ਬਿਜਾਈ ਕਰਨ ਨਾਲ ਪਾਣੀ ਦੀ ਬਹੁਤ ਬੱਚਤ ਹੁੰਦੀ ਹੈ ਅਤੇ ਧਰਤੀ ਹੇਠਲਾ ਪਾਣੀ ਦਾ ਪੱਧਰ ਵੀ ਜਿਆਦਾ ਪ੍ਰਭਾਵਿਤ ਨਹੀ ਹੁੰਦਾ। ਡਾ. ਬਰਾੜ ਨੇ ਕਿਸਾਨਾਂ ਨੂੰ ਸਿੱਧੀ ਬਿਜਾਈ ਕਰਨ ਵਾਲੇ ਕਿਸਾਨਾਂ ਨੂੰ ਸਰਕਾਰ ਵਲੋ ਦਿੱਤੀ ਜਾ ਰਹੀ 1500/- ਰੁਪਏ ਦੀ ਪ੍ਰੋਤਸਾਹਨ ਰਾਸ਼ੀ ਸਬੰਧੀ ਵੀ ਜਾਣੂ ਕਰਵਾਇਆ ਗਿਆ। ਉਹਨਾਂ ਵੱਲੋਂ ਕਿਸਾਨਾਂ ਨੂੰ ਫਾਰਮਰ ਆਈ ਡੀ ਬਣਾਉਣ ਲਈ ਵੀ ਪ੍ਰੇਰਿਤ ਕੀਤਾ। ਟਰੇਨਿੰਗ ਵਿਚ ਮੌਜੂਦ ਡਾ. ਸੰਦੀਪ ਸਿੰਘ ਖੇਤੀਬਾੜੀ ਵਿਕਾਸ ਅਫ਼ਸਰ ਜਿਲਾ-ਕਮ ਵਲੋਂ ਕਿਸਾਨਾਂ ਨੂੰ ਦਾਲਾ ਅਤੇ ਤੇਲ ਬੀਜ ਫ਼ਸਲਾਂ ਦੀ ਕਾਸ਼ਤ ਕਰਨ ਸਬੰਧੀ ਪ੍ਰੇਰਿਤ ਕਰਦੇ ਹੋਏ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ ਗਈ। ਉਨਾਂ ਕਿਸਾਨਾਂ ਨੂੰ ਘਰੇਲੂ ਵਰਤੋਂ ਅਤੇ ਵਪਾਰਿਕ ਪੱਧਰ ਉਪਰ ਇੰਨਾਂ ਫਸਲਾਂ ਦੀ ਖੇਤੀ ਕਰਨ ਲਈ ਪ੍ਰੇਰਿਤ ਕੀਤਾ ਗਿਆ। ਡਾ. ਸੰਦੀਪ ਸਿੰਘ ਵੱਲੋਂ ਕਿਸਾਨਾਂ ਨੂੰ ਸਾਉਣੀ ਦੀਆਂ ਫਸਲਾਂ ਝੋਨੇ ਅਤੇ ਨਰਮੇ ਸਬੰਧੀ ਵੀ ਤਕਨੀਕੀ ਜਾਣਕਾਰੀ ਮੁਹਈਆ ਕਰਵਾਈ ਗਈ। ਟਰੇਨਿੰਗ ਵਿਚ ਮੌਜੂਦ ਸ਼੍ਰੀ ਜਗਤਾਰ ਸਿੰਘ ਸਹਾਇਕ ਤਕਨੀਕੀ ਮੈਨੇਜਰ ਵਲੋ ਕਿਸਾਨਾਂ ਨੂੰ ਪੀ ਐਮ ਕਿਸਾਨ ਸਨਮਾਨ ਨਿਧੀ ਯੋਜਨਾ ਸਬੰਧੀ ਜਾਣਕਾਰੀ ਦਿੱਤੀ ਅਤੇ ਕਿਸਾਨਾਂ ਦੀ ਕੇ ਵਾਈ ਸੀ ਕੀਤੀ ਗਈ ਅੰਤ ਵਿਚ ਸ਼੍ਰੀ ਲਾਭ ਸਿੰਘ ਸਹਾਇਕ ਤਕਨੀਕੀ ਮੈਨੇਜਰ ਆਤਮਾ ਵਲੋਂ ਕਿਸਾਨਾਂ ਨੂੰ ਵੱਖ-ਵੱਖ ਫ਼ਸਲਾਂ ਉਪਰ ਸਪਰੇਅ ਕਰਨ ਦੀ ਤਕਨੀਕ ਸਬੰਧੀ ਜਾਣੂ ਕਰਵਾਇਆ ਗਿਆ। ਅੰਤ ਵਿਚ ਡਾ. ਜਰਾ ਸਿੰਘ ਬਲਾਕ ਤਕਨੀਕੀ ਮੈਨੇਜਰ ਆਤਮਾ ਵਲੋ ਆਏ ਕਿਸਾਨਾਂ ਨੂੰ ਮਿੱਟੀ ਤੇ ਪਾਣੀ ਪਰਖ਼ ਦੀ ਮਹਤੱਤਾ ਬਾਰੇ ਜਾਣਕਾਰੀ ਦਿੱਤੀ ਗਈ ਅਤੇ ਕਿਸਾਨਾਂ ਦਾ ਧੰਨਵਾਦ ਕੀਤਾ ਗਿਆ। ਇਸ ਟਰੇਨਿੰਗ ਵਿਚ ਖੇਤੀ ਇਨਪੁਟ ਡੀਲਰ ਸ਼੍ਰੀ ਗੁਰਮੀਤ ਸਿੰਘ ਭੁੱਲਰ ਅਤੇ ਹੋਰ ਅਗਾਂਹਵਧੂ ਕਿਸਾਨ ਮੌਜੂਦ ਸਨ।

### ਬਰਤਾਨੀਆ ਦੀ ਸੰਸਦ 'ਚ ਗੂੰਜਿਆ ਸਿੱਖਾਂ ਦੀ ਸੁਰੱਖਿਆ ਦਾ ਮੁੱਦਾ

# ਲਾਰਡ ਕੁਲਦੀਪ ਸਿੰਘ ਸਹੋਤਾ ਨੇ ਨਫ਼ਰਤੀ ਅਪਰਾਧਾਂ 'ਤੇ ਜਤਾਈ ਚਿੰਤਾ, ਸਰਕਾਰ ਨੂੰ ਸਖ਼ਤ ਕਦਮ ਚੁੱਕਣ ਦੀ ਅਪੀਲ



**ਲੰਡਨ, 3 ਜੁਲਾਈ (ਆਵਾਜ਼ਿ ਕੌਮ ਬਿਊਰੋ)**- ਬਰਤਾਨੀਆ ਦੀ ਸੰਸਦ ਦੇ ਉੱਚ ਸਦਨ ਹਾਊਸ ਆਫ਼ ਲਾਰਡਜ਼ ਵਿੱਚ ਸਿੱਖ ਭਾਈਚਾਰੇ ਦੀ ਸੁਰੱਖਿਆ ਅਤੇ ਨਫ਼ਰਤੀ ਅਪਰਾਧਾਂ ਦਾ ਮੁੱਦਾ ਜ਼ੋਰਦਾਰ ਢੰਗ ਨਾਲ ਉਠਾਇਆ ਗਿਆ। ਲਾਰਡ ਕੁਲਦੀਪ ਸਿੰਘ ਸਹੋਤਾ ਨੇ ਸਦਨ ਵਿੱਚ ਬੋਲਦਿਆਂ ਕਿਹਾ ਕਿ ਹਾਲੀਆ ਸਮੇਂ ਦੌਰਾਨ ਪ੍ਰਵਾਸੀ ਭਾਈਚਾਰਿਆਂ, ਖ਼ਾਸ ਕਰਕੇ ਸਿੱਖਾਂ, ਵਿਰੁੱਧ ਨਫ਼ਰਤ ਤੋਂ ਪ੍ਰੇਰਿਤ ਘਟਨਾਵਾਂ ਚਿੰਤਾ ਦਾ ਵਿਸ਼ਾ ਹਨ ਅਤੇ ਅਜਿਹੀਆਂ ਘਟਨਾਵਾਂ ਨੂੰ ਕਿਸੇ ਵੀ ਹਾਲਤ ਵਿੱਚ ਬਰਦਾਸ਼ਤ ਨਹੀਂ ਕੀਤਾ ਜਾਣਾ ਚਾਹੀਦਾ। ਲਾਰਡ ਸਹੋਤਾ ਨੇ ਕਿਹਾ ਕਿ ਬਰਤਾਨੀਆ ਇੱਕ ਬਹੁ-ਸੱਭਿਆਚਾਰਕ ਅਤੇ ਬਹੁ-ਧਾਰਮਿਕ ਦੇਸ਼ ਹੈ, ਜਿੱਥੇ ਹਰ ਨਾਗਰਿਕ ਨੂੰ ਆਪਣੇ ਧਰਮ ਅਤੇ ਪਛਾਣ ਨਾਲ ਸੁਰੱਖਿਅਤ ਜੀਵਨ ਬਤੀਤ ਕਰਨ ਦਾ ਪੂਰਾ ਅਧਿਕਾਰ ਹੈ। ਉਨ੍ਹਾਂ ਕਿਹਾ ਕਿ ਕਿਸੇ ਵੀ ਭਾਈਚਾਰੇ ਨੂੰ ਉਸ ਦੀ ਧਾਰਮਿਕ ਪਛਾਣ ਜਾਂ ਨਸਲੀ ਪਿਛੋਕੜ ਕਾਰਨ ਨਿਸ਼ਾਨਾ ਬਣਾਉਣਾ ਲੋਕਤੰਤਰੀ ਕਦਰਾਂ-ਕੀਮਤਾਂ ਦੇ ਖ਼ਿਲਾਫ਼ ਹੈ। ਉਨ੍ਹਾਂ ਨੇ ਸਰਕਾਰ ਨੂੰ ਅਪੀਲ ਕੀਤੀ ਕਿ ਨਫ਼ਰਤੀ ਅਪਰਾਧਾਂ ਦੀ ਰੋਕਥਾਮ ਲਈ ਮੌਜੂਦਾ ਕਾਨੂੰਨਾਂ ਨੂੰ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕੀਤਾ ਜਾਵੇ, ਦੋਸ਼ੀਆਂ ਖ਼ਿਲਾਫ਼ ਸਖ਼ਤ ਕਾਰਵਾਈ ਯਕੀਨੀ ਬਣਾਈ ਜਾਵੇ ਅਤੇ ਘੱਟ-ਗਿਣਤੀ ਭਾਈਚਾਰਿਆਂ ਦੀ ਸੁਰੱਖਿਆ ਲਈ ਲੋੜੀਂਦੇ ਕਦਮ ਚੁੱਕੇ ਜਾਣ। ਉਨ੍ਹਾਂ ਕਿਹਾ ਕਿ ਸਿੱਖ ਭਾਈਚਾਰੇ ਨੇ ਬਰਤਾਨੀਆ ਦੇ ਆਰਥਿਕ, ਸਮਾਜਿਕ ਅਤੇ ਜਨ-ਜੀਵਨ ਵਿੱਚ ਮਹੱਤਵਪੂਰਨ ਯੋਗਦਾਨ ਪਾਇਆ ਹੈ ਅਤੇ ਉਨ੍ਹਾਂ ਦੀ ਸੁਰੱਖਿਆ ਯਕੀਨੀ ਬਣਾਉਣਾ ਸਰਕਾਰ ਦੀ ਜ਼ਿੰਮੇਵਾਰੀ ਹੈ। ਸੰਸਦ ਵਿੱਚ ਹੋਈ ਇਸ ਚਰਚਾ ਦੌਰਾਨ ਨਫ਼ਰਤੀ ਅਪਰਾਧਾਂ ਦੇ ਵੱਧ ਰਹੇ ਰੁਝਾਨ 'ਤੇ ਵੀ ਚਿੰਤਾ ਪ੍ਰਗਟ ਕੀਤੀ ਗਈ। ਇਸ ਗੱਲ 'ਤੇ ਜ਼ੋਰ ਦਿੱਤਾ ਗਿਆ ਕਿ ਸਮਾਜ ਵਿੱਚ ਆਪਸੀ ਸਾਂਝ, ਧਾਰਮਿਕ ਸਹਿਣਸ਼ੀਲਤਾ ਅਤੇ ਭਾਈਚਾਰਕ ਏਕਤਾ ਨੂੰ ਮਜ਼ਬੂਤ ਕਰਨ ਲਈ ਸਰਕਾਰ, ਕਾਨੂੰਨ ਲਾਗੂ ਕਰਨ ਵਾਲੀਆਂ ਏਜੰਸੀਆਂ ਅਤੇ ਸਮਾਜਿਕ ਸੰਸਥਾਵਾਂ ਨੂੰ ਮਿਲ ਕੇ ਕੰਮ ਕਰਨ ਦੀ ਲੋੜ ਹੈ। ਸਿੱਖ ਭਾਈਚਾਰੇ ਦੀਆਂ ਵੱਖ-ਵੱਖ ਸੰਸਥਾਵਾਂ ਨੇ ਲਾਰਡ ਸਹੋਤਾ ਵੱਲੋਂ ਸੰਸਦ ਵਿੱਚ ਇਹ ਮੁੱਦਾ ਉਠਾਉਣ ਦਾ ਸਵਾਗਤ ਕਰਦਿਆਂ ਉਮੀਦ ਜਤਾਈ ਹੈ ਕਿ ਸਰਕਾਰ ਨਫ਼ਰਤੀ ਅਪਰਾਧਾਂ ਨੂੰ ਰੋਕਣ ਅਤੇ ਘੱਟ-ਗਿਣਤੀ ਭਾਈਚਾਰਿਆਂ ਦੀ ਸੁਰੱਖਿਆ ਨੂੰ ਹੋਰ ਮਜ਼ਬੂਤ ਬਣਾਉਣ ਲਈ ਠੋਸ ਅਤੇ ਪ੍ਰਭਾਵਸ਼ਾਲੀ ਕਦਮ ਚੁੱਕੇਗੀ।

# ਕੇਜਰੀਵਾਲ ਨੇ ਕਿਹਾ ਸੀ ਗੈਰਕਾਨੂੰਨੀ ਰੇਤ ਖਨਨ ਦਾ ਪੈਸਾ "ਉੱਪਰ ਤੱਕ" ਜਾਂਦਾ ਹੈ; ਹੁਣ ਦੱਸਣ ਉਹ ਪੈਸਾ ਕਿਸ-ਕਿਸ ਤੱਕ ਪਹੁੰਚ ਰਿਹਾ ਹੈ ? - ਪ੍ਰੋ. ਸਰਚਾਂਦ ਸਿੰਘ ਖਿਆਲਾ

**☛ ਜੇ 20,000 ਕਰੋੜ ਆਉਣੇ ਸਨ ਤਾਂ ਪੰਜਾਬ ਦੇ ਖ਼ਜ਼ਾਨੇ ਵਿੱਚ 350 ਕਰੋੜ ਵੀ ਕਿਉਂ ਨਹੀਂ ਆਏ ? - ਪ੍ਰੋ. ਸਰਚਾਂਦ ਸਿੰਘ ਖਿਆਲਾ। ☛ 51 ਮਹੀਨਿਆਂ ਤੋਂ ਹਰ ਯੋਗ ਮਹਿਲਾ ਦੇ 51,000 ਬਕਾਇਆ; 89 ਲੱਖ ਤੋਂ ਵੱਧ ਮਹਿਲਾਵਾਂ ਅੱਜ ਵੀ ਕੇਜਰੀਵਾਲ ਦੀ 'ਤੀਜੀ ਗਾਰੰਟੀ' ਤੋਂ ਵਾਂਝੀਆਂ**



**ਅਮ੍ਰਿਤਸਰ , 3 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਭਾਰਤੀ ਜਨਤਾ ਪਾਰਟੀ ਪੰਜਾਬ ਦੇ ਬੁਲਾਰੇ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਭਗਵੰਤ ਮਾਨ 'ਤੇ ਤਿੱਖਾ ਹਮਲਾ ਕਰਦਿਆਂ ਕਿਹਾ ਕਿ ਚੋਣਾਂ ਤੋਂ ਪਹਿਲਾਂ ਅਰਵਿੰਦ ਕੇਜਰੀਵਾਲ ਪੰਜਾਬ ਵਿੱਚ ਗੈਰਕਾਨੂੰਨੀ ਰੇਤ ਖਨਨ ਨੂੰ ਕਾਂਗਰਸ ਸਰਕਾਰ ਦਾ ਸਭ ਤੋਂ ਵੱਡਾ ਘਪਲਾ ਦੱਸਦੇ ਸਨ ਅਤੇ ਦਾਅਵਾ ਕਰਦੇ ਸਨ ਕਿ ਰੇਤ ਖਨਨ ਤੋਂ ਪੰਜਾਬ ਨੂੰ 20,000 ਕਰੋੜ ਦੀ ਆਮਦਨ ਹੋਣੀ ਸੀ, ਜੋ ਇਸ ਦੀ ਕਮਾਈ "ਉੱਪਰ ਤੱਕ" ਪਹੁੰਚਦੀ ਹੈ। ਅੱਜ ਪੰਜਾਬ ਦੀ ਜਨਤਾ ਕੇਜਰੀਵਾਲ ਤੋਂ ਉਹੀ ਸਵਾਲ ਪੁੱਛ ਰਹੀ ਹੈ ਕਿ ਰੇਤ ਖਨਨ ਤੋਂ ਅੱਜ ਪੰਜਾਬ ਦੇ ਖ਼ਜ਼ਾਨੇ ਵਿੱਚ 350 ਕਰੋੜ ਆਇਆ ਮੰਨ ਵੀ ਲਿਆ ਜਾਵੇ ਤਾਂ ਵੀ ਹੁਣ ਬਾਕੀ 19,650 ਕਰੋੜ ਦਾ ਹਿਸਾਬ ਕੌਣ ਦੇਵੇਗਾ ? ਉਹ ਪੈਸਾ ਕਿਸ-ਕਿਸ ਤੱਕ ਪਹੁੰਚ ਰਿਹਾ ਹੈ ? ਪ੍ਰੋ. ਖਿਆਲਾ ਨੇ ਕਿਹਾ ਕਿ 21 ਨਵੰਬਰ 2021 ਨੂੰ ਮੋਗਾ ਵਿੱਚ "ਕੇਜਰੀਵਾਲ ਦੀ ਤੀਜੀ ਗਾਰੰਟੀ" ਦਾ ਐਲਾਨ ਕਰਦਿਆਂ ਅਰਵਿੰਦ ਕੇਜਰੀਵਾਲ ਨੇ ਪੰਜਾਬ ਦੀ 18 ਸਾਲ ਤੋਂ ਵੱਧ ਉਮਰ ਦੀ ਹਰ ਮਹਿਲਾ ਨੂੰ 1,000 ਪ੍ਰਤੀ ਮਹੀਨਾ ਦੇਣ ਦਾ ਵਾਅਦਾ ਕੀਤਾ ਸੀ। ਉਨ੍ਹਾਂ ਨੇ ਖੁਦ ਕਿਹਾ ਸੀ ਕਿ ਇਸ ਯੋਜਨਾ ਲਈ ਲੋੜੀਂਦਾ ਧਨ ਗੈਰਕਾਨੂੰਨੀ ਰੇਤ ਖਨਨ ਨੂੰ ਰੋਕ ਕੇ ਇਕੱਠਾ ਕੀਤਾ ਜਾਵੇਗਾ। ਪਰ ਸਰਕਾਰ ਬਣੇ 51 ਮਹੀਨੇ ਬੀਤ ਜਾਣ ਦੇ ਬਾਵਜੂਦ ਨਾ ਤਾਂ ਮਹਿਲਾਵਾਂ ਨੂੰ ਉਨ੍ਹਾਂ ਦਾ ਵਾਅਦਾ ਕੀਤਾ ਗਿਆ ਹੱਕ ਮਿਲਿਆ ਅਤੇ ਨਾ ਹੀ ਕੇਜਰੀਵਾਲ ਦਾ ਦਾਅਵਾ ਹਕੀਕਤ ਵਿੱਚ ਬਦਲਿਆ। ਪ੍ਰੋ. ਖਿਆਲਾ ਨੇ ਆਮ ਆਦਮੀ ਪਾਰਟੀ 'ਤੇ ਪੰਜਾਬ ਦੀਆਂ ਮਹਿਲਾਵਾਂ ਨਾਲ ਦੋਹਰਾ ਵਿਸ਼ਵਾਸਘਾਤ ਦਾ ਇਲਜਾਮ ਲਾਉਦਿਆਂ ਕਿਹਾ ਕਿ ਇੱਕ ਪਾਸੇ ਹਰ ਯੋਗ ਮਹਿਲਾ ਨੂੰ ?1,000 ਪ੍ਰਤੀ ਮਹੀਨਾ ਦੇਣ ਦੀ ਗਾਰੰਟੀ ਦਿੱਤੀ ਗਈ, ਦੂਜੇ ਪਾਸੇ ਸੱਤਾ ਵਿੱਚ ਆਉਣ ਤੋਂ ਬਾਅਦ ਸ਼ਰਤਾਂ ਅਤੇ ਪਾਬੰਦੀਆਂ ਲਗਾ ਕੇ ਮੂਲ ਵਾਅਦੇ ਨੂੰ ਹੀ ਬਦਲ ਦਿੱਤਾ ਗਿਆ। ਉਨ੍ਹਾਂ ਕਿਹਾ ਕਿ ਕੇਜਰੀਵਾਲ ਦੀ ਗਾਰੰਟੀ ਪੰਜਾਬ ਦੀਆਂ ਲਗਭਗ 1.25 ਕਰੋੜ 18 ਸਾਲ ਤੋਂ ਵੱਧ ਉਮਰ ਦੀਆਂ ਮਹਿਲਾਵਾਂ ਲਈ ਸੀ, ਪਰ ਸਰਕਾਰ ਖੁਦ ਦਾਅਵਾ ਕਰ ਰਹੀ ਹੈ ਕਿ ਕੇਵਲ 36 ਲੱਖ ਮਹਿਲਾਵਾਂ ਨੂੰ ਹੀ ਯੋਜਨਾ ਦਾ ਲਾਭ ਮਿਲਿਆ ਹੈ। ਇਸਦਾ ਸਿੱਧਾ ਅਰਥ ਹੈ ਕਿ 89 ਲੱਖ ਤੋਂ ਵੱਧ ਮਹਿਲਾਵਾਂ ਅੱਜ ਵੀ ਕੇਜਰੀਵਾਲ ਦੀ ਗਾਰੰਟੀ ਤੋਂ ਵਾਂਝੀਆਂ ਹਨ। ਸਰਕਾਰ ਬਣਨ ਤੋਂ ਬਾਅਦ ਦੇ 51 ਮਹੀਨਿਆਂ ਦਾ ਹਿਸਾਬ ਲਗਾਇਆ ਜਾਵੇ ਤਾਂ ਹਰ ਯੋਗ ਮਹਿਲਾ ਦੇ 51,000 ਬਕਾਇਆ ਬਣਦੇ ਹਨ। ਪ੍ਰੋ. ਖਿਆਲਾ ਨੇ ਕਿਹਾ ਕਿ ਮੋਗਾ ਦੀ ਰੈਲੀ ਵਿੱਚ ਅਰਵਿੰਦ ਕੇਜਰੀਵਾਲ ਨੇ ਦਾਅਵਾ ਕੀਤਾ ਸੀ, "ਜੋ ਕੇਜਰੀਵਾਲ ਕਹਿੰਦੇ ਹਨ, ਉਹ ਕਰਕੇ ਵਿਖਾਉਂਦੇ ਹਨ।" ਪਰ ਅੱਜ ਪੰਜਾਬ ਦੀਆਂ ਮਹਿਲਾਵਾਂ ਪੁੱਛ ਰਹੀਆਂ ਹਨ ਕਿ ਉਹ ਗਾਰੰਟੀ ਕਿੱਥੇ ਗਈ ? ਨਾ ਗੈਰਕਾਨੂੰਨੀ ਰੇਤ ਖਨਨ ਰੁਕਿਆ, ਨਾ ?20,000 ਕਰੋੜ ਦੀ ਆਮਦਨ ਹੋਈ ਅਤੇ ਨਾ ਹੀ ਮਹਿਲਾਵਾਂ ਦੇ ਖਾਤਿਆਂ ਵਿੱਚ ਵਾਅਦਾ ਕੀਤੀ ਗਈ ਰਕਮ ਪਹੁੰਚੀ। ਪ੍ਰੋ. ਖਿਆਲਾ ਨੇ ਮੰਗ ਕੀਤੀ ਕਿ ਭਗਵੰਤ ਮਾਨ ਸਰਕਾਰ ਤੁਰੰਤ ਹਰ ਯੋਗ ਮਹਿਲਾ ਦੇ ਖਾਤੇ ਵਿੱਚ 51 ਮਹੀਨਿਆਂ ਦਾ 51,000 ਬਕਾਇਆ ਜਾਰੀ ਕਰੇ। ਇਸਦੇ ਨਾਲ ਹੀ ਪੰਜਾਬ ਦੀ ਜਨਤਾ ਸਾਹਮਣੇ ਇਹ ਵੀ ਸਪੱਸ਼ਟ ਕੀਤਾ ਜਾਵੇ ਕਿ ਗੈਰਕਾਨੂੰਨੀ ਰੇਤ ਖਨਨ ਤੋਂ ?20,000 ਕਰੋੜ ਦੀ ਆਮਦਨ ਦਾ ਕੀਤਾ ਗਿਆ ਦਾਅਵਾ ਕਿਉਂ ਪੂਰਾ ਨਹੀਂ ਹੋਇਆ ਅਤੇ ਇਸ ਪੂਰੇ ਮਾਮਲੇ ਦੀ ਅਸਲ ਸੱਚਾਈ ਕੀ ਹੈ।

# ਪੰਜਾਬ ਸਰਕਾਰ ਪ੍ਰਾਪਰਟੀ ਡੀਲਰ ਬਣਕੇ ਮੁਨਾਫਾ ਕਮਾਉਣ ਦੀ ਬਜਾਏ ਪੰਜਾਬ ਦੀ ਉੱਨਤੀ ਲਈ ਕੰਮ ਕਰੇ- ਸ. ਛੋਟੇਪੁਰ. ਸ ਧਾਂਦਰਾ



**ਚੰਡੀਗੜ੍ਹ-: 3 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਪੁਨਰ-ਸੁਰਜੀਤ ਦੇ ਸੀਨੀਅਰ ਮੀਤ ਪ੍ਰਧਾਨ ਸ ਸੁੱਚਾ ਸਿੰਘ ਛੋਟੇਪੁਰ ਅਤੇ ਜਰਨਲ ਸਕੱਤਰ ਸ ਭਰਪੂਰ ਸਿੰਘ ਧਾਂਦਰਾ ਨੇ ਇਕ ਲਿਖਤੀ ਪ੍ਰੈੱਸ ਬਿਆਨ ਰਾਹੀਂ ਸਰਕਾਰ ਦੀ ਨਵੀਂ ਲੈਂਡ ਪੂਲਿੰਗ ਪਾਲਿਸੀ ਤੇ ਟਿੱਪਣੀ ਕਰਦਿਆਂ ਕਿਹਾ ਕਿ ਸਰਕਾਰ ਨੂੰ ਪ੍ਰਾਪਰਟੀ ਡੀਲਰਾਂ ਵਾਂਗ ਆਪਣੇ ਮੁਨਾਫੇ ਬਾਰੇ ਸੋਚਣ ਦੀ ਬਜਾਏ ਪੰਜਾਬ ਦੀ ਉੱਨਤੀ ਲਈ ਕੰਮ ਕਰਨਾ ਚਾਹੀਦਾ ਹੈ। ਉਹਨਾਂ ਕਿਹਾ ਕਿ ਪੰਜਾਬ ਦੀ ਆਬਾਦੀ ਦੀ ਵਾਧਾ ਦਰ ਏਨੀ ਨਹੀਂ, ਜਿਸਦੀ ਵੱਸੋਂ ਲਈ ਨਵੀਆਂ ਕਾਲੋਨੀਆਂ ਵਸਾਉਣ ਦੀ ਜਰੂਰਤ ਹੋਵੇ। ਜਿਸ ਲਈ ਸਰਕਾਰ ਨੂੰ ਕਿਸਾਨਾਂ ਤੋਂ ਵਾਹੀਯੋਗ ਜਮੀਨ ਖੋਹ ਕੇ ਕੰਕਰੀਟ ਦੇ ਜੰਗਲ ਉਸਾਰਨ ਦੀ ਕੋਈ ਲੋੜ ਨਹੀਂ। ਪੰਜਾਬ ਖੇਤੀ ਪ੍ਰਧਾਨ ਸੂਬਾ ਹੈ ਅਤੇ ਇਸਨੂੰ ਖੇਤੀ ਆਧਾਰਿਤ ਉਦਯੋਗਾਂ ਦੀ ਸਖਤ ਜਰੂਰਤ ਹੈ। ਜਿਸ ਨਾਲ ਪੰਜਾਬ ਦੀ ਆਰਥਿਕਤਾ ਤਾਂ ਮਜ਼ਬੂਤ ਹੋਵੇਗੀ ਹੀ, ਸਗੋਂ ਰੁਜ਼ਗਾਰ ਦੇ ਮੌਕੇ ਵੀ ਵਧਣਗੇ। ਜੇ ਲੋਕਾਂ ਕੋਲ ਵਧੀਆ ਆਰਥਿਕ ਸਾਧਨ ਹੋਣ ਤਾਂ ਉਹ ਆਪਣੇ ਰਹਿਣ ਦਾ ਇੰਤਜ਼ਾਮ ਖੁਦ ਵਧੀਆ ਤਰੀਕੇ ਨਾਲ ਕਰ ਲੈਂਦੇ ਹਨ। ਇਸ ਲਈ ਸਰਕਾਰ ਨੂੰ ਲੋਕਾਂ ਦੀ ਵਾਹੀਯੋਗ ਜਮੀਨ ਹੜੱਪਕੇ ਡਿਵੈਲਪਮੈਂਟ ਦੇ ਨਾਂ 'ਤੇ ਵੱਧ ਭਾਅ ਤੇ ਮੁਨਾਫਾਖੋਰੀ ਨਹੀਂ ਕਰਨੀ ਚਾਹੀਦੀ। ਸਰਕਾਰਾਂ ਦਾ ਕੰਮ ਲੋਕਾਂ ਲਈ ਰੁਜ਼ਗਾਰ ਦੇ ਪੱਕੇ ਸਾਧਨ ਪੈਦਾ ਕਰਨਾ ਹੁੰਦਾ ਹੈ, ਨਾ ਕਿ ਲਾਲਚ ਦੇ ਕੇ ਉਹਨਾਂ ਦੀਆਂ ਜਮੀਨਾਂ ਹੜੱਪਣਾ ਅਤੇ ਉਹਨਾਂ ਨੂੰ ਮੰਦਹਾਲੀ ਵੱਲ ਧੱਕਣਾ।

ਦੋਹਾਂ ਆਗੂਆਂ ਨੇ ਕਿਹਾ ਕਿ ਬੇਢੰਗੇ ਤਰੀਕੇ ਨਾਲ ਵਧਾਏ ਜਾ ਰਹੇ ਸ਼ਹਿਰਾਂ ਵਿੱਚ ਪਹਿਲਾਂ ਹੀ ਸਹੂਲਤਾਂ ਪੱਖੋਂ ਲੋਕਾਂ ਵਿੱਚ ਹਾਹਾਕਾਰ ਮੱਚੀ ਹੋਈ ਹੈ। ਪੀਣ ਵਾਲੇ ਪਾਣੀ, ਸੀਵਰੇਜ ਅਤੇ ਬਿਜਲੀ ਸਪਲਾਈ ਦਾ ਏਨਾ ਬੁਰਾ ਹਾਲ ਹੈ ਕਿ ਲੋਕ ਮਹਿੰਗੇ ਮਕਾਨ ਖਰੀਦ ਕੇ ਵੀ ਨਰਕ ਵਰਗੀ ਜਿੰਦਗੀ ਜੀ ਰਹੇ ਹਨ। ਫਿਰ ਕਿਸਾਨਾਂ ਦੀਆਂ ਇਹ ਜਮੀਨਾਂ ਖੋਹ ਕੇ ਸਰਕਾਰ ਕਿਹੜੇ ਸਵਰਗ ਦੀ ਉਸਾਰੀ ਕਰਨਾ ਚਾਹੁੰਦੀ ਹੈ ? ਸਰਕਾਰ ਵਿੱਚ ਵਿਚਰ ਰਹੇ ਸਾਰੇ ਲੋਕ ਪੰਜਾਬ ਦੇ ਹੀ ਪੁਤਰ ਹਨ, ਇਸ ਲਈ ਉਹਨਾਂ ਨੂੰ ਭੂਮੀ ਮਾਫੀਆ ਦੇ ਸੰਦ ਬਣਨ ਦੀ ਬਜਾਏ ਲੋਕਾਂ ਦੀ ਗੱਲ ਕਰਨੀ ਚਾਹੀਦੀ ਹੈ। ਸ ਛੋਟੇਪੁਰ ਅਤੇ ਸ ਧਾਂਦਰਾ ਨੇ ਨਵੀਂ ਜਮੀਨ ਨੀਤੀ ਨੂੰ ਰੱਦ ਕਰਕੇ ਤੁਰੰਤ ਵਾਪਸ ਲੈਣ ਦੀ ਮੰਗ ਕੀਤੀ। ਪ੍ਰੈੱਸ ਨੂੰ ਇਹ ਬਿਆਨ ਮੀਡੀਆ ਇੰਚਾਰਜ ਸ ਤੇਜਿੰਦਰ ਸਿੰਘ ਪੰਨੂੰ ਨੇ ਜਾਰੀ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243







### ਕਿਸਾਨਾਂ ਨੂੰ ਨਿਰਵਿਘਨ ਬਿਜਲੀ ਸਪਲਾਈ ਯਕੀਨੀ ਬਣਾਉਣ ਲਈ

# ਸਰਕਾਰ ਪੂਰੀ ਤਰ੍ਹਾਂ ਵਚਨਬੱਧ: ਗੁਰਮੀਤ ਸਿੰਘ ਖੁੱਡੀਆਂ





**ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਕੈਬਨਿਟ ਮੰਤਰੀ ਸ. ਗੁਰਮੀਤ ਸਿੰਘ ਖੁੱਡੀਆਂ ਅੱਜ ਜ਼ਿਲ੍ਹਾ ਪ੍ਰੀਸ਼ਦ ਦਫ਼ਤਰ ਸੰਗਰੂਰ ਪੁੱਜੇ, ਜਿੱਥੇ ਜ਼ਿਲ੍ਹਾ ਪ੍ਰੀਸ਼ਦ ਦੇ ਚੇਅਰਮੈਨ ਸ. ਰਛਪਾਲ ਸਿੰਘ ਭੁੱਲਰ, ਬਲਾਕ ਸੰਮਤੀਆਂ ਦੇ ਚੇਅਰਮੈਨਾਂ, ਜ਼ਿਲ੍ਹਾ ਪ੍ਰੀਸ਼ਦ ਮੈਂਬਰਾਂ, ਸਰਪੰਚਾਂ ਅਤੇ ਹੋਰ ਆਗੂਆਂ ਵੱਲੋਂ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ ਗਿਆ। ਇਸ ਮੌਕੇ ਕੈਬਨਿਟ ਮੰਤਰੀ ਨੇ ਕਿਹਾ ਕਿ ਕੁਝ ਦਿਨ ਪਹਿਲਾਂ ਚੇਅਰਮੈਨ ਰਛਪਾਲ ਸਿੰਘ ਭੁੱਲਰ ਨੇ ਉਨ੍ਹਾਂ ਨੂੰ ਜ਼ਿਲ੍ਹਾ ਪ੍ਰੀਸ਼ਦ ਦਫ਼ਤਰ ਆ ਕੇ ਸਮੂਹ ਮੈਂਬਰਾਂ ਨਾਲ ਮੁਲਾਕਾਤ ਕਰਨ ਦਾ ਸੱਦਾ ਦਿੱਤਾ ਸੀ। ਉਸੇ ਸੱਦੇ ਨੂੰ ਸਵੀਕਾਰ ਕਰਦਿਆਂ ਉਹ ਅੱਜ ਸਾਰੇ ਨੁਮਾਇੰਦਿਆਂ ਨਾਲ ਰੂਬਰੂ ਹੋਏ ਅਤੇ ਪੰਜਾਬ ਸਰਕਾਰ ਵੱਲੋਂ ਕੀਤੇ ਜਾ ਰਹੇ ਲੋਕ ਭਲਾਈ ਕਾਰਜਾਂ, ਪੇਂਡੂ ਵਿਕਾਸ ਅਤੇ ਭਵਿੱਖ ਦੀਆਂ ਯੋਜਨਾਵਾਂ ਬਾਰੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ। ਪੱਤਰਕਾਰਾਂ ਵੱਲੋਂ ਪੁੱਛੇ ਸਵਾਲ ਦਾ ਜਵਾਬ ਦਿੰਦਿਆਂ ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਪੰਜਾਬ ਸਰਕਾਰ ਕਿਸਾਨਾਂ ਨੂੰ ਨਿਰਵਿਘਨ ਬਿਜਲੀ ਮੁਹੱਈਆ ਕਰਵਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਪਿਛਲੇ ਚਾਰ ਸਾਲਾਂ ਦੌਰਾਨ ਕਿਸਾਨਾਂ ਨੂੰ ਬਿਜਲੀ ਦੇ ਮਾਮਲੇ ਵਿੱਚ ਕੋਈ ਦਿੱਕਤ ਨਹੀਂ ਆਉਣ ਦਿੱਤੀ ਗਈ ਅਤੇ ਇਸ ਵਾਰ ਵੀ ਸਰਕਾਰ ਨੇ ਪੂਰੇ ਪ੍ਰਬੰਧ ਕੀਤੇ ਹਨ। ਜਿੱਥੇ ਕਿਤੇ ਤਕਨੀਕੀ ਖਰਾਬੀ ਆਈ ਹੈ, ਉੱਥੇ ਵਿਭਾਗ ਦੀਆਂ ਟੀਮਾਂ ਤੁਰੰਤ ਮੁਰੰਮਤ ਕਰਕੇ ਸਪਲਾਈ ਬਹਾਲ ਕਰਨ ਵਿੱਚ ਜੁਟੀਆਂ ਹੋਈਆਂ ਹਨ। ਉਨ੍ਹਾਂ ਭਰੋਸਾ ਦਿੱਤਾ ਕਿ ਸਰਕਾਰ ਹਰ ਸਮੱਸਿਆ ਦਾ ਹੱਲ ਕਰ ਰਹੀ ਹੈ ਅਤੇ ਕਿਸਾਨਾਂ ਦੇ ਹਿੱਤਾਂ ਦੀ ਰਾਖੀ ਲਈ ਹਰ ਸੰਭਵ ਕਦਮ ਚੁੱਕੇ ਜਾ ਰਹੇ ਹਨ। ਕੈਬਨਿਟ ਮੰਤਰੀ ਨੇ ਕਿਹਾ ਕਿ ਖੇਤੀਬਾੜੀ ਪੰਜਾਬ ਦੀ ਆਰਥਿਕਤਾ ਦੀ ਰੀੜ੍ਹ ਦੀ ਹੱਡੀ ਹੈ ਅਤੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਕਿਸਾਨਾਂ ਦੀ ਹਰ ਲੋੜ ਅਤੇ ਸਮੱਸਿਆ ਪ੍ਰਤੀ ਗੰਭੀਰ ਹੈ। ਇਸ ਮੌਕੇ ਚੇਅਰਮੈਨ ਸ. ਰਛਪਾਲ ਸਿੰਘ ਭੁੱਲਰ ਨੇ ਕੈਬਨਿਟ ਮੰਤਰੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਦੀ ਇਸ ਫੇਰੀ ਨਾਲ ਜ਼ਿਲ੍ਹਾ ਪ੍ਰੀਸ਼ਦ ਦੇ ਚੁਣੇ ਹੋਏ ਨੁਮਾਇੰਦਿਆਂ ਨੂੰ ਸਰਕਾਰ ਦੀਆਂ ਨੀਤੀਆਂ ਅਤੇ ਵਿਕਾਸ ਯੋਜਨਾਵਾਂ ਬਾਰੇ ਸਿੱਧੀ ਜਾਣਕਾਰੀ ਪ੍ਰਾਪਤ ਹੋਈ ਹੈ। ਇਸ ਮੌਕੇ ਚੇਅਰਮੈਨ ਬਲਾਕ ਸੰਮਤੀ ਧੂਰੀ ਰਣਜੋਧ ਸਿੰਘ, ਹਰਜਿੰਦਰ ਸਿੰਘ ਕਾਂਝਲਾ ਮੈਂਬਰ ਜ਼ਿਲ੍ਹਾ ਪ੍ਰੀਸ਼ਦ, ਗਗਨ ਜਵੰਧਾ ਸਮੇਤ ਹੋਰ ਆਗੂ ਹਾਜ਼ਰ ਸਨ।

## ਬਲਾਕ ਧੂਰੀ ਦੇ ਪਿੰਡਾਂ ਵਿੱਚ ਸੀਐਮ ਦੀ ਯੋਗਸ਼ਾਲਾ ਨੂੰ ਮਿਲ ਰਿਹੈ ਭਰਵਾਂ ਹੁੰਗਾਰਾ, ਲੋਕ ਸਿਹਤਮੰਦ ਜੀਵਨ ਸ਼ੈਲੀ ਅਪਨਾ ਕੇ ਯੋਗ ਨਾਲ ਜੋੜ ਰਹੇ ਨੇ ਆਪਣਾ ਰਿਸ਼ਤਾ



ਧੂਰੀ ( ਰਣਜੀਤ ਸਿੰਘ ਪੇਧਨੀ )- ਪੰਜਾਬ ਸਰਕਾਰ ਦੀ ਲੋਕ ਭਲਾਈ ਪਹਿਲ "ਸੀਐਮ ਦੀ ਯੋਗਸ਼ਾਲਾ" ਨੂੰ ਬਲਾਕ ਧੂਰੀ ਦੇ ਵੱਖ-ਵੱਖ ਪਿੰਡਾਂ ਵਿੱਚ ਭਰਵਾਂ ਹੁੰਗਾਰਾ ਮਿਲ ਰਿਹਾ ਹੈ। ਹਰ ਰੋਜ਼ ਸਵੇਰ ਦੇ ਸਮੇਂ ਵੱਡੀ ਗਿਣਤੀ ਵਿੱਚ ਨੌਜਵਾਨ, ਮਹਿਲਾਵਾਂ, ਬਜ਼ੁਰਗ ਅਤੇ ਹੋਰ ਲੋਕ ਯੋਗ ਕਲਾਸਾਂ ਵਿੱਚ ਸ਼ਮੂਲੀਅਤ ਕਰਕੇ ਸਿਹਤਮੰਦ ਜੀਵਨ ਵੱਲ ਕਦਮ ਵਧਾ ਰਹੇ ਹਨ। ਇਹ ਜਾਣਕਾਰੀ ਸਾਂਝੀ ਕਰਦਿਆਂ ਸੀਐਮ ਦੀ ਯੋਗਸ਼ਾਲਾ ਦੇ ਜ਼ਿਲ੍ਹਾ ਕੋਆਰਡੀਨੇਟਰ ਸ੍ਰ. ਲਵਪ੍ਰੀਤ ਸਿੰਘ ਨੇ ਦੱਸਿਆ ਕਿ ਯੋਗ ਇੰਸਟ੍ਰਕਟਰਾਂ ਵੱਲੋਂ ਲੋਕਾਂ ਨੂੰ ਯੋਗ ਦੇ ਸਰੀਰਕ ਅਤੇ ਮਾਨਸਿਕ ਲਾਭਾਂ ਬਾਰੇ ਜਾਗਰੂਕ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਨਿਯਮਤ ਯੋਗ ਅਭਿਆਸ ਨਾਲ ਲੋਕਾਂ ਦੀ ਸਿਹਤ ਵਿੱਚ ਸਕਾਰਾਤਮਕ ਬਦਲਾਅ ਆ ਰਹੇ ਹਨ ਅਤੇ ਉਹ ਸਿਹਤਮੰਦ ਜੀਵਨ ਸ਼ੈਲੀ ਅਪਣਾਉਣ ਲਈ ਪ੍ਰੇਰਿਤ ਹੋ ਰਹੇ ਹਨ। ਯੋਗ ਕਲਾਸਾਂ ਵਿੱਚ ਸ਼ਮੂਲੀਅਤ ਕਰਨ ਵਾਲੇ ਪਿੰਡ ਵਾਸੀਆਂ ਨੇ ਦੱਸਿਆ ਕਿ ਸੀਐਮ ਦੀ ਯੋਗਸ਼ਾਲਾ ਨਾਲ ਜੁੜਨ ਤੋਂ ਬਾਅਦ ਉਨ੍ਹਾਂ ਦੀ ਸਰੀਰਕ ਅਤੇ ਮਾਨਸਿਕ ਸਿਹਤ ਵਿੱਚ ਕਾਫ਼ੀ ਸੁਧਾਰ ਆਇਆ ਹੈ। ਉਨ੍ਹਾਂ ਪੰਜਾਬ ਸਰਕਾਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਅਜਿਹੀਆਂ ਲੋਕ ਭਲਾਈ ਪਹਿਲਕਦਮੀਆਂ ਨਾਲ ਲੋਕਾਂ ਵਿੱਚ ਸਿਹਤ ਪ੍ਰਤੀ ਜਾਗਰੂਕਤਾ ਵਧ ਰਹੀ ਹੈ ਅਤੇ ਯੋਗ ਨੂੰ ਰੋਜ਼ਾਨਾ ਜੀਵਨ ਦਾ ਹਿੱਸਾ ਬਣਾਉਣ ਲਈ ਉਤਸ਼ਾਹ ਮਿਲ ਰਿਹਾ ਹੈ। ਜ਼ਿਲ੍ਹਾ ਕੋਆਰਡੀਨੇਟਰ ਸ੍ਰ. ਲਵਪ੍ਰੀਤ ਸਿੰਘ ਨੇ ਦੱਸਿਆ ਕਿ ਜੇਕਰ ਕੋਈ ਵੀ ਆਪਣੇ ਪਿੰਡ ਜਾਂ ਮਹੱਲੇ ਵਿੱਚ ਸੀਐਮ ਦੀ ਯੋਗਸ਼ਾਲਾ ਤਹਿਤ ਮੁਫ਼ਤ ਯੋਗਾ ਕਲਾਸ ਸ਼ੁਰੂ ਕਰਵਾਉਣਾ ਚਾਹੁੰਦਾ ਹੈ ਤਾਂ ਉਹ 78888-40198 'ਤੇ ਸੰਪਰਕ ਕਰ ਸਕਦਾ ਹੈ।

# ਦਿੱਲੀ ਦੇ ਗੁਰਦੁਆਰਾ ਸਾਹਿਬਾਂ ਦੇ ਬਾਹਰ ਲਗਣਗੇ ਭਗਵੰਤ ਮਾਨ ਬਾਈਕਾਟ ਦੇ ਬੋਰਡ, ਸਰਨਾ ਨੇ ਛੇੜੀ ਮੁਹਿੰਮ,

ਦਿੱਲੀ ਦੇ ਗੁਰਦੁਆਰਾ ਸਾਹਿਬਾਂ ਦੇ ਬਾਹਰ ਲਗਣਗੇ ਭਗਵੰਤ ਮਾਨ ਬਾਈਕਾਟ ਦੇ ਬੋਰਡ, ਸਰਨਾ ਨੇ ਛੇੜੀ ਮੁਹਿੰਮ



ਨਵੀਂ ਦਿੱਲੀ, 3 ਜੁਲਾਈ (ਮਨਪ੍ਰੀਤ ਸਿੰਘ ਖਾਲਸਾ):- ਦਿੱਲੀ ਅਕਾਲੀ ਦਲ ਦੇ ਪ੍ਰਧਾਨ ਸਰਦਾਰ ਪਰਮਜੀਤ ਸਿੰਘ ਸਰਨਾ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਹੁਕਮਾਂ ਦੀ ਪਾਲਣਾ ਯਕੀਨੀ ਬਣਾਉਣ ਲਈ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੇ ਬਾਈਕਾਟ ਸਬੰਧੀ ਦਿੱਲੀ ਭਰ ਦੇ ਗੁਰਦੁਆਰਿਆਂ ਦੇ ਬਾਹਰ ਬੋਰਡ ਲਗਾਉਣ ਦੀ ਮੁਹਿੰਮ ਸ਼ੁਰੂ ਕਰਨ ਦਾ ਐਲਾਨ ਕੀਤਾ ਹੈ। ਸ. ਸਰਨਾ ਨੇ ਕਿਹਾ ਕਿ ਇਸ ਮੁਹਿੰਮ ਦਾ ਉਦੇਸ਼ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਆਦੇਸ਼ਾਂ ਨੂੰ ਸੰਗਤ ਤੱਕ ਪਹੁੰਚਾਉਣਾ ਅਤੇ ਪੰਥਕ ਮਰਯਾਦਾ ਅਨੁਸਾਰ ਉਨ੍ਹਾਂ ਦੀ ਪਾਲਣਾ ਯਕੀਨੀ ਬਣਾਉਣਾ ਹੈ। ਉਨ੍ਹਾਂ ਦੱਸਿਆ ਕਿ ਪਾਰਟੀ ਵਰਕਰ ਦਿੱਲੀ ਦੇ ਵੱਖ-ਵੱਖ ਗੁਰਦੁਆਰਿਆਂ ਦੇ ਬਾਹਰ ਬੋਰਡ ਲਗਾ ਕੇ ਸੰਗਤ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਹੁਕਮਾਂ ਤੋਂ ਜਾਣੂ ਕਰਵਾ ਰਹੇ ਹਨ। ਉਨ੍ਹਾਂ ਦਿੱਲੀ ਦੀਆਂ ਸਮੂਹ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਨੂੰ ਇਸ ਮੁਹਿੰਮ ਵਿੱਚ ਪੂਰਾ ਸਹਿਯੋਗ ਦੇਣ ਦੀ ਅਪੀਲ ਕਰਦਿਆਂ ਕਿਹਾ ਕਿ ਇਹ ਕਿਸੇ ਸਿਆਸੀ ਲਾਭ ਲਈ ਨਹੀਂ, ਸਗੋਂ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਵਉੱਚਤਾ, ਪੰਥਕ ਅਨੁਸ਼ਾਸਨ ਅਤੇ ਧਾਰਮਿਕ ਮਰਯਾਦਾ ਦੀ ਰੱਖਿਆ ਲਈ ਚਲਾਈ ਜਾ ਰਹੀ ਪਹਿਲ ਹੈ। ਸ. ਸਰਨਾ ਨੇ ਕਿਹਾ ਕਿ ਜਦੋਂ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਕੋਈ ਹੁਕਮ ਜਾਰੀ ਹੁੰਦਾ ਹੈ ਤਾਂ ਉਸ ਦੀ ਪਾਲਣਾ ਕਰਨਾ ਹਰ ਸਿੱਖ ਦਾ ਧਾਰਮਿਕ ਫ਼ਰਜ਼ ਬਣ ਜਾਂਦਾ ਹੈ। ਉਨ੍ਹਾਂ ਕਿਹਾ ਕਿ ਅਹੁਦੇ ਅਤੇ ਸਿਆਸੀ ਤਾਕਤਾਂ ਆਉਂਦੀਆਂ-ਜਾਂਦੀਆਂ ਰਹਿੰਦੀਆਂ ਹਨ, ਪਰ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਮਰਯਾਦਾ ਅਤੇ ਸਰਵਉੱਚਤਾ ਨਾਲ ਕੋਈ ਸਮਝੌਤਾ ਨਹੀਂ ਕੀਤਾ ਜਾ ਸਕਦਾ।